**ਸੂਚਨਾ**

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)**
**ਮੋ: 86995-69067**

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch | www.youtube.com/AzadSoch

Postal No. PB/PTA/ (055) 2023-25
R.N.I N O. 61549/92
Website : www.azadsoch.in
Mail Us at :
azadsoach92@gmail.com (ਕੇਵਲ ਖ਼ਬਰਾਂ ਲਈ)
azadsochadvt@gmail.com (ਕੇਵਲ ਇਸ਼ਤਿਹਾਰਾਂ ਲਈ)

ਸੰਗਰੂਰ ਤੋਂ ਪ੍ਰਕਾਸ਼ਿਤ

ਸਾਲ (Year) 35 | ਅੰਕ (Vol. ) 137 | ਮੁੱਲ (Rate ) 01.00 ਰੁਪਏ | Friday 5 June, 2026 | ਸ਼ੁੱਕਰਵਾਰ 5 ਜੂਨ , 2026

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋ ਮਾਜਰਾ ਰੋਡ ਪਟਿਆਲਾ


## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਐਲਾਨ ਤੋਂ 24 ਘੰਟਿਆਂ ਦੇ ਅੰਦਰ, ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲਾਂ ਦੁਆਰਾ ਮਨਮਾਨੇ ਢੰਗ ਨਾਲ ਫੀਸਾਂ ਵਿੱਚ ਵਾਧੇ 'ਤੇ ਰੋਕ ਲਈ ਕਾਨੂੰਨ ਦਾ ਖਰੜਾ ਬਣਾਉਣ ਦੇ ਹੁਕਮ

• ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਕੂਲ ਸਿੱਖਿਆ ਸਕੱਤਰ ਨੂੰ ਲਿਖਿਆ ਪੱਤਰ, ਵਿਭਾਗ ਨੂੰ ਫੀਸ ਢਾਂਚੇ 'ਚ ਸੁਧਾਰਾਤਮਕ ਉਪਾਵਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਦੇ ਦਿੱਤੇ ਨਿਰਦੇਸ਼ • ਭਗਵੰਤ ਮਾਨ ਸਰਕਾਰ 32 ਲੱਖ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਫੀਸਾਂ 'ਚ ਮਨਮਾਨੇ ਵਾਧੇ ਤੋਂ ਬਚਾਉਣ ਲਈ ਵਚਨਬੱਧ: ਹਰਜੋਤ ਸਿੰਘ ਬੈਂਸ • ਜਿਨ੍ਹਾਂ ਸਕੂਲਾਂ ਨੇ ਪਿਛਲੇ 3 ਸਾਲਾਂ ਦੌਰਾਨ 15% ਸੀਮਾ ਤੋਂ ਵੱਧ ਫੀਸਾਂ ਵਧਾਈਆਂ ਹਨ, ਉਨ੍ਹਾਂ ਨੂੰ ਵਿਦਿਆਰਥੀਆਂ ਦੇ ਮਾਪਿਆਂ ਤੋਂ ਲਈ ਵਾਧੂ ਫੀਸਦ ਮੋੜਨੀ ਪਵੇਗੀ: ਹਰਜੋਤ ਸਿੰਘ ਬੈਂਸ • ਪ੍ਰਸਤਾਵਿਤ ਕਾਨੂੰਨ ਤਹਿਤ ਨਿੱਜੀ ਸਕੂਲਾਂ ਨੂੰ ਸਾਲਾਨਾ 5% ਤੋਂ ਵੱਧ ਫੀਸਾਂ ਵਧਾਉਣ ਦੀ ਇਜਾਜ਼ਤ ਨਹੀਂ ਹੋਵੇਗੀ: ਹਰਜੋਤ ਸਿੰਘ ਬੈਂਸ • ਪ੍ਰਾਈਵੇਟ ਸਕੂਲਾਂ ਨੂੰ ਵਿਦਿਆਰਥੀਆਂ ਅਤੇ ਮਾਪਿਆਂ ਪ੍ਰਤੀ ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਕੰਮ ਕਰਨਾ ਚਾਹੀਦੈ: ਹਰਜੋਤ ਸਿੰਘ ਬੈਂਸ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 4 ਜੂਨ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਾਈਵੇਟ ਸਕੂਲਾਂ ਵੱਲੋਂ ਮਨਮਾਨੇ ਢੰਗ ਨਾਲ ਫੀਸਾਂ ਵਿੱਚ ਵਾਧੇ ਨੂੰ ਰੋਕਣ ਲਈ ਵਿਆਪਕ ਸੁਧਾਰਾਂ ਦੇ ਐਲਾਨ ਦੇ 24 ਘੰਟਿਆਂ ਤੋਂ ਵੀ ਘੱਟ ਸਮੇਂ ਅੰਦਰ ਪੰਜਾਬ ਸਰਕਾਰ ਨੇ ਇਸ ਫੈਸਲੇ ਨੂੰ ਕਾਨੂੰਨ 'ਚ ਬਦਲਣ ਲਈ ਤੇਜ਼ੀ ਨਾਲ ਕਦਮ ਚੁੱਕੇ ਹਨ। ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਨੂੰ ਪੱਤਰ ਲਿਖ ਕੇ ਤੁਰੰਤ ਕਾਨੂੰਨ ਦਾ ਖਰੜਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਨੂੰ ਨਿਯਮਤ ਕਰਨ ਦੇ ਨਾਲ-ਨਾਲ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾ ਸਕੇ, ਜਿਸ ਨਾਲ 32 ਲੱਖ ਤੋਂ ਵੱਧ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਨਾਜਾਇਜ਼ ਵਿੱਤੀ ਬੋਝ ਤੋਂ ਨਿਜਾਤ ਮਿਲੇਗੀ।

ਇਹ ਪ੍ਰਸਤਾਵਿਤ ਕਾਨੂੰਨ ਸਾਲਾਨਾ ਫੀਸ ਵਾਧੇ ਨੂੰ 5 ਫੀਸਦ ਤੱਕ ਸੀਮਤ ਕਰੇਗਾ ਅਤੇ ਪਿਛਲੇ ਤਿੰਨ ਸਾਲਾਂ ਵਿੱਚ ਨਿਰਧਾਰਤ 15 ਫੀਸਦ ਸੀਮਾ ਤੋਂ ਵੱਧ ਫੀਸਾਂ ਵਧਾਉਣ ਵਾਲੇ ਸਕੂਲਾਂ ਨੂੰ ਵਿਦਿਆਰਥੀਆਂ ਦੇ ਮਾਪਿਆਂ ਤੋਂ ਲਈ ਗਈ ਵਾਧੂ ਫੀਸ ਵਾਪਸ ਕਰਨੀ ਹੋਵੇਗੀ। ਇਹ ਕਦਮ ਪੰਜਾਬ ਸਰਕਾਰ ਦੁਆਰਾ ਸਿੱਖਿਆ ਖੇਤਰ ਵਿੱਚ ਮੁਨਾਫ਼ਾਖੋਰੀ ਨੂੰ ਰੋਕਣ ਅਤੇ ਇਹ ਯਕੀਨੀ ਬਣਾਉਣ ਲਈ ਇੱਕ ਫੈਸਲਾਕੁੰਨ ਕਦਮ ਹੈ ਕਿ ਪ੍ਰਾਈਵੇਟ ਸਕੂਲ ਵਪਾਰਕ ਲਾਭ ਦੀ ਬਜਾਏ ਵਿਦਿਆਰਥੀਆਂ ਅਤੇ ਮਾਪਿਆਂ ਦੇ ਹਿੱਤ ਲਈ ਕੰਮ ਕਰਨ।

ਆਪਣੇ ਹੁਕਮਾਂ ਵਿੱਚ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਪਹੁੰਚਯੋਗ ਅਤੇ ਕਿਫਾਇਤੀ ਸਿੱਖਿਆ ਪ੍ਰਦਾਨ ਕਰਨਾ ਸਾਡੀ ਸਰਕਾਰ ਦੀਆਂ ਸਭ ਤੋਂ ਵੱਡੀਆਂ ਤਰਜੀਹਾਂ ਵਿੱਚੋਂ ਇੱਕ ਹੈ। ਇਸ ਸਮੇਂ ਪੰਜਾਬ ਭਰ ਦੇ ਲਗਭਗ 7,800 ਪ੍ਰਾਈਵੇਟ ਸਕੂਲਾਂ ਵਿੱਚ 32 ਲੱਖ ਤੋਂ ਵੱਧ ਵਿਦਿਆਰਥੀ ਪੜ੍ਹ ਰਹੇ ਹਨ। ਇਹ ਵਿਦਿਆਰਥੀ ਅਤੇ ਉਨ੍ਹਾਂ ਦੇ ਪਰਿਵਾਰ ਮਨਮਾਨੇ ਢੰਗ ਨਾਲ ਫੀਸਾਂ ਵਿੱਚ ਵਾਧੇ ਵਿਰੁੱਧ ਮਜ਼ਬੂਤ ਸੁਰੱਖਿਆ ਉਪਾਵਾਂ ਅਤੇ ਇਨ੍ਹਾਂ ਸੰਸਥਾਵਾਂ ਦੇ ਕੰਮ ਕਰਨ ਦੇ ਢੰਗ-ਤਰੀਕੇ ਬਾਰੇ ਪੂਰੀ ਪਾਰਦਰਸ਼ਤਾ ਨਾਲ ਜਾਣਨ ਦੇ ਹੱਕਦਾਰ ਹਨ।

ਸਿੱਖਿਆ ਮੰਤਰੀ ਨੇ ਕਿਹਾ ਕਿ ਸਿੱਖਿਆ ਖੇਤਰ ਵਿੱਚ ਮੁਨਾਫ਼ਾਖੋਰੀ ਨੂੰ ਸਖ਼ਤੀ ਨਾਲ ਰੋਕਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਹ ਫੈਸਲਾ ਲਿਆ ਗਿਆ ਹੈ ਕਿ ਨਿੱਜੀ ਸਕੂਲਾਂ ਵੱਲੋਂ ਕੀਤੀ ਜਾ ਰਹੀ ਮੁਨਾਫ਼ਾਖੋਰੀ ਨੂੰ ਸਖ਼ਤੀ ਨਾਲ ਰੋਕਣ ਦੀ ਲੋੜ ਹੈ। ਸਿੱਖਿਆ ਇੱਕ ਨੇਕ ਅਤੇ ਜਨਤਕ ਭਲਾਈ ਦਾ ਕਾਰਜ ਹੈ, ਨਾ ਕਿ ਕੋਈ ਵਪਾਰਕ ਉੱਦਮ, ਜਿਸ ਦਾ ਲਾਭ ਲੈਣ ਲਈ ਇਸਨੂੰ ਆਪਣੇ ਢੰਗ ਨਾਲ ਢਾਲਿਆ ਜਾ ਸਕੇ।

ਸਿੱਖਿਆ ਮੰਤਰੀ ਨੇ ਕਿਹਾ ਇਸ ਸਿਧਾਂਤ ਨੂੰ ਭਾਰਤ ਦੀ ਮਾਣਯੋਗ ਸੁਪਰੀਮ ਕੋਰਟ ਦੁਆਰਾ ਵੀ ਸਮਰਥਨ ਦਿੱਤਾ ਗਿਆ ਹੈ। ਸੁਪਰੀਮ ਕੋਰਟ ਨੇ ਪਹਿਲਾਂ ਵੀ ਕਈ ਵਾਰ ਫੈਸਲਾ ਸੁਣਾਇਆ ਹੈ ਕਿ ਨਿੱਜੀ ਸੰਸਥਾਵਾਂ ਨੂੰ ਵਾਜਬ ਫੀਸ ਲੈਣ ਦਾ ਅਧਿਕਾਰ ਹੈ, ਪਰ ਸਿੱਖਿਆ ਖੇਤਰ ਵਿੱਚ ਵਪਾਰੀਕਰਨ ਅਤੇ ਮੁਨਾਫ਼ਾਖੋਰੀ ਨੂੰ ਮਨਜ਼ੂਰ ਨਹੀਂ ਕੀਤਾ ਜਾਵੇਗਾ।



ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ, "ਸਾਡੇ ਨਾਗਰਿਕਾਂ ਦੇ ਹਿੱਤਾਂ ਦੀ ਰਾਖੀ ਲਈ, ਸਰਕਾਰ ਇੱਕ ਵਿਧਾਨਕ ਢਾਂਚਾ ਪੇਸ਼ ਕਰੇਗੀ ਜਿਸ ਨਾਲ ਨਿੱਜੀ ਸੰਸਥਾਵਾਂ ਦੀ ਜਵਾਬਦੇਹੀ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਮਨਮਾਨੇ ਢੰਗ ਨਾਲ ਫੀਸ ਵਾਧੇ ਨੂੰ ਰੋਕਿਆ ਜਾਵੇਗਾ। ਇਸ ਮਾਮਲੇ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਵਿਭਾਗ ਨੂੰ ਜਲਦ ਤੋਂ ਜਲਦ ਕੈਬਨਿਟ ਦੇ ਵਿਚਾਰ ਲਈ ਇੱਕ ਵਿਆਪਕ ਪ੍ਰਸਤਾਵ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਪ੍ਰਸਤਾਵਿਤ ਕਾਨੂੰਨ ਦੇ ਹਿੱਸੇ ਵਜੋਂ, ਪੰਜਾਬ ਸਰਕਾਰ ਪ੍ਰਾਈਵੇਟ ਸਕੂਲਾਂ ਲਈ ਇੱਕ ਸਖ਼ਤ ਸਾਲਾਨਾ ਫੀਸ ਹੱਦ ਲਾਗੂ ਕਰੇਗੀ। ਇਸ ਨਵੇਂ ਢਾਂਚੇ ਤਹਿਤ ਪ੍ਰਾਈਵੇਟ ਸਕੂਲਾਂ ਨੂੰ ਇੱਕ ਸਾਲ ਵਿੱਚ 5 ਫੀਸਦ ਤੋਂ ਵੱਧ ਫੀਸਾਂ ਵਧਾਉਣ ਦੀ ਇਜਾਜ਼ਤ ਨਹੀਂ ਹੋਵੇਗੀ।

ਇਹ ਕਾਨੂੰਨ ਮਾਪਿਆਂ ਨੂੰ ਪਿਛਲੀ ਤਾਰੀਖ ਤੋਂ ਰਾਹਤ ਵੀ ਪ੍ਰਦਾਨ ਕਰੇਗਾ। ਕੋਈ ਵੀ ਪ੍ਰਾਈਵੇਟ ਸਕੂਲ ਜਿਸਨੇ ਲਗਾਤਾਰ ਪਿਛਲੇ ਤਿੰਨ ਸਾਲਾਂ ਦੌਰਾਨ ਆਪਣੀਆਂ ਫੀਸਾਂ ਵਿੱਚ 15 ਫੀਸਦ ਤੋਂ ਵੱਧ ਵਾਧਾ ਕੀਤਾ ਹੈ, ਉਸਨੂੰ ਕਾਨੂੰਨੀ ਤੌਰ 'ਤੇ ਨਿਰਧਾਰਤ ਸੀਮਾ ਤੋਂ ਵੱਧ ਲਈ ਫੀਸ ਮਾਪਿਆਂ ਨੂੰ ਵਾਪਸ ਕਰਨੀ ਹੋਵੇਗੀ।

ਭਗਵੰਤ ਮਾਨ ਸਰਕਾਰ ਦਾ ਮੰਨਣਾ ਹੈ ਕਿ ਸਿੱਖਿਆ ਹਰ ਬੱਚੇ ਲਈ ਪਹੁੰਚਯੋਗ ਅਤੇ ਕਿਫਾਇਤੀ ਹੋਣੀ ਚਾਹੀਦੀ ਹੈ ਅਤੇ ਮਾਪਿਆਂ 'ਤੇ ਵਾਧੂ ਫੀਸ ਦਾ ਬੋਝ ਨਹੀਂ ਪਾਇਆ ਜਾਣਾ ਚਾਹੀਦਾ। ਇਸ ਪ੍ਰਸਤਾਵਿਤ ਕਾਨੂੰਨ ਨਾਲ ਪੰਜਾਬ ਭਰ ਦੇ ਪ੍ਰਾਈਵੇਟ ਸਕੂਲਾਂ ਲਈ ਇੱਕ ਪਾਰਦਰਸ਼ੀ ਅਤੇ ਜਵਾਬਦੇਹ ਰੈਗੂਲੇਟਰੀ ਢਾਂਚਾ ਸਥਾਪਤ ਹੋਣ ਦੀ ਉਮੀਦ ਹੈ।

**ਕਾਂਗਰਸ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਨੂੰ ਦਿੱਤੀ ਸੀ ਫੀਸਾਂ ਵਧਾਉਣ ਦੀ ਖੁੱਲ੍ਹ** : 2019 ਵਿੱਚ ਕਾਂਗਰਸ ਸਰਕਾਰ ਨੇ ਅਜਿਹੇ ਉਪਬੰਧ ਲਿਆਂਦੇ ਜਿਨ੍ਹਾਂ ਨੇ ਪ੍ਰਾਈਵੇਟ ਸਕੂਲਾਂ ਨੂੰ ਫੀਸਾਂ ਵਧਾਉਣ ਦੀ ਖੁੱਲ੍ਹ ਦਿੱਤੀ। ਸਕੂਲਾਂ ਨੂੰ ਮਹਿਜ਼ ਨੋਟਿਸ ਬੋਰਡਾਂ ਅਤੇ ਵੈੱਬਸਾਈਟਾਂ ਜ਼ਰੀਏ ਸੋਧੀਆਂ ਫੀਸਾਂ ਬਾਰੇ ਜਾਣਕਾਰੀ ਪ੍ਰਦਰਸ਼ਿਤ ਕਰਨ ਤੋਂ ਬਾਅਦ ਫੀਸ ਢਾਂਚੇ ਨੂੰ ਸੋਧਣ ਦੀ ਇਜਾਜ਼ਤ ਦਿੱਤੀ ਗਈ ਸੀ, ਜਿਸ 'ਤੇ ਰੈਗੂਲੇਟਰੀ ਨਿਗਰਾਨੀ ਬਹੁਤ ਘੱਟ ਸੀ। ਇਸ ਨਾਲ ਮਨਮਾਨੇ ਢੰਗ ਨਾਲ ਫੀਸ ਵਧਾਉਣ ਦਾ ਰਾਹ ਖੁੱਲ੍ਹ ਗਿਆ ਅਤੇ ਪੰਜਾਬ ਭਰ ਦੇ ਮਾਪਿਆਂ 'ਤੇ ਵਿੱਤੀ ਬੋਝ ਵਧਦਾ ਗਿਆ।

ਭਗਵੰਤ ਮਾਨ ਸਰਕਾਰ ਵੱਲੋਂ ਲਿਆਂਦੇ ਜਾਣ ਵਾਲੇ ਨਵੇਂ ਕਾਨੂੰਨ ਦਾ ਉਦੇਸ਼ ਇਸ ਪ੍ਰਣਾਲੀ ਨੂੰ ਖਤਮ ਕਰਨਾ, ਨਿੱਜੀ ਸਕੂਲਾਂ ਦੀ ਜਵਾਬਦੇਹੀ ਯਕੀਨੀ ਬਣਾਉਣਾ ਅਤੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਾਧੂ ਫੀਸ ਦੇ ਬੋਝ ਤੋਂ ਬਚਾਉਣਾ ਹੈ।

## ਪੰਜਾਬ ਪੁਲਿਸ ਵੱਲੋਂ ਵੱਡੀ ਅੱਤਵਾਦੀ ਸਾਜਿਸ਼ ਨਾਕਾਮ; ਆਰ.ਡੀ.ਐਕਸ.-ਅਧਾਰਤ ਆਈ.ਈ.ਡੀ. ਸਮੇਤ ਦੋ ਕਾਬੂ

ਚੰਡੀਗੜ੍ਹ, 4 ਜੂਨ (ਆਜ਼ਾਦ ਸੋਚ ਬਿਊਰੋ):ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸਰਹੱਦ ਪਾਰ ਦੇ ਅੱਤਵਾਦੀ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਦਰਜ ਕਰਦਿਆਂ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਐਸਏਐਸ ਨਗਰ ਨੇ ਵਿਦੇਸ਼ੀ ਅੱਤਵਾਦੀ ਹੈਂਡਲਰ ਦੇ ਦੋ ਸਾਥੀਆਂ ਨੂੰ ਲਗਭਗ 2.5 ਕਿਲੋਗ੍ਰਾਮ ਵਜ਼ਨ ਵਾਲੇ ਆਰ.ਡੀ.ਐਕਸ.-ਅਧਾਰਤ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈ.ਈ.ਡੀ.) ਸਮੇਤ ਗ੍ਰਿਫਤਾਰ ਕਰਕੇ ਵੱਡੀ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ ।




ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਗੁੱਜਰਪੁਰਾ ਦੇ ਰਹਿਣ ਵਾਲੇ ਮਨੀ ਸਿੰਘ (32) ਅਤੇ ਅੰਮ੍ਰਿਤਸਰ ਦੇ ਗਿੱਲਵਾਲੀ ਗੇਟ ਦੇ ਰਹਿਣ ਵਾਲੇ ਅਭਿਸ਼ੇਕ ਕੁਮਾਰ (28) ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਕੀਤਾ ਗਿਆ ਆਈ.ਈ.ਡੀ. ਵਿਸਫੋਟ ਕਰਨ ਲਈ ਪੂਰੀ ਤਰ੍ਹਾਂ ਤਿਆਰ ਸੀ । ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੇ ਨਤੀਜੇ ਵਜੋਂ ਐਸਏਐਸ ਨਗਰ ਵਿੱਚ ਜਨਤਕ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਦੇ ਉਦੇਸ਼ ਨਾਲ ਬਣਾਈ ਨਾਪਾਕ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ ਹੈ ਅਤੇ ਲੋਕਾਂ ਦੀ ਸੁਰੱਖਿਆ ਨੂੰ ਦਰਪੇਸ਼ ਸੰਭਾਵੀ ਖ਼ਤਰਾ ਨੂੰ ਟਲ਼ ਗਿਆ ਹੈ ਡੀਜੀਪੀ ਨੇ ਕਿਹਾ ਕਿ ਪੂਰੇ ਅੱਤਵਾਦੀ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਸਾਜ਼ਿਸ਼ ਵਿੱਚ ਸ਼ਾਮਲ ਹੈਂਡਲਰਾਂ, ਕਾਰਕੁੰਨਾਂ ਤੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਅਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਕਾਊਂਟਰ ਇੰਟੈਲੀਜੈਂਸ ਅਸ਼ੀਸ਼ ਚੌਧਰੀ ਨੇ ਦੱਸਿਆ ਕਿ ਭਰੋਸਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਦੋਵੇਂ ਸ਼ੱਕੀਆਂ, ਜੋ ਬੱਸ ਰਾਹੀਂ ਵਿਸਫੋਟਕ ਯੰਤਰ ਸਮੇਤ ਅੰਮ੍ਰਿਤਸਰ ਤੋਂ ਮੋਹਾਲੀ ਪੁੱਜੇ ਸਨ, ਨੂੰ ਵਾਈ.ਪੀ.ਐਸ. ਚੌਕ ਮੋਹਾਲੀ ਦੇ ਸਾਹਮਣੇ ਇੱਕ ਪਾਰਕ ਦੇ ਨੇੜਿਓਂ ਗ੍ਰਿਫ਼ਤਾਰ ਕੀਤਾ।

ਉਨ੍ਹਾਂ ਕਿਹਾ ਕਿ ਅਪ੍ਰੇਸ਼ਨ ਦੌਰਾਨ, ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਆਰਡੀਐਕਸ ਨਾਲ ਲੈਸ ਆਈ.ਈ.ਡੀ. ਬਰਾਮਦ ਕੀਤੀ। ਇਸ ਵਿਸਫੋਟਕ ਕਾਰਨ ਪੈਦਾ ਹੋਏ ਗੰਭੀਰ ਖ਼ਤਰੇ ਨੂੰ ਦੇਖਦਿਆਂ ਬੰਬ ਡਿਸਪੋਜ਼ਲ ਸਕੁਐਡ ਨੂੰ ਤੁਰੰਤ ਮੌਕੇ 'ਤੇ ਬੁਲਾਇਆ ਗਿਆ, ਜਿਸਨੇ ਸਾਰੇ ਨਿਰਧਾਰਤ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਦੇ ਹੋਏ ਆਈ.ਈ.ਡੀ. ਨੂੰ ਸਫਲਤਾਪੂਰਵਕ ਬੇਅਸਰ ਕਰਕੇ ਨਸ਼ਟ ਕਰ ਦਿੱਤਾ।

ਆਈ.ਜੀ.ਪੀ. ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਮਨੀ ਸਿੰਘ ਹਾਲ ਹੀ ਵਿੱਚ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਆਇਆ ਸੀ ਅਤੇ ਉਸਨੇ ਆਪਣੇ ਰਿਸ਼ਤੇਦਾਰ ਅਭਿਸ਼ੇਕ ਕੁਮਾਰ ਦੀ ਵੀ ਉਸ ਨਾਲ ਜਾਣ-ਪਛਾਣ ਕਰਵਾਈ ਸੀ। ਆਈ.ਜੀ.ਪੀ. ਨੇ ਦੱਸਿਆ ਕਿ ਆਪਸੀ ਗੱਲਬਾਤ ਦੌਰਾਨ, ਵਿਦੇਸ਼ੀ-ਅਧਾਰਤ ਹੈਂਡਲਰ ਨੇ ਉਨ੍ਹਾਂ ਨੂੰ ਕੁਝ ਕੰਮ ਕਰਨ ਦੇ ਬਦਲੇ ਵਿੱਤੀ ਸਹਾਇਤਾ ਦੇਣ ਦੀ ਪੇਸ਼ਕਸ਼ ਕੀਤੀ ਅਤੇ ਆਰਥਿਕ ਦਿੱਕਤਾਂ ਕਾਰਨ ਦੋਵੇਂ ਮੁਲਜ਼ਮ ਹੈਂਡਲਰ ਦਾ ਕੰਮ ਕਰਨ ਲਈ ਸਹਿਮਤ ਹੋ ਗਏ।

ਇਸ ਸਬੰਧ ਵਿੱਚ ਐਫਆਈਆਰ ਨੰਬਰ 8 ਮਿਤੀ 3.6.2026 ਨੂੰ ਪੁਲਿਸ ਸਟੇਸ਼ਨ ਐਸ.ਐਸ.ਓ.ਸੀ. ਐਸਏਐਸ ਨਗਰ ਵਿਖੇ ਬੀਐਨਐਸ ਦੀ ਧਾਰਾ 113(3) ਅਤੇ 61(2) ਅਤੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 4 ਅਤੇ 5 ਦੇ ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਮੁਲਾਕਾਤ; ਜਾਇਜ਼ ਮੰਗਾਂ 'ਤੇ ਜਲਦ ਕਾਰਵਾਈ ਦਾ ਦਿੱਤਾ ਭਰੋਸਾ

### ਭਗਵੰਤ ਮਾਨ ਸਰਕਾਰ ਪਹਿਲਾਂ ਹੀ ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਫੈਸਲਾ ਕਰ ਚੁੱਕੀ ਹੈ: ਹਰਪਾਲ ਸਿੰਘ ਚੀਮਾ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 4 ਜੂਨ**

ਸੂਬਾ ਸਰਕਾਰ ਦੇ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਦੇ ਇੱਕ ਵੱਡੇ ਯਤਨ ਤਹਿਤ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ 6 ਮੁਲਾਜ਼ਮ ਯੂਨੀਅਨਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਯੂਨੀਅਨਾਂ ਨੂੰ ਭਰੋਸਾ ਦਿਵਾਇਆ ਕਿ ਭਗਵੰਤ ਮਾਨ ਸਰਕਾਰ ਠੇਕੇ 'ਤੇ ਰੱਖੇ ਸਟਾਫ਼ ਨੂੰ ਪੱਕਾ ਕਰਨ ਅਤੇ ਆਊਟਸੋਰਸਡ ਕਰਮਚਾਰੀਆਂ ਨੂੰ ਠੇਕੇ 'ਤੇ ਤਬਦੀਲ ਕਰਨ ਦੀ ਪ੍ਰਕਿਰਿਆ 'ਤੇ ਸਰਗਰਮੀ ਨਾਲ ਕੰਮ ਕਰ ਰਹੀ ਹੈ, ਅਤੇ ਇਸ ਦੇ ਨਾਲ ਹੀ ਉਨ੍ਹਾਂ ਦੀਆਂ ਹੋਰ ਸਾਰੀਆਂ ਜਾਇਜ਼ ਮੰਗਾਂ ਨੂੰ ਵੀ ਜਲਦ ਪੂਰਾ ਕੀਤਾ ਜਾ ਰਿਹਾ ਹੈ।

ਵਫ਼ਦ ਵੱਲੋਂ ਉਠਾਈਆਂ ਗਈਆਂ ਮੁੱਖ ਮੰਗਾਂ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਹਿਲਾਂ ਹੀ ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਆਊਟਸੋਰਸਡ ਵਰਕਰਾਂ ਨੂੰ ਠੇਕਾ ਅਧਾਰਤ ਸਟੇਟਸ ਵਿੱਚ ਤਬਦੀਲ ਕਰਨ ਦੇ ਆਪਣੇ ਫੈਸਲੇ ਦਾ ਐਲਾਨ ਕਰ ਚੁੱਕੀ ਹੈ, ਅਤੇ ਇਸ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਇਸ ਵੇਲੇ ਚੱਲ ਰਹੀ ਹੈ।



ਇਸ ਕਾਰਵਾਈ ਨੂੰ ਹੋਰ ਤੇਜ਼ ਕਰਨ ਦੀ ਹਦਾਇਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਵਿਭਾਗਾਂ ਦੇ ਪ੍ਰਬੰਧਕੀ ਅਫ਼ਸਰਾਂ ਦੇ ਨਾਲ-ਨਾਲ ਪਰਸੋਨਲ ਅਤੇ ਵਿੱਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਸਾਰੀਆਂ ਜਾਇਜ਼ ਮੰਗਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ, "ਸਾਰੇ ਸਬੰਧਤ ਵਿਭਾਗਾਂ ਨੂੰ ਆਪਣੀ ਕਾਰਵਾਈ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ ਅਤੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਫਾਸਟ-ਟਰੈਕ ਮੋਡ 'ਤੇ ਹੱਲ ਕਰਨਾ ਚਾਹੀਦਾ ਹੈ।

ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਵਿਸ਼ੇਸ਼ ਤੌਰ 'ਤੇ ਗਠਿਤ ਕੀਤੀ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਵਿੱਤ ਮੰਤਰੀ ਨੇ 'ਆਲ ਪੰਜਾਬ ਡੀ.ਐਸ.ਟੀ./ਸੀ.ਟੀ.ਐਸ. ਕੰਟਰੈਕਟ ਇੰਸਟ ?ਰਕਟਰ ਯੂਨੀਅਨ', 'ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ', 'ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਮੁਲਾਜ਼ਮ ਯੂਨੀਅਨ', 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ', 'ਪੰਜਾਬ ਰੋਡਵੇਜ਼/ ਪਨਬਸ ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ', ਅਤੇ 'ਪੰਜਾਬ ਰੋਡਵੇਜ਼ (ਪਨਬਸ) ਸਟੇਟ ਟ ?ਰਾਂਸਪੋਰਟ ਵਰਕਰ ਯੂਨੀਅਨ' ਦੇ ਨੁਮਾਇੰਦਿਆਂ ਨਾਲ ਇਹ ਵਿਸਤ੍ਰਿਤ ਚਰਚਾ ਕੀਤੀ।

ਇਨ੍ਹਾਂ ਮੀਟਿੰਗਾਂ ਦੌਰਾਨ 'ਆਲ ਪੰਜਾਬ ਡੀ.ਐਸ.ਟੀ./ਸੀ.ਟੀ.ਐਸ. ਕੰਟਰੈਕਟ ਇੰਸਟ ?ਰਕਟਰ ਯੂਨੀਅਨ' ਵੱਲੋਂ ਕਿਰਨਦੀਪ ਸਿੰਘ ਰੂਪਾਣਾ, ਸਿਮਰਨਜੀਤ ਸਿੰਘ ਅਤੇ ਸਵਰਨ ਸਿੰਘ; 'ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ' ਵੱਲੋਂ ਗੁਰਮੀਤ ਸਿੰਘ ਮਦਨੀਪੁਰ, ਸ਼ਰਨਜੀਤ ਸਿੰਘ ਕਾਦੀਮਾਜਰਾ ਅਤੇ ਹਰਦੀਪ ਸਿੰਘ ਢੀਂਡਸਾ; 'ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਮੁਲਾਜ਼ਮ ਯੂਨੀਅਨ' ਵੱਲੋਂ ਜਸਵੀਰ ਸਿੰਘ ਗਲੋਟੀ, ਸੁਭਦੀਪ ਕੌਰ, ਮੀਨੂ ਬਾਲਾ ਅਤੇ ਮਨਮੋਹਨ ਸਿੰਘ; 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ' ਵੱਲੋਂ ਵਰਿੰਦਰ ਸਿੰਘ ਮੋਮੀ, ਜਗਰੂਪ ਸਿੰਘ, ਸ਼ੇਰ ਸਿੰਘ ਖੰਨਾ, ਗੁਰਵਿੰਦਰ ਸਿੰਘ ਪੰਨੂ ਅਤੇ ਪਵਨਦੀਪ ਸਿੰਘ; 'ਪੰਜਾਬ ਰੋਡਵੇਜ਼ / ਪਨਬਸ ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ' ਵੱਲੋਂ ਰੇਸ਼ਮ ਸਿੰਘ, ਸ਼ਮਸ਼ੇਰ ਸਿੰਘ, ਬਲਵਿੰਦਰ ਸਿੰਘ, ਬਲਜੀਤ ਸਿੰਘ ਅਤੇ ਰਾਜੇਸ਼ ਕੁਮਾਰ; ਅਤੇ 'ਪੰਜਾਬ ਰੋਡਵੇਜ਼ (ਪਨਬਸ) ਸਟੇਟ ਟ ?ਰਾਂਸਪੋਰਟ ਵਰਕਰ ਯੂਨੀਅਨ' ਵੱਲੋਂ ਹਰਮਿੰਦਰ ਸਿੰਘ ਅਤੇ ਲਖਵਿੰਦਰ ਸਿੰਘ ਨੇ ਆਪਣੇ ਪੱਖ ਪੇਸ਼ ਕੀਤੇ।

## ਸਾਲ 2025-26 ਦੌਰਾਨ ਬਿਸਤ-ਦੁਆਬ ਨਹਿਰੀ ਨੈਟਵਰਕ ਹੇਠ ਸਿੰਜਾਈ ਅਧੀਨ ਰਕਬੇ 'ਚ ਹੋਇਆ 167% ਵਾਧਾ: ਬਰਿੰਦਰ ਕੁਮਾਰ ਗੋਇਲ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 4 ਜੂਨ**

ਪੰਜਾਬ ਦੀ ਇਤਿਹਾਸਕ ਜੀਵਨ-ਧਾਰਾ 'ਚ ਨਵੀਂ ਰੂਹ ਫੂਕਦਿਆਂ ਪੰਜਾਬ ਸਰਕਾਰ ਨੇ ਬਿਸਤ ਦੋਆਬ ਨਹਿਰ ਦੀ ਮੁੜ-ਬਹਾਲੀ ਨਾਲ ਦੁਆਬਾ ਖੇਤਰ ਦੇ ਖੇਤਾਂ ਦੀ ਨੁਹਾਰ ਬਦਲਦਿਆਂ ਕਿਸਾਨਾਂ ਦੇ ਉੱਜਲ ਭਵਿੱਖ ਲਈ ਰਾਹ ਪੱਧਰਾ ਕਰ ਦਿੱਤਾ ਹੈ। ਸੂਬੇ ਦੇ ਸਿੰਜਾਈ ਨੈੱਟਵਰਕ ਨੂੰ ਵੱਡਾ ਹੁਲਾਰਾ ਦਿੰਦਿਆਂ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਨਹਿਰ ਨੂੰ ਸੁਰਜੀਤ ਕਰਨ ਨਾਲ ਸਾਲ 2025-26 ਦੌਰਾਨ ਬਿਸਤ-ਦੁਆਬ ਨਹਿਰੀ ਨੈੱਟਵਰਕ ਹੇਠ ਸਿੰਜਾਈ ਅਧੀਨ ਰਕਬੇ 'ਚ 167% ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਹੈ।



ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਵਿਸਥਾਰ ਨਾਲ 1,10,762 ਏਕੜ ਹੋਰ ਰਕਬਾ ਨਹਿਰੀ ਸਿੰਜਾਈ ਅਧੀਨ ਲਿਆਂਦਾ ਗਿਆ ਹੈ, ਜਿਸ ਨਾਲ ਇਲਾਕੇ ਦੇ ਖੇਤੀ ਖੇਤਰ ਦੀ ਨੀਂਹ ਮਜ਼ਬੂਤ ਹੋਈ ਹੈ।

ਦੁਆਬੇ ਦੀ ਸਾਹ-ਰਗ ਮੰਨੀ ਜਾਂਦੀ ਇਸ ਨਹਿਰ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਟੀਚਾਗਤ ਉਪਰਾਲਿਆਂ ਤਹਿਤ ਪਾਣੀ ਦੇ ਵਹਾਅ 'ਚ ਮਿਸਾਲੀ ਸੁਧਾਰ ਹੋਇਆ ਹੈ। ਇਨ੍ਹਾਂ ਯਤਨਾਂ ਨਾਲ ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ ਅਤੇ ਹੁਸ਼ਿਆਰਪੁਰ ਦੇ ਕੁਝ ਹਿੱਸਿਆਂ 'ਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਾਣੀ ਦੀ ਕਮੀ ਨੂੰ ਦੂਰ ਕਰਦਿਆਂ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਗਿਆ।

ਸ੍ਰੀ ਗੋਇਲ ਨੇ ਕਿਹਾ ਕਿ ਰੋਪੜ ਹੈੱਡਵਰਕਸ ਤੋਂ ਨਿਕਲਣ ਵਾਲੇ ਇਸ ਨਹਿਰੀ ਨੈੱਟਵਰਕ, ਜਿਸ 'ਚ ਇਸ ਦੇ ਰਜਬਾਹੇ, ਮਾਈਨਰ ਤੇ ਖਾਲੇ ਸ਼ਾਮਲ ਹਨ, ਦੀ ਵਿਆਪਕ ਕਾਇਆ-ਕਲਪ ਕੀਤੀ ਗਈ ਹੈ। ਇਸ ਨਾਲ ਪਾਣੀ ਦੀ ਵੰਡ ਹੋਰ ਸੁਚਾਰੂ ਅਤੇ ਕੁਸ਼ਲ ਹੋਈ ਹੈ, ਜਿਸ ਨਾਲ ਸਿੰਜਾਈ ਹੇਠਲੇ ਰਕਬੇ 'ਚ ਕਾਫ਼ੀ ਵਾਧਾ ਹੋਇਆ ਹੈ।ਉਨ੍ਹਾਂ ਕਿਹਾ ਕਿ ਮੁੜ-ਸੁਰਜੀਤੀ ਦੀ ਵੱਡੀ ਪ੍ਰਾਪਤੀ ਇਹ ਵੀ ਹੈ ਕਿ ਬਿਸਤ-ਦੁਆਬ ਨਹਿਰੀ ਨੈੱਟਵਰਕ ਤਹਿਤ ਲਗਭਗ 19213 ਏਕੜ ਖੇਤੀਯੋਗ ਰਕਬੇ ਨੂੰ ਪਹਿਲੀ ਵਾਰ ਨਹਿਰੀ ਪਾਣੀ ਮਿਲਿਆ ਹੈ। ਇਹ ਉਨ੍ਹਾਂ ਕਿਸਾਨਾਂ ਲਈ ਇੱਕ ਮਹੱਤਵਪੂਰਨ ਬਦਲਾਅ ਹੈ, ਜੋ ਪਹਿਲਾਂ ਧਰਤੀ ਹੇਠਲੇ ਪਾਣੀ ਤੇ ਮੀਂਹ 'ਤੇ ਨਿਰਭਰ ਸਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪਾਣੀ ਦੇ ਵਹਾਅ ਵਿੱਚ ਆਏ ਸੁਧਾਰ ਨੇ ਬਲਾਚੌਰ ਖੇਤਰ 'ਚ ਕਾਠਗੜ੍ਹ ਲਿਫਟ ਸਕੀਮ ਰਾਹੀਂ ਲਿਫਟ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ। ਸ਼ਹੀਦ ਭਗਤ ਸਿੰਘ ਨਗਰ ਦੇ ਬੰਗਾ ਤੇ ਮੁਕੰਦਪੁਰ ਅਤੇ ਜਲੰਧਰ ਜ਼ਿਲ੍ਹੇ ਦੇ ਅੱਪਰਾ, ਨੂਰਮਹਿਲ, ਮਲਸੀਆਂ, ਨਕੋਦਰ, ਆਦਮਪੁਰ ਅਤੇ ਕਾਲਾ ਸੰਘਿਆਂ ਵਰਗੇ ਖੇਤਰਾਂ 'ਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ ਜਦਕਿ ਜਲੰਧਰ ਬ੍ਰਾਂਚ ਨਾਲ ਜੁੜੇ ਮੁੜ-ਸੁਰਜੀਤ ਕੀਤੇ ਰਜਬਾਹਿਆਂ ਨੇ ਆਖ਼ਰੀ ਖੇਤ ਤੱਕ ਪਾਣੀ ਦੀ ਵੰਡ ਵਿੱਚ ਵਾਧਾ ਕੀਤਾ ਹੈ।ਨਹਿਰ ਦੇ ਮਜ਼ਬੂਤੀਕਰਨ ਨਾਲ ਹੁਣ ਸ਼ਹਿਰੀ ਖੇਤਰ ਵਿੱਚ ਪਾਣੀ ਦੀਆਂ ਲੋੜਾਂ ਵੀ ਪੂਰੀਆਂ ਹੋ ਰਹੀਆਂ ਹੈ। ਸ਼ਹਿਰ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ 'ਚ ਸੁਧਾਰ ਲਈ ਜਲੰਧਰ ਬ੍ਰਾਂਚ ਨੂੰ ਵਾਧੂ 150 ਕਿਊਸਿਕ ਪਾਣੀ ਅਲਾਟ ਕੀਤਾ ਗਿਆ ਹੈ। ਇਸ ਨਾਲ ਜਲੰਧਰ ਨਗਰ ਨਿਗਮ ਦੀ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟ ਰਹੀ ਹੈ ਅਤੇ ਵਧੇਰੇ ਪਾਏਦਾਰ ਅਤੇ ਭਰੋਸੇਯੋਗ ਜਲ ਸਪਲਾਈ ਪ੍ਰਣਾਲੀ ਵਿਕਸਿਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਬਿਸਤ-ਦੁਆਬ ਨਹਿਰ ਦੀ ਬਹਾਲੀ ਸਿੰਜਾਈ ਪ੍ਰਣਾਲੀ ਨੂੰ ਆਧੁਨਿਕ ਬਣਾਉਣ, ਕਿਸਾਨਾਂ ਦੀ ਸਹਾਇਤਾ ਕਰਨ ਅਤੇ ਸਿੱਕੇਬੰਦ ਜਲ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਖੇਤੀ ਪੈਦਾਵਾਰ ਵਧੇਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਅਹਿਮ ਸਰੋਤ ਪਾਣੀ ਨੂੰ ਸੁਰੱਖਿਅਤ ਰੱਖਿਆ ਜਾ ਸਕੇਗਾ।

## ਜੂਨ 1984 ਦੇ ਘੱਲੂਘਾਰੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿੱਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 4 ਜੂਨ**

ਜੂਨ 1984 ਵਿੱਚ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ, ਸਿੰਘਣੀਆਂ ਤੇ ਬੱਚਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ 6 ਜੂਨ ਨੂੰ ਹੋਣ ਵਾਲੇ ਸਾਲਾਨਾ ਸ਼ਹੀਦੀ ਸਮਾਗਮ ਦੇ ਸਬੰਧ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਮੌਕੇ ਸ਼ ?ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਸਮੇਤ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਮੌਜੂਦ ਸਨ। ਇਸ ਦੌਰਾਨ ਗੱਲਬਾਤ ਕਰਦਿਆਂ ਸ਼ ?ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜੂਨ ਦਾ ਪਹਿਲਾਂ ਹਫ਼ਤਾ ਸਿੱਖ ਮਾਨਸਿਕਤਾ ਲਈ ਬੇਹੱਦ ਪੀੜਾਮਈ ਹੈ। 1984 'ਚ ਜੂਨ ਦੇ ਪਹਿਲੇ ਹਫ਼ਤੇ ਸਮੇਂ ਦੀ ਕਾਂਗਰਸ ਸਰਕਾਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹੋਰ ਗੁਰਦੁਆਰਾ ਸਾਹਿਬਾਨ 'ਤੇ ਫ਼ੌਜੀ ਹਮਲਾ ਕਰਕੇ ਸਿੱਖ ਕੌਮ ਨੂੰ ਡੂੰਘੇ ਜ਼ਖ਼ਮ ਦਿੱਤੇ ਹਨ, ਜੋ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਇਸ ਘੱਲੂਘਾਰੇ ਵਿੱਚ ਜਿਥੇ ਅਨੇਕਾਂ ਸ਼ਹਾਦਤਾਂ ਹੋਈਆਂ, ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵੀ ਗੋਲੀਆਂ ਲੱਗਣ ਕਾਰਨ ਜ਼ਖਮੀ ਹੋਏ। ਉਨ੍ਹਾਂ ਕਿਹਾ ਕਿ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ ਜਾਂਦਾ ਹੈ। ਮੀਡੀਆ ਨਾਲ ਗੱਲਬਾਤ ਦੌਰਾਨ ਐਡਵੋਕੇਟ ਧਾਮੀ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਵੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਹੋਰ ਸਿੰਘ ਸਿੱਖਾਂ ਦੇ ਵਿਰੁੱਧ ਹੋਏ ਜ਼ੁਲਮਾਂ ਵਿਰੁੱਧ ਸੰਘਰਸ਼ ਦੇ ਰਾਹ 'ਤੇ ਤੁਰੇ ਸਨ ਅਤੇ ਕਰੀਬ ਤਿੰਨ ਦਿਹਾਕਿਆਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਹਨ। ਸਰਕਾਰ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਤੁਰੰਤ ਫੈਸਲਾ ਕਰਨਾ ਚਾਹੀਦਾ ਹੈ।



ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਮਨਜੀਤ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਫੈਡਰੇਸ਼ਨ ਆਗੂ ਭਾਈ ਕੰਵਰਚੜ੍ਹਤ ਸਿੰਘ ਆਦਿ ਹਾਜ਼ਰ ਸਨ।

**ਜੂਨ 1984 ਦੇ ਘੱਲੂਘਾਰੇ ਦੇ ਦੁਖਾਂਤ ਨੂੰ ਬਿਆਨ ਕਰਦੀਆਂ ਤਸਵੀਰਾਂ ਦੀ ਲਗਾਈ ਪ੍ਰਦਰਸ਼ਨੀ**

ਜੂਨ 1984 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਢਹਿ-ਢੇਰੀ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵਾਪਰੇ ਦੁਖਾਂਤ ਨੂੰ ਬਿਆਨ ਕਰਦੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਸ਼ ?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਬਾਹਰਵਾਰ ਲਗਾਈ ਗਈ ਹੈ। ਪ੍ਰਦਰਸ਼ਨੀ ਵਿਚ ਲਗਾਈਆਂ ਗਈਆਂ ਵੱਖ-ਵੱਖ ਤਸਵੀਰਾਂ ਸਰਕਾਰ ਵੱਲੋਂ ਕੀਤੇ ਗਏ ਜ਼ੁਲਮ ਨੂੰ ਬਿਆਨ ਕਰਦੀਆਂ ਹਨ।ਇਹ ਪ੍ਰਦਰਸ਼ਨੀ 6 ਜੂਨ ਤੱਕ ਜਾਰੀ ਰਹੇਗੀ, ਜਿਸ ਨੂੰ ਸੰਗਤਾਂ ਸਵੇਰ ਤੋਂ ਸ਼ਾਮ ਤੱਕ ਦੇਖ ਸਕਣਗੀਆਂ। ਇਸ ਪ੍ਰਦਰਸ਼ਨੀ ਦਾ ਮੰਤਵ ਸੰਗਤਾਂ ਅਤੇ ਖ਼ਾਸਕਰ ਨੌਜੁਆਨੀ ਨੂੰ ਜੂਨ 1984 ਵੇਲੇ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸਿੱਖ ਕੌਮ 'ਤੇ ਕੀਤੇ ਹਮਲੇ ਤੋਂ ਜਾਣੂ ਕਰਵਾਉਣਾ ਹੈ।

## ਅਪ੍ਰੇਸ਼ਨ ਬਲੂ ਸਟਾਰ ਦੇ ਜ਼ਖ਼ਮ ਸਿੱਖ ਕੌਮ ਕਦੇ ਭੁੱਲ ਨਹੀਂ ਸਕਦੀ: ਹਰਮੀਤ ਕਾਲਕਾ, ਜਗਦੀਪ ਸਿੰਘ ਕਾਹਲੋਂ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 4 ਜੂਨ**

ਜੂਨ 1984 ਵਿੱਚ ਦੇਸ਼ ਦੀ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਹੁਕਮਾਂ 'ਤੇ ਟੈਂਕਾਂ ਅਤੇ ਤੋਪਾਂ ਨਾਲ ਸਾਡੀ ਸ਼ਕਤੀ ਦੇ ਸਰਵਉੱਚ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਅਤੇ ਸ੍ਰੀ ਦਰਬਾਰ ਸਾਹਿਬ ਅੰਦਰ ਹਜ਼ਾਰਾਂ ਨਿਰਦੋਸ਼

**• ਬੰਦੀ ਸਿੰਘਾਂ ਦੀ ਰਿਹਾਈ ਦੇ ਯਤਨ ਕਰਨਾ ਸਾਡੀ ਸਾਰਿਆ ਦੀ ਸਾਂਝੀ ਜ਼ਿੰਮੇਵਾਰੀ ਹੈ: ਕਾਲਕਾ, ਕਾਹਲੋਂ • ਗੁਰਦੁਆਰਾ ਬੰਗਲਾ ਸਾਹਿਬ ਵਿੱਖੇ ਸ਼ਹੀਦਾਂ ਨਮਿਤ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ**

ਸਿੰਘਾਂ, ਸਿੰਘਣੀਆਂ, ਬੱਚਿਆਂ, ਬਜ਼ੁਰਗਾਂ ਨੂੰ ਕਤਲ ਕਰਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਤੇ ਪਵਿੱਤਰ ਸਰੂਪਾਂ ਦੀ ਬੇਅਦਬੀ ਕਰਨ ਲਈ ਕੀਤੇ ਗਏ ਅਪਰੇਸ਼ਨ ਬਲੂ ਸਟਾਰ ਦੇ ਜ਼ਖ਼ਮਾਂ ਨੂੰ ਸਿੱਖ ਕੌਮ ਕਦੇ ਭੁਲਾ ਨਹੀਂ ਸਕਦੀ। ਇਹ ਪ੍ਰਗਟਾਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ। ਅੱਜ ਇਥੇ ਗੁਰਦੁਆਰਾ ਬੰਗਲਾ ਸਾਹਿਬ ਵਿੱਖੇ ਅਪਰੇਸ਼ਨ ਬਲੂ ਸਟਾਰ ਦੌਰਾਨ ਸ਼ਹੀਦ ਹੋਏ ਸਿੱਖ ਜਰਨੈਲਾਂ, ਸਿੰਘਾਂ, ਸਿੰਘਣੀਆਂ ਤੇ ਸੰਗਤਾਂ ਨਮਿਤ ਰੱਖੇ ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ ਇਕੱਤਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਅਪਰੇਸ਼ਨ ਬਲੂ ਸਟਾਫ ਦੁਨੀਆਂ ਦਾ ਇਕਲੌਤਾ ਅਜਿਹਾ ਅਪਰੇਸ਼ਨ ਹੋਇਆ ਹੈ, ਜਿਸ ਵਿੱਚ ਇਕ ਕੌਮ ਨੂੰ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਨਾ ਸਿਰਫ ਸਾਡੇ ਸ਼ਕਤੀ ਦੇ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕੀਤਾ ਗਿਆ ਅਤੇ ਸ੍ਰੀ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾਇਆ ਗਿਆ, ਬਲਕਿ ਇਸ ਅਪਰੇਸ਼ਨ ਦੇ ਤਹਿਤ ਹੀ ਅਣਗਣਿਤ ਗੁਰਧਾਮਾਂ 'ਤੇ ਵੀ ਗੋਲੀਆਂ ਤੇ ਗੋਲੇ ਚਲਾਏ ਗਏ ਤੇ ਹਜ਼ਾਰਾਂ ਸਿੱਖ ਸੰਗਤਾਂ ਸ਼ਹੀਦ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਸਾਡੇ ਮਹਾਨ ਜਰਨੈਲਾਂ ਸਮੇਤ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਨੇ ਸ਼ਹਾਦਤਾਂ ਦਿੱਤੀਆਂ ਪਰ ਹੁਕਮਰਾਨਾਂ ਦੀ ਈਨ ਨਹੀਂ ਮੰਨੀ। ਉਨ੍ਹਾਂ ਕਿਹਾ ਕਿ ਜੋ ਸਾਡੀ ਕੌਮ ਨਾਲ 1984 ਵਿਚ ਹੋਇਆ, ਉਹ ਕਦੇ ਮੁਆਫ ਨਾ ਕੀਤੇ ਜਾਣ ਵਾਲੇ ਸਾਕੇ ਹਨ। ਪਹਿਲਾਂ ਅਪਰੇਸ਼ਨ ਬਲੂ ਸਟਾਰ ਹੋਇਆ ਤੇ ਫਿਰ ਜਦੋਂ ਸਾਡੇ ਸਿੰਘਾਂ ਨੇ ਇਸ ਅਪਰੇਸ਼ਨ ਦਾ ਬਦਲਾ ਲਿਆ ਤਾਂ ਨਵੰਬਰ 1984 ਵਿਚ ਦੇਸ਼ ਦੀ ਰਾਜਧਾਨੀ ਦਿੱਲੀ ਸਮੇਤ ਦੇਸ਼ ਦੇ ਅਨੇਕਾਂ ਸ਼ਹਿਰਾਂ ਵਿਚ ਇਕ ਵਾਰ ਫਿਰ ਤੋਂ ਸਿੱਖਾਂ ਨੂੰ ਚੁਣ-ਚੁਣ ਕੇ ਮਾਰਿਆ ਗਿਆ ਅਤੇ ਦਰਿੰਦਗੀ ਦੀਆਂ ਸਭ ਹੱਦਾਂ ਪਾਰ ਕਰ ਦਿੱਤੀਆਂ ਗਈਆਂ। ਉਹਨਾਂ ਕਿਹਾ ਕਿ ਅੱਜ 42 ਸਾਲਾਂ ਬਾਅਦ ਵੀ ਸਾਡੇ ਜ਼ਖ਼ਮ ਅੱਲ੍ਹੇ ਹਨ। ਉਨ੍ਹਾਂ ਕਿਹਾ ਕਿ ਬੇਸ਼ੱਕ ਅੱਜ ਸਮੇਂ ਦੀ ਸਰਕਾਰ ਨੇ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੀ ਬਾਂਹ ਫੜੀ ਹੈ ਪਰ ਅਪਰੇਸ਼ਨ ਬਲੂ ਸਟਾਰ ਲਈ ਗੁਨਾਹਗਾਰ ਲੋਕਾਂ ਨੂੰ ਕਦੇ ਮੁਆਫ ਨਹੀਂ ਕੀਤਾ ਜਾ ਸਕਦਾ ਉਹਨਾਂ ਕਿਹਾ ਕਿ ਇਹ ਅਪਰੇਸ਼ਨ ਬਲੂ ਸਟਾਰ ਹੀ ਸੀ ਜਿਸ ਮਗਰੋਂ ਪੰਜਾਬ 'ਚ ਅਜਿਹੀ ਹਨੇਰੀ ਝੁੱਲੀ ਜਿਸ ਵਿਚ ਸਾਡੇ ਹਜ਼ਾਰਾਂ ਨੌਜਵਾਨ ਸ਼ਹੀਦ ਹੋ ਗਏ। ਉਹਨਾਂ ਕਿਹਾ ਕਿ ਜਦੋਂ ਸਾਡੇ ਨੌਜਵਾਨਾਂ ਦੀ ਸ਼ਹਾਦਤ ਦਾ ਬਦਲਾ ਲੈਣ ਲਈ ਕੁਝ ਨੌਜਵਾਨ ਭਾਵਨਾਵਾਂ ਵਿਚ ਵਹਿ ਤੁਰੇ ਤਾਂ ਉਹਨਾਂ ਦੀ ਬਾਂਹ ਫੜਨ ਵਾਲੇ ਨਹੀਂ ਰਹੇ। ਉਨ੍ਹਾਂ ਨੇ ਕਿਹਾ ਕਿ ਹਮੇਸ਼ਾ ਸਿੱਖ ਕੌਮ ਦੇ ਨਾਮ 'ਤੇ ਸਰਕਾਰਾਂ ਬਣਾਉਣ ਵਾਲਿਆਂ ਨੇ ਇਹਨਾਂ ਬੰਦੀ ਸਿੰਘਾਂ ਨੂੰ ਆਪਣੀਆਂ ਸਰਕਾਰਾਂ ਸਮੇਂ ਬਿਲਕੁਲ ਹੀ ਵਿਸਾਰ ਦਿੱਤਾ ਤੇ ਜਦੋਂ ਸਰਕਾਰਾਂ ਚੱਲੀਆਂ ਗਈਆਂ ਤਾਂ ਬੰਦੀ ਸਿੰਘ ਫਿਰ ਚੇਤੇ ਆ ਗਏ।ਉਹਨਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਉਪਰਾਲੇ ਕਰਨਾ ਸਾਡਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਹਨਾਂ ਕਿਹਾ ਕਿ ਦਿੱਲੀ ਕਮੇਟੀ ਨੇ ਹਮੇਸ਼ਾ ਮੋਹਰੀ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਈ ਹੈ ਤੇ ਅੱਗੇ ਵੀ ਨਿਭਾਵੇਗੀ। ਉਹਨਾਂ ਨੇ ਸਿੱਖ ਕੌਮ ਦੀਆਂ ਸਮੁੱਚੀਆਂ ਜਥੇਬੰਦੀਆਂ, ਸੰਪਰਦਾਵਾਂ ਤੇ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਤੇ ਸਿੱਖ ਕੌਮ ਨੂੰ ਦਰਪੇਸ਼ ਹੋਰ ਅਹਿਮ ਮਸਲਿਆਂ ਦੇ ਹੱਲ ਲਈ ਏਕਤਾ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ।ਉਹਨਾਂ ਕਿਹਾ ਕਿ ਸਿੱਖ ਕੌਮ ਇਕਜੁੱਟ ਹੋਵੇਗੀ ਤਾਂ ਹੀ ਸਾਰੀ ਦੁਨੀਆਂ ਵਿਚ ਇਸਦੀ ਤਾਕਤ ਦਾ ਲੋਹਾ ਹੋਰ ਮਜ਼ਬੂਤੀ ਨਾਲ ਮੰਨਿਆ ਜਾਵੇਗਾ ਤੇ ਚਿਰਾਂ ਤੋਂ ਲਟਕ ਰਹੇ ਕੌਮ ਦੇ ਮਸਲੇ ਹੱਲ ਹੋਣਗੇ। ਉਹਨਾਂ ਕਿਹਾ ਕਿ ਅੱਜ ਦਾ ਦਿਹਾੜਾ ਸਾਨੂੰ ਜ਼ਬਰ ਤੇ ਜ਼ੁਲਮ ਦੇ ਖਿਲਾਫ ਡਟਣ ਦੇ ਸਾਡੇ ਗੌਰਵਮਈ ਇਤਿਹਾਸ ਤੋਂ ਫਿਰ ਇਕ ਵਾਰ ਚੇਤੇ ਕਰਵਾਉਂਦਾ ਹੈ। ਅਜਿਹੇ ਮੌਕੇ ਉਹ ਸ਼ਹੀਦ ਜਰਨੈਲਾਂ ਤੇ ਸਮੂਹ ਸਿੰਘਾਂ ਸਿੰਘਣੀਆਂ ਸ਼ਰਧਾਂਜਲੀ ਭੇਂਟ ਕਰਦੇ ਹੋਏ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਹਨ। ਇਸ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਦੀ ਸਮਾਪਤੀ ਉਪਰੰਤ ਗੁਰਦੁਆਰਾ ਬੰਗਲਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਰਣਜੀਤ ਸਿੰਘ ਨੇ ਅਰਦਾਸ ਕੀਤੀ। ਇਸ ਮੌਕੇ ਦਿੱਲੀ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਹੋਰ ਸ਼ਖ਼ਸੀਅਤਾਂ ਵੱਡੀ ਗਿਣਤੀ 'ਚ ਹਾਜ਼ਰ ਸਨ।



# ਨਸ਼ਿਆਂ ਦੇ ਜੜ੍ਹੋਂ ਖਾਤਮੇ ਲਈ ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਪੁਲਿਸ ਤੇ ਸਿਵਲ ਪ੍ਰਸ਼ਾਸ਼ਨ ਨਾਲ ਮਿਲਕੇ ਨਿਭਾਉਣ ਅਹਿਮ ਭੂਮਿਕਾ : ਲਖਵੀਰ ਰਾਏ




**ਆਜ਼ਾਦ ਸੋਚ**
**ਸੁਨੀਲ ਵਰਮਾ**
**ਫਤਹਿਗੜ੍ਹ ਸਾਹਿਬ, 4 ਜੂਨ**

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਵਿੱਢੀ "ਯੁੱਧ ਨਸ਼ਿਆਂ ਵਿਰੁੱਧ"ਮੁਹਿੰਮ ਦੇ ਚਲਦਿਆ ਸੂਬੇ 'ਚੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਵਿਲੇਜ਼ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਤੇ ਵਾਰਡ ਡਿਫੈਂਸ ਕਮੇਟੀਆਂ ਗਠਿਤ ਕੀਤੀਆਂ ਗਈਆਂ ਹਨ, ਜੋ ਪਿੰਡ ਅਤੇ ਵਾਰਡ ਪੱਧਰ ਤੇ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਖਤਮ ਕਰਨ ਲਈ ਅਹਿਮ ਭੂਮਿਕ ਨਿਭਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਨੇ ਮਾਤਾ ਗੁਜਰੀ ਕਾਲਜ ਦੇ ਕਾਮਰਸ ਹਾਲ ਵਿੱਚ ਯੁੱਧ ਨਸ਼ਿਆਂ ਵਿਰੁੱਧ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ ।ਵਿਧਾਇਕ ਲਖਵੀਰ ਸਿੰਘ ਰਾਏ ਨੇ ਕਿਹਾ ਕਿ ਇਹਨਾਂ ਕਮੇਟੀਆਂ ਨੂੰ ਹੋਰ ਬਲ ਦੇਣ ਲਈ ਪੰਜਾਬ ਸਰਕਾਰ ਵੱਲੋਂ ਇਹਨਾਂ ਨੂੰ ਸਿੱਧੇ ਤੌਰ ਤੇ ਪੁਲਿਸ ਅਤੇ ਸਿਵਲ ਪ੍ਰਸ਼ਾਸ਼ਨ ਨਾਲ ਜੋੜਿਆ ਗਿਆ ਹੈ ਤਾਂ ਜੋ ਨਸ਼ਿਆਂ ਬਾਰੇ ਸੂਚਨਾ ਮਿਲਣ ਤੇ ਤੁਰੰਤ ਪ੍ਰਭਾਵ ਨਾਲ ਪ੍ਰਭਾਵਸ਼ਾਲੀ ਕਾਰਵਾਈ ਆਰੰਭੀ ਜਾ ਸਕੇ। ਉਹਨਾਂ ਸਮੂਹ ਕਮੇਟੀਆਂ ਅਤੇ ਅਹੁਦੇਦਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਆਲੇ ਦੁਆਲੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਲੋਕਾਂ ਨੂੰ ਇਸ ਨਾਮੁਰਾਦ ਬਿਮਾਰੀ ਤੋਂ ਦੂਰ ਰਹਿ ਕਿ ਨਿਰੋਗ ਜਿੰਦਗੀ ਜਿਉਣ ਲਈ ਜਾਗਰੂਕ ਕਰਨ ਲਈ ਪ੍ਰੇਰਿਆ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਜੰਗੀ ਪੱਧਰ ਤੇ ਜਾਰੀ ਹੈ ਜਿਸ ਦੇ ਵਧੀਆ ਸਿੱਟੇ ਸਾਹਮਣੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸ਼ਨ, ਪੁਲਿਸ ਪ੍ਰਸ਼ਾਸ਼ਨ ਤੇ ਜਿਲ੍ਹੇ ਦੀਆਂ ਪੇਂਡੂ ਰੱਖਿਆ ਕਮੇਟੀਆਂ, ਵਾਰਡ ਰੱਖਿਆ ਕਮੇਟੀਆਂ ਦੇ ਉਸਾਰੂ ਰੋਲ ਸਦਕਾ ਵੱਡੀ ਪੱਧਰ ਤੇ ਨਸ਼ਾ ਤਸਕਰਾਂ ਦੀਆਂ ਗ੍ਰਿਫਤਾਰੀਆਂ, ਨਸ਼ਿਆਂ ਦੀ ਰਿਕਵਰੀ, ਨਸ਼ਾ ਤਸਕਰਾਂ ਦੇ ਘਰ ਢਾਹੁਣ ਵਰਗੀਆਂ ਕਾਰਵਾਈਆਂ ਤੋਂ ਇਲਾਵਾ ਨਸ਼ਿਆਂ ਦੇ ਸ਼ਿਕਾਰ ਲੋਕਾਂ ਦੇ ਪੁਨਰਵਾਸ ਅਤੇ ਉਨ੍ਹਾਂ ਨੂੰ ਰੁਜ਼ਗਾਰ ਦੇ ਕਾਬਲ ਬਣਾਉਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਮੌਕੇ ਐਸ.ਡੀ.ਐਮ.ਕਰੁਣ ਗੁਪਤਾ ਨੇ ਕਿਹਾ ਕਿ ਜਿਲਾ ਪ੍ਰਸ਼ਾਸ਼ਨ ਵੱਲੋਂ ਇਨ੍ਹਾਂ ਕਮੇਟੀਆਂ ਦੇ ਸਹਿਯੋਗ ਨਾਲ ਨਸ਼ਿਆਂ ਦੇ ਖਾਤਮੇ ਦੀ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹਰੇਕ ਪਿੰਡ ਅਤੇ ਵਾਰਡ ਪੱਧਰ ਤੇ ਲੋਕ ਲਹਿਰ ਬਣਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਡੀ.ਐਸ.ਪੀ. ਕੁਲਵੀਰ ਸਿੰਘ ਸਮੇਤ ਹੋਰ ਅਧਿਕਾਰੀ ਹਾਜਰ ਸਨ।

## ਜਨਮ ਦਿਨ ਮੁਬਾਰਕ
## ਰਿਵਾਸ਼ੀ ਵਰਮਾ



# ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਪਲਾਸਟਿਕ ਦੇ ਬਦਲੇ ਕੰਪੋਸਟੇਬਲ ਲਿਫ਼ਾਫਿਆਂ ਦੇ ਵਰਤੋਂ ਦੀ ਅਪੀਲ

## ਸ੍ਰੀ ਦੁੱਖਨਿਵਾਰਨ ਸਾਹਿਬ ਵਿਖੇ ਕੜਾਹ ਪ੍ਰਸ਼ਾਦ ਲਈ ਹੁਣ ਵਰਤੇ ਜਾਣਗੇ ਕੰਪੋਸਟੇਬਲ ਲਿਫਾਫੇ

ਪਟਿਆਲਾ 4 ਜੂਨ (ਹਰਵਿੰਦਰ ਲਾਲੀ):ਵਿਸ਼ਵ ਵਾਤਾਵਰਣ ਦਿਵਸ 2026 ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ), ਪਟਿਆਲਾ ਵੱਲੋਂ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਵਿਹਾਰ ਨੂੰ ਉਤਸ਼ਾਹਿਤ ਕਰਨ ਅਤੇ ਪਲਾਸਟਿਕ ਦੇ ਲਿਫ਼ਾਫਿਆਂ ਦੇ ਟਿਕਾਊ ਵਿਕਲਪਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦੇ ਤਹਿਤ, ਪੀਪੀਸੀਬੀ ਦੇ ਅਧਿਕਾਰੀਆਂ ਨੇ ਸ੍ਰੀ ਦੁੱਖਨਿਵਾਰਨ ਸਾਹਿਬ, ਪਟਿਆਲਾ ਦਾ ਦੌਰਾ ਕੀਤਾ ਅਤੇ ਗੁਰਦੁਆਰਾ ਪ੍ਰਬੰਧਕਾਂ ਨਾਲ ਮੁਲਾਕਾਤ ਕਰਕੇ ਕੜਾਹ ਪ੍ਰਸ਼ਾਦ ਦੀ ਵੰਡ ਅਤੇ ਲਿਜਾਣ ਲਈ ਪਲਾਸਟਿਕ ਦੇ ਲਿਫ਼ਾਫਿਆਂ ਦੀ ਥਾਂ ਕੰਪੋਸਟੇਬਲ ਲਿਫ਼ਾਫਿਆਂ ਦੀ ਵਰਤੋਂ ਨੂੰ ਪ੍ਰੋਤਸਾਹਿਤ ਕੀਤਾ।

ਸ੍ਰੀ ਦੁੱਖਨਿਵਾਰਨ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪ੍ਰਨਾਮ ਸਿੰਘ ਜੀ ਨੇ ਪਟਿਆਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪਲਾਸਟਿਕ ਦੇ ਲਿਫ਼ਾਫਿਆਂ ਦੀ ਵਰਤੋਂ ਤੋਂ ਗੁਰੇਜ਼ ਕਰਨ ਅਤੇ ਗੁਰਦੁਆਰੇ ਤੋਂ ਕੜਾਹ ਪ੍ਰਸ਼ਾਦ ਲਿਜਾਣ ਲਈ ਸਿਰਫ਼ ਜੈਵ-ਵਿਘਟਨਯੋਗ (ਬਾਇਓਡੀਗ੍ਰੇਡੇਬਲ) ਲਿਫ਼ਾਫਿਆਂ ਦਾ ਹੀ ਦਾਨ ਅਤੇ ਉਪਯੋਗ ਕਰਨ।

ਸ੍ਰੀ ਦੁੱਖਨਿਵਾਰਨ ਸਾਹਿਬ ਦੇ ਮੈਨੇਜਰ ਸ. ਭਾਗ ਸਿੰਘ ਜੀ ਨੇ ਵੀ ਹੈੱਡ ਗ੍ਰੰਥੀ ਜੀ ਦੀ ਇਸ ਅਪੀਲ ਦਾ ਸਮਰਥਨ ਕੀਤਾ ਅਤੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਅਨੁਸਾਰ ਵਾਤਾਵਰਣ ਦੀ ਸੁਰੱਖਿਆ ਲਈ ਹਰ ਸੰਭਵ ਯਤਨ ਕਰਨ। ਉਨ੍ਹਾਂ ਨੇ ਕਿਹਾ ਕਿ ਇਕ ਵਾਰ ਵਰਤੇ ਜਾਣ ਵਾਲੇ ਪਲਾਸਟਿਕ (ਸਿੰਗਲ-ਯੂਜ਼ ਪਲਾਸਟਿਕ) ਤੋਂ ਪਰਹੇਜ਼ ਕਰਕੇ ਅਤੇ ਟਿਕਾਊ ਵਿਕਲਪ ਅਪਨਾ ਕੇ ਵਾਤਾਵਰਣ ਸੰਭਾਲ ਵਿੱਚ ਯੋਗਦਾਨ ਪਾਇਆ ਜਾ ਸਕਦਾ ਹੈ, ਜਿਵੇਂ ਕਿ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ), ਅੰਮ੍ਰਿਤਸਰ ਵਿਖੇ ਕੀਤਾ ਜਾ ਰਿਹਾ ਹੈ ।ਇਸ ਉਪਰੰਤ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ ਗਿਆਨੀ ਪ੍ਰਨਾਮ ਸਿੰਘ ਜੀ, ਸ. ਭਾਗ ਸਿੰਘ ਜੀ ਅਤੇ ਪੀਪੀਸੀਬੀ ਦੇ ਅਧਿਕਾਰੀਆਂ ਵੱਲੋਂ ਗੁਰਦੁਆਰੇ ਵਿੱਚ ਆਈ ਸੰਗਤ ਨੂੰ ਕੰਪੋਸਟੇਬਲ ਲਿਫ਼ਾਫੇ ਵੰਡੇ ਗਏ।

ਇਸ ਮੌਕੇ ਗੁਰਕਰਨ ਸਿੰਘ, ਵਾਤਾਵਰਣ ਇੰਜੀਨੀਅਰ, ਪੀਪੀਸੀਬੀ; ਨਵਤੇਸ਼ ਸਿੰਗਲਾ, ਵਾਤਾਵਰਣ ਇੰਜੀਨੀਅਰ, ਪੀਪੀਸੀਬੀ; ਦਵਿੰਦਰ ਸਿੰਘ, ਜੇ.ਈ.; ਅਤੇ ਡਾ. ਗੁਰਸ਼ਗਨ ਕੰਧੋਲਾ, ਸੀਨੀਅਰ ਫੈਲੋ, ਪੀਪੀਸੀਬੀ ਹਾਜ਼ਰ ਸਨ।

# ਜ਼ੀਰਕਪੁਰ 'ਚ ਗਊ ਤਸਕਰੀ ਨੂੰ ਲੈ ਕੇ ਭਾਰੀ ਹੰਗਾਮਾ;ਰਾਸ਼ਟਰੀ ਸਨਾਤਨ ਸੈਨਾ ਨੇ ਪੁਲਿਸ ਥਾਣੇ ਅੱਗੇ ਲਾਇਆ ਧਰਨਾ

**ਆਜ਼ਾਦ ਸੋਚ**
**ਅਵਤਾਰ ਸੈਣੀ**
**ਜ਼ੀਰਕਪੁਰ , 4 ਜੂਨ**

ਜੀਰਕਪੁਰ ਵਿਖੇ ਗਊ ਤਸਕਰੀ ਅਤੇ ਗਊ ਵੰਸ਼ ਦੀ ਬੇਅਦਬੀ ਦਾ ਇੱਕ ਬੇਹੱਦ ਗੰਭੀਰ ਮਾਮਲਾ ਸਾਹਮਣੇ ਆਇਆ ਹੈ, ਜਿਸ ਤੋਂ ਬਾਅਦ ਇਲਾਕੇ ਦੇ ਹਿੰਦੂ ਸੰਗਠਨਾਂ ਅਤੇ ਗਊ ਰੱਖਿਅਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਘਟਨਾ ਦੇ ਵਿਰੋਧ ਵਿੱਚ ਰਾਸ਼ਟਰੀ ਸਨਾਤਨ ਸੈਨਾ ਭਾਰਤ ਅਤੇ ਹੋਰ ਹਿੰਦੂ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਜੀਰਕਪੁਰ ਪੁਲਿਸ ਥਾਣੇ ਦੇ ਬਾਹਰ ਇਕੱਠੇ ਹੋ ਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ ਅਤੇ ਪੰਜਾਬ ਸਰਕਾਰ ਖ਼ ?ਲਾ ਫ਼ ਨਾਅਰੇਬਾਜ਼ੀ ਕੀਤੀ ਗਈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਰਾਸ਼ਟਰੀ ਸਨਾਤਨ ਸੈਨਾ ਭਾਰਤ ਦੇ ਸੂੱਬਾ ਪ੍ਰਧਾਨ ਰੋਹਿਤ ਸ਼ਰਮਾ ਅਤੇ ਉਨ੍ਹਾਂ ਦੇ ਨਾਲ ਮੌਜੂਦ ਸੰਤ ਸਮਾਜ ਦੇ ਆਗੂਆਂ ਨੇ ਦੱਸਿਆ ਕਿ ਇਹ ਘਟਨਾ ਅੱਜ ਸਵੇਰ ਦੀ ਹੈ। ਉਨ੍ਹਾਂ ਦੇ ਸੰਗਠਨ 'ਗੌ ਰੱਖਸ਼ਕ ਗੋਰਕਸ਼ਾ ਪ੍ਰੀਸ਼ਦ' ਦੇ ਮੈਂਬਰ ਜਦੋਂ ਸੜਕ ਤੋਂ ਲੰਘ ਰਹੇ ਸਨ, ਤਾਂ ਉਨ੍ਹਾਂ ਨੇ ਇੱਕ ਸ਼ੱਕੀ ਟਰੱਕ ਜਿਸ 'ਤੇ 'ਹਰ ਹਰ ਮਹਾਦੇਵ' ਅਤੇ 'ਬਾਪੂ ਜ਼ਿੰਦਾਬਾਦ' ਲਿਖਿਆ ਹੋਇਆ ਸੀ ਨੂੰ ਰੋਕਿਆ। ਜਦੋਂ ਟਰੱਕ ਦੀ ਤਲਾਸ਼ੀ ਲਈ ਗਈ ਤਾਂ ਦੇਖਿਆ ਕਿ ਉਸ ਵਿੱਚ ਵੱਡੀ ਗਿਣਤੀ ਵਿੱਚ ਗਊ ਮਾਤਾਵਾਂ ਦੇ ਕੱਟੇ ਹੋਏ ਅੰਗ ਅਤੇ ਖੱਲਾਂ ਲੱਦੀਆਂ ਹੋਈਆਂ ਸਨ, ਜਿਨ੍ਹਾਂ ਨੂੰ ਟਰੱਕ ਵਿੱਚ ਲੱਦ ਕੇ ਕੀਤੇ ਲਿਜਾਇਆ ਜਾ ਰਿਹਾ ਸੀ। ਇਸ ਦੀ ਸੂਚਨਾ ਮਿਲਦਿਆਂ ਹੀ ਸਾਰੇ ਗਊ ਰੱਖਿਅਕ ਅਤੇ ਹਿੰਦੂ ਸੰਗਠਨਾਂ ਦੇ ਲੋਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਟਰੱਕ ਨੂੰ ਜ਼ਬਤ ਕਰ ਕੇ ਜੀਰਕਪੁਰ ਥਾਣੇ ਲੈ ਆਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਦਰਸ਼ਨਕਾਰੀਆਂ ਨੇ ਭਗਵੰਤ ਮਾਨ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਪ੍ਰਸ਼ਾਸਨਿਕ ਪ੍ਰਣਾਲੀ 'ਤੇ ਤਿੱਖੇ ਸਵਾਲ ਖੜ੍ਹੇ ਕੀਤੇ। ਸੰਤ ਸਮਾਜ ਦੇ ਆਗੂ ਨੇ ਬੇਹੱਦ ਗੁੱਸੇ ਵਿੱਚ ਆਖਿਆ ਕਿ ਸਾਨੂੰ ਹੁਣ ਕੋਈ ਢਿੱਲੀ-ਮੱਠੀ ਕਾਨੂੰਨੀ ਕਾਰਵਾਈ ਜਾਂ ਐਫ.ਆਈ.ਆਰ. ਨਹੀਂ ਚਾਹੀਦੀ। ਉਨ੍ਹਾ ਕਿਹਾ ਕਿ ਅਸੀਂ ਮਾਨ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਗਊ ਮਾਤਾ ਦੇ ਕਾਤਲਾਂ ਦਾ ਸਿੱਧਾ ਐਨਕਾਊਂਟਰ ਕੀਤਾ ਜਾਵੇ। ਜਿਸ ਤਰ੍ਹਾਂ ਉਨ੍ਹਾਂ ਨੇ ਗਊ ਮਾਤਾ ਦਾ ਸਿਰ ਕੱਟਿਆ ਹੈ, ਸਾਨੂੰ ਉਸ ਦੇ ਬਦਲੇ ਉਨ੍ਹਾਂ ਦੇ ਸਿਰ ਚਾਹੀਦੇ ਹਨ। ਸਿਰ ਦੇ ਬਦਲੇ ਸਿਰ ਹੀ ਸਾਡੀ ਮੁੱਖ ਮੰਗ ਹੈ।÷ਪ੍ਰਦਰਸ਼ਨ ਦੌਰਾਨ ਜੀਰਕਪੁਰ ਪੁਲਿਸ ਥਾਣੇ ਦੇ ਬਾਹਰ ਮਾਹੌਲ ਕਾਫੀ ਤਣਾਅਪੂਰਨ ਬਣਿਆ ਰਿਹਾ। ਹਿੰਦੂ ਆਗੂਆਂ ਨੇ ਗਲੇ ਵਿੱਚ ÷ਗੋ ਹੱਤਿਆ ਬੰਦ ਹੋ÷ ਦੇ ਪੋਸਟਰ ਪਾ ਕੇ ਰੋਸ ਜਤਾਇਆ। ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜਿੰਨਾ ਚਿਰ ਗਊ ਤਸਕਰਾਂ ਅਤੇ ਇਸ ਘਿਨਾਉਣੇ ਅਪਰਾਧ ਦੇ ਪਿੱਛੇ ਮੌਜੂਦ ਮੁਲਜ਼ਮਾਂ ਖ਼ ?ਲਾਫ਼ ਸਖ਼ਤ ਤੋਂ ਸਖ਼ਤ ਅਤੇ ਮਿਸਾਲੀ ਕਾਰਵਾਈ ਨਹੀਂ ਕੀਤੀ ਜਾਂਦੀ, ਉੱਨਾ ਚਿਰ ਉਨ੍ਹਾਂ ਦਾ ਇਹ ਸੰਘਰਸ਼ ਜਾਰੀ ਰਹੇਗਾ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਟਰੱਕ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।



# ਮਾਲੇਰਕੋਟਲਾ ਸਾਈਬਰ ਕਰਾਈਮ ਦਾ ਸਭ ਤੋਂ ਵੱਡਾ ਧਮਾਕਾ: 59 ਲੱਖ ਦੀ ਬਿਟਕੋਇਨ ਠੱਗੀ ਵਿੱਚ ਦੇਸ਼-ਵਿਆਪੀ ਗਿਰੋਹ ਦਾ ਪਰਦਾਫਾਸ਼

**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ**
**ਮਾਲੇਰਕੋਟਲਾ, 4 ਜੂਨ**

ਮਾਲੇਰਕੋਟਲਾ ਦੇ ਕਮਲ ਸਿਨੇਮਾ ਰੋਡ ਦੀ ਇੱਕ ਮਹਿਲਾ ਨਾਲ ਬਿਟਕੋਇਨ ਟ ?ਰੇਡਿੰਗ ਅਤੇ 'ਸ਼ਿਪਿਚਏਂ'ਨਏ' ਐਪ ਰਾਹੀਂ ਮੋਟਾ ਮੁਨਾਫਾ ਕਮਾਉਣ ਦੇ ਨਾਮ 'ਤੇ ਹੋਈ 59 ਲੱਖ ਰੁਪਏ ਦੀ ਅੰਤਰ-ਰਾਜੀ ਮੈਗਾ ਠੱਗੀ ਨੇ ਪੂਰੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਥਾਣਾ ਸਾਈਬਰ ਕਰਾਈਮ ਮਾਲੇਰਕੋਟਲਾ ਵਿਖੇ ਦਰਜ ਐਫ.ਆਈ.ਆਰ. ਨੰਬਰ 0009/2026 ਦੇ ਮੁਤਾਬਕ, ਇਹ ਮਹਿਜ਼ ਇੱਕ ਆਨਲਾਈਨ ਫਰੌਡ ਨਹੀਂ, ਬਲਕਿ ਬਿਹਾਰ, ਰਾਜਸਥਾਨ, ਗੁਜਰਾਤ, ਓਡੀਸ਼ਾ ਅਤੇ ਕੇਰਲ ਤੱਕ ਫੈਲਿਆ ਇੱਕ ਬਹੁਤ ਵੱਡਾ ਸੰਗਠਿਤ ਸਾਈਬਰ ਅਪਰਾਧਿਕ ਨੈੱਟਵਰਕ ਹੈ, ਜਿਸ ਵਿੱਚ ਦਰਜਨਾਂ ਸ਼ੱਕੀ ਖਾਤੇਦਾਰ ਅਤੇ ਇੱਕੋ ਪਰਿਵਾਰ ਦੇ ਕਈ ਮੈਂਬਰ ਸ਼ਾਮਲ ਹਨ ।ਠੱਗੀ ਦਾ ਜਾਲ ਅਤੇ ਸ਼ਿਕਾਇਤਕਰਤਾ ਦਾ ਪਰਿਵਾਰ ਪੀੜਤ ਮਹਿਲਾ ਯਾਸਮੀਨ ਪਤਨੀ ਮੁਹੰਮਦ ਫੈਸਲ ਕੁਰੈਸ਼ੀ ਵਾਸੀ ਕਮਲ ਸਿਨੇਮਾ ਰੋਡ, ਮਾਲੇਰਕੋਟਲਾ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਮੁਲਜ਼ਮਾਂ ਨੇ ਉਸ ਨੂੰ ਭਾਰੀ ਮੁਨਾਫੇ ਦਾ ਲਾਲਚ ਦੇ ਕੇ 3 ਬਿਟਕੋਇਨ ਓੰਿ 'ਤੇ ਬੁੱਕ ਕਰਵਾਏ ਸਨ। ਇਸ ਵੱਡੀ ਰਕਮ ਨੂੰ ਜੁਟਾਉਣ ਲਈ ਯਾਸਮੀਨ ਨੇ ਆਪਣੇ ਰਿਸ਼ਤੇਦਾਰਾਂ, ਜਿਨ੍ਹਾਂ ਵਿੱਚ ਉਸ ਦਾ ਦਿਓਰ ਇਲਮਾਨ ਅਹਿਮਦ, ਦਿੱਲੀ ਨਿਵਾਸੀ ਸਹੇਲੀ ਆਸਮਾ, ਭਰਾ ਨਜੀਰ, ਜੀਜਾ ਆਬਿਦ ਅਲੀ, ਵੱਡਾ ਭਰਾ ਨਸੀਰ ਰਮਜਾਨ, ਭੈਣ ਰੂਹੀ, ਝਾਰਖੰਡ ਤੋਂ ਮਾਮਾ ਅਹਿਮਦ ਰਜਾ ਅਤੇ ਸਹੁਰਾ ਚਾਂਦ ਕੁਰੈਸ਼ੀ ਸ਼ਾਮਲ ਸਨ, ਕੋਲੋਂ ਪੈਸੇ ਉਧਾਰ ਲੈ ਕੇ ਠੱਗਾਂ ਦੇ ਦੱਸੇ ਮੁਤਾਬਕ ਫੀ ਰਾਹੀਂ ਭੇਜੇ ਸਨ ।ਮੁੱਖ ਨਾਮਜ਼ਦ ਮੁਲਜ਼ਮ ਅਤੇ ਪਰਿਵਾਰਕ ਗੈਂਗ ਜਾਂਚ ਦੌਰਾਨ ਸਾਹਮਣੇ ਆਇਆ ਕਿ ਯਾਸਮੀਨ ਨੂੰ ਸਭ ਤੋਂ ਪਹਿਲਾਂ ਇਕਰਾ (ਪੁੱਤਰੀ ਮੁ. ਰਾਈਸ) ਨਾਂ ਦੀ ਲੜਕੀ ਨੇ ਫੋਨ ਕਰਕੇ ਨਿਵੇਸ਼ ਦੇ ਲਿੰਕ ਭੇਜੇ ਸਨ। ਪੁਲਿਸ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਇੱਕ ਪੂਰਾ ਪਰਿਵਾਰਕ ਗਿਰੋਹ ਹੈ ਜਿਸ ਵਿੱਚ ਇਕਰਾ ਦੇ ਪਿਤਾ ਮੁ. ਰਾਈਸ (ਪੁੱਤਰ ਮਹਿਮੂਦ), ਭਰਾ ਮੁ. ਸ਼ਾਦ, ਅਤੇ ਮਹਿਮੂਦ ਦੇ ਹੋਰ ਪੁੱਤਰ ਉਮਰਦਰਾਜ, ਹਨੀਫ, ਨਫੀਸ, ਮੁ. ਰਾਈਸ਼ ਦੀ ਪਤਨੀ ਸ਼ਹਾਨਾਂ, ਰਫੀਕ ਇਲਾਹੀ ਦਾ ਪੁੱਤਰ ਨੰਨਾ ਰਹਿਮਤ ਅਤੇ ਮਹਿਮੂਦ ਦੀ ਪੁੱਤਰੀ ਸ਼ਹਿਨਾਜ ਮਿਲ ਕੇ ਇਸ ਧੋਖਾਧੜੀ ਦੇ ਤਾਣੇ-ਬਾਣੇ ਨੂੰ ਚਲਾ ਰਹੇ ਸਨ। ਇਨ੍ਹਾਂ ਨੇ ਸਬੂਤ ਮਿਟਾਉਣ ਲਈ ਪੀੜਤਾ ਨੂੰ ਦਿੱਲੀ ਦੀ ਜਾਮਾ ਮਸਜਿਦ ਬੁਲਾ ਕੇ ਡਰਾਇਆ ਅਤੇ ਫੋਨ ਤੋਂ ਡਾਟਾ ਵੀ ਡਿਲੀਟ ਕਰਵਾਇਆ ।ਦੇਸ਼ ਭਰ ਦੇ ਬੈਂਕ ਖਾਤਿਆਂ ਦਾ ਖੁਲਾਸਾ ਜਦੋਂ ਸਾਈਬਰ ਕਰਾਈਮ ਟੀਮ ਦੇ ਇੰਸਪੈਕਟਰ/ਐਸ.ਐਚ.ਓ. ਮਨਜੋਤ ਸਿੰਘ ਅਤੇ ਸਿਪਾਹੀ ਗੁਰਪ੍ਰੀਤ ਸਿੰਘ (ਨੰਬਰ 1826/ਸੰਗ.) ਨੇ ਤਕਨੀਕੀ ਜਾਂਚ ਸ਼ੁਰੂ ਕੀਤੀ ਤਾਂ ਵੱਖ-ਵੱਖ ਰਾਜਾਂ ਦੇ ਫਰਜ਼ੀ ਅਤੇ 'ਮਿਊਲ' ੍ਰਲਇ) ਬੈਂਕ ਖਾਤਿਆਂ ਦੀ ਲੰਬੀ ਸੂਚੀ ਸਾਹਮਣੇ ਆਈ। ਇਸ ਠੱਗੀ ਦੇ ਪੈਸੇ ਦੇਸ਼ ਦੇ ਕੋਨੇ-ਕੋਨੇ ਵਿੱਚ ਟ ?ਰਾਂਸਫਰ ਹੋਏ, ਜਿਸ ਵਿੱਚ ਬਿਹਾਰ ਦੇ ਰਾਜ ਕੁਮਾਰ ਮਿਸ਼ਰਾ (ਪੁੱਤਰ ਪ੍ਰੇਮ ਨਿੱਧੀ ਮਿਸ਼ਰਾ), ਰਾਜਸਥਾਨ ਦੇ ਮਨੋਹਰ ਲਾਲ ੍ਰਓਨੋਹਰਲਓਲ, ਪੁੱਤਰ ਚੇਨਾ ਰਾਮ), ਓਡੀਸ਼ਾ ਦੇ ਸਨਮਾਤਾ ਰੰਜਨ ਮਲਿਕ (ਸ਼ਓਨਮਓਟਓ ?ਰਓਨਜਓਨੰ ਓਲਲਿਚਕ), ਬਿਹਾਰ ਦੀ ਮਿਸ ਨੀਹਾ ਪ੍ਰਵੀਨ (ਪੁੱਤਰੀ ਮੁ. ਫਾਰੁਕ), ਹਰਿਆਣਾ ਦੇ ਮਿਸਟਰ ਰੋਹਿਤ (ਪੁੱਤਰ ਸ਼ ?ਰੀ ਭਗਵਾਨ), ਗੁਜਰਾਤ ਦੇ ਆਸਰੀ ਸੋਮਭਾਈ (ਪੁੱਤਰ ਸਾਲੂਭਾਈ), ਗੁਜਰਾਤ ਦੇ ਹੀ ਮਾਹਿਦੁਲ ਇਸਲਾਮ (ਪੁੱਤਰ ਵਾਜਿਦ ਅਲੀ), ਬਿਹਾਰ ਦੀ ਸ੍ਰੀਮਤੀ ਚਾਨੋ ਦੇਵੀ (ਪਤਨੀ ਛਤੀਸ਼ ਸਦਾ), ਤੇਲੰਗਾਨਾ ਦੇ ਐਨ ਉਦੈ ਕੁਮਾਰ (ਪੁੱਤਰ ਐਨ ਪੇਂਟਈਆ), ਗੁਜਰਾਤ ਦੇ ਗੋਸਵਾਮੀ ਅਜੈਗਿਰੀ ਰਮੇਸ਼ਗਿਰੀ, ਆਂਧਰਾ ਪ੍ਰਦੇਸ਼ ਦੇ ਕਨਾਕੀਆ ਸਾਈ ਮਹੇਸ਼, ਰਾਜਸਥਾਨ ਦੇ ਮਨਫੂਲ ੍ਰਓਨਪਹੌਲ), ਆਂਧਰਾ ਪ੍ਰਦੇਸ਼ ਦੇ ਮਿਸਟਰ ਜੰਮੂ ਵਿਗਨੇਸ਼ ਅਤੇ ਕੇਰਲ ਦੀ ਮਿਸ ਮਹਿਮਾ ਟੀ (ਪੁੱਤਰੀ ਸੁਭਾਸ਼ ਟੀ) ਦੇ ਬੈਂਕ ਖਾਤੇ ਸ਼ਾਮਲ ਹਨ ।ਪੁਲਿਸ ਦੀ ਸਖ਼ਤ ਕਾਰਵਾਈ ਐਸ.ਐਸ.ਪੀ. ਮਾਲੇਰਕੋਟਲਾ ਦੇ ਆਦੇਸ਼ਾਂ 'ਤੇ ਹੁਣ ਭਾਰਤੀ ਨਿਆ ਸੰਹਿਤਾ (ਭਾਂਸ਼) ਦੀਆਂ ਧਾਰਾਵਾਂ 318(4), 336, 340, 61(2) ਅਤੇ ਆਈ.ਟੀ. ਐਕਟ ਦੀ ਧਾਰਾ 66(ਧ) ਤਹਿਤ ਵੱਡਾ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਉਕਤ ਸਾਰੇ ਖਾਤੇਦਾਰਾਂ ਅਤੇ ਨਾਮਜ਼ਦ ਮੁਲਜ਼ਮਾਂ ਦੀਆਂ ਗ੍ਰਿਫ਼ਤਾਰੀਆਂ ਲਈ ਛਾਪੇਮਾਰੀ ਜਾਰੀ ਹੈ ਅਤੇ ਜਲਦ ਹੀ ਪੂਰੇ ਗਿਰੋਹ ਨੂੰ ਸਲਾਖਾਂ ਪਿੱਛੇ ਭੇਜਿਆ ਜਾਵੇਗਾ।

# ਮਨੁੱਖੀ ਅਧਿਕਾਰ ਮੰਚ ਵੱਲੋਂ ਕੀਤੀਆਂ ਨਵੀਆਂ ਨਿਯੁਕਤੀਆਂ

## ਬਰਸਾਤਾਂ ਵਿੱਚ ਵੱਧ ਤੋਂ ਵੱਧ ਬੂਟੇ ਲਗਾਏ ਜਾਣਗੇ - ਪਦਮ ਮਾਨ



**ਆਜ਼ਾਦ ਸੋਚ**
**ਜੇ ਐੱਸ ਖੰਨਾ**
**ਫ਼ਤਹਿਗੜ੍ਹ ਸਾਹਿਬ , 4 ਜੂਨ**

ਮਨੁੱਖੀ ਅਧਿਕਾਰ ਮੰਚ ਦੀ ਜ਼ਿਲ੍ਹਾ ਇਕਾਈ ਸੰਗਰੂਰ ਵੱਲੋਂ ਬਲਾਕ ਸੁਨਾਮ ਦੇ ਚੇਅਰਮੈਨ ਜਸਵੀਰ ਸਿੰਘ ਦੀ ਪ੍ਰਧਾਨਗੀ ਹੇਠ ਪਿੰਡ ਚੀਮਾ ਵਿਖੇ ਮੰਚ ਦੀ ਜਰੂਰੀ ਮੀਟਿੰਗ ਕਰਵਾਈ ਗਈ। ਜਿਸ ਵਿੱਚ ਸੰਸਥਾ ਦੇ ਕੌਮੀ ਪ੍ਰਧਾਨ ਡਾਕਟਰ ਜਸਵੰਤ ਸਿੰਘ ਖੇੜਾ ਅਤੇ ਪਦਮ ਮਾਨ ਚੇਅਰਮੈਨ ਜੈਪੁਰ ( ਰਾਜਸਥਾਨ )ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਇਸ ਮੌਕੇ ਨਵੇਂ ਅਹੁਦੇਦਾਰਾਂ ਦੀਆਂ ਨਿਯੁੱਕਤੀਆਂ ਕੀਤੀਆਂ ਗਈਆਂ ਜਿਨ੍ਹਾਂ ਵਿੱਚ ਨਰਿੰਦਰ ਕੁਮਾਰ ਨੂੰ ਪ੍ਰਧਾਨ ਬਲਾਕ ਸੁਨਾਮ , ਰਛਪਾਲ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ , ਯੋਗੇਸ਼ ਕੁਮਾਰ ਨੂੰ ਜ਼ਿਲ੍ਹਾ ਮੀਤ ਪ੍ਰਧਾਨ , ਪਰਗਟ ਪਾਲ ਨੂੰ ਜ਼ਿਲ੍ਹਾ ਚੇਅਰਮੈਨ ਆਰ ਟੀ ਆਈ ਸੈੱਲ , ਮੱਖਣ ਸਿੰਘ ਨੂੰ ਅਡਵਾਈਜ਼ਰ ਆਰ ਟੀ ਆਈ ਸੈੱਲ , ਮਨਦੀਪ ਸਿੰਘ ਨੂੰ ਬਲਾਕ ਪ੍ਰਧਾਨ ਯੂਥ ਵਿੰਗ ਬਰਨਾਲਾ ਅਤੇ ਕੁਲਦੀਪ ਸਿੰਘ ਵਾਈਸ ਚੇਅਰਮੈਨ ਬਲਾਕ ਸੁਨਾਮ ਲਗਾ ਕੇ ਸ਼ਨਾਖ਼ਤੀ ਕਾਰਡ ਅਤੇ ਨਿਯੁਕਤੀ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਹੈ। ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਦਿਨੋਂ ਦਿਨ ਵਧ ਰਹੀ ਗਰਮੀ ਤੇ ਚਿੰਤਾ ਪ੍ਰਗਟ ਕਰਦਿਆਂ ਇਹ ਫੈਸਲਾ ਲਿਆ ਕਿ ਇਸ ਵਾਰ ਮਨੁੱਖੀ ਅਧਿਕਾਰ ਮੰਚ ਵੱਲੋਂ ਵੱਧ ਤੋਂ ਵੱਧ ਬੂਟੇ ਲਗਾਏ ਜਾਣਗੇ ਤਾਂ ਜ਼ੋ ਵੱਧ ਰਹੀ ਗਰਮੀ ਤੋਂ ਰਾਹਤ ਪਾਈ ਜਾ ਸਕੇ। ਇਸ ਮੌਕੇ ਡਾਕਟਰ ਖੇੜਾ ਨੇ ਬੋਲਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਕੈਂਪ ਅਤੇ ਸਕੂਲ , ਕਾਲਜ ਅਤੇ ਨੌਜਵਾਨ ਪੀੜ੍ਹੀ ਦੇ ਡਰਾਈਵਿੰਗ ਲਾਇਸੈਂਸ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਤਾਲਮੇਲ ਕਰਕੇ ਬਣਾਏ ਜਾਣਗੇ। ਉਨ੍ਹਾਂ ਨੇ ਕਿਹਾ ਕਿ ਜਿਹੜੇ ਵਿਅਕਤੀ ਸਮਾਜ ਲਈ ਕੁਝ ਕਰਨ ਦੀ ਸਮਰੱਥਾ ਰੱਖਦੇ ਹਨ ਉਨ੍ਹਾਂ ਨੂੰ ਜ਼ਿਲ੍ਹੇ ਦੀਆਂ ਮੁੱਖ ਅਹੁਦੇਦਾਰੀਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵੀਰ ਸਿੰਘ ਚੇਅਰਮੈਨ ਬਲਾਕ ਸੁਨਾਮ , ਰਛਪਾਲ ਸਿੰਘ ਢੱਡਰੀਆਂ , ਗੁਰਜੰਟ ਸਿੰਘ ਸਾਂਗਾਂ , ਹਰਵਿੰਦਰ ਸਿੰਘ , ਪ੍ਰਗਟ ਪਾਲ ਸਿੰਘ ਚੇਅਰਮੈਨ ਆਰ ਟੀ ਆਈ ਸੈੱਲ , ਦਵਿੰਦਰ ਸਿੰਘ , ਰਾਜਵਿੰਦਰ ਕੌਰ , ਕਰਮਜੀਤ ਸਿੰਘ , ਚਰਨਜੀਤ ਸਿੰਘ , ਯੋਗੇਸ਼ ਕੁਮਾਰ , ਰੋਹਿਤ ਤੁਲੀ , ਸੁਖਦੇਵ ਸਿੰਘ ਅਤੇ ਬਲਜੀਤ ਸਿੰਘ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ।

# ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਮਦਨ ਲਾਲ ਥਰੇਜਾ ਦੇ ਦੇਹਾਂਤ 'ਤੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ





**ਆਜ਼ਾਦ ਸੋਚ**
**ਸੰਜੇ ਬਾਂਸਲ/ਸਮਾਣਾ, 4 ਜੂਨ**

ਸਮਾਜ ਸੇਵੀ ਸ੍ਰੀ ਸੰਜੇ ਥਰੇਜਾ ਅਤੇ ਸ੍ਰੀ ਅਨਿਲ ਥਰੇਜਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਚਾਚਾ ਸ੍ਰੀ ਮਦਨ ਲਾਲ ਥਰੇਜਾ ਦਾ ਬੀਤੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।

ਇਸ ਦੁੱਖ ਦੀ ਘੜੀ ਵਿੱਚ ਸਾਬਕਾ ਵਿਧਾਇਕ ਸ੍ਰੀ ਰਜਿੰਦਰ ਸਿੰਘ ਨੇ ਥਰੇਜਾ ਪਰਿਵਾਰ ਦੇ ਗ੍ਰਹਿ ਵਿਖੇ ਪਹੁੰਚੇ ਅਤੇ ਪਰਿਵਾਰਕ ਮੈਂਬਰਾਂ ਨਾਲ ਗਹਿਰਾ ਦੁੱਖ ਸਾਂਝਾ ਕੀਤਾ। ਉਨ੍ਹਾਂ ਨੇ ਸਵਰਗਵਾਸੀ ਮਦਨ ਲਾਲ ਥਰੇਜਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਹ ਇੱਕ ਮਿਲਨਸਾਰ ਅਤੇ ਨੇਕ ਸੁਭਾਅ ਦੇ ਇਨਸਾਨ ਸਨ, ਜਿਨ੍ਹਾਂ ਦੀ ਕਮੀ ਹਮੇਸ਼ਾ ਮਹਿਸੂਸ ਕੀਤੀ ਜਾਵੇਗੀ।

ਰਜਿੰਦਰ ਸਿੰਘ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਪ੍ਰਦਾਨ ਕਰੇ। ਇਸ ਮੌਕੇ ਹੋਰ ਪਤਵੰਤੇ ਸੱਜਣਾਂ ਨੇ ਵੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਮਰਹੂਮ ਨੂੰ ਸ਼ਰਧਾਂਜਲੀ ਭੇਟ ਕੀਤੀ ।ਇਸ ਮੌਕੇ ਕੌਂਸਲਰ ਬੇਅੰਤ ਸਿੰਘ ਪੱਪੀ, ਜੀਵਨ ਗਰਗ, ਯਸ਼ਪਾਲ ਸਿੰਗਲਾ, ਡਾ ਪ੍ਰੇਮਪਾਲ ਅਤੇ ਸਚਿਨ ਕੰਬੋਜ ਆਦਿ ਵੀ ਹਾਜ਼ਰ ਰਹੇ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਵੱਲੋਂ ਪੈਰਾ ਲੀਗਲ ਵਲੰਟੀਅਰਾਂ ਦੀ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ

ਬਠਿੰਡਾ, 4 ਜੂਨ (ਅਜ਼ਾਦ ਸੋਚ ਬਿਊਰੋ) : ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਲੀਗਲ ਏਡ ਕਲੀਨਿਕ ਰੈਗੂਲੇਸ਼ਨਜ਼-2011 ਦੇ ਤਹਿਤ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸ਼ ?ਰੀ ਕਰੁਨੇਸ਼ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਬਠਿੰਡਾ ਵੱਲੋਂ ਕਾਨੂੰਨੀ ਜਾਗਰੂਕਤਾ ਫੈਲਾਉਣਾ, ਸਮਾਜ ਵਿਚ ਹੋ ਰਹੀ ਕਿਸੇ ਵੀ ਵਧੀਕੀ ਦੀ ਰਿਪੋਰਟ ਕਰਨਾ, ਮੁਫ਼ਤ ਕਾਨੂੰਨੀ ਸਹਾਇਤਾ ਦਿਵਾਉਣਾ, ਲੋੜਵੰਦ ਵਿਅਕਤੀਆਂ ਦੀ ਮਦਦ ਕਰਨਾ, ਜਨ ਸਾਧਾਰਨ ਨੂੰ ਲੋਕ ਅਦਾਲਤਾਂ, ਮੀਡੀਏਸ਼ਨ ਸੈਂਟਰ ਤੇ ਸਥਾਈ ਲੋਕ ਅਦਾਲਤ ਦੀ ਜਾਣਕਾਰੀ ਦੇਣ, ਲੀਗਲ ਏਡ ਕਲੀਨਿਕ ਚਲਾਉਣ ਅਤੇ ਫਰੰਟ ਆਫਿ ?ਸ ਦੀ ਡਿਊਟੀ ਨਿਭਾਉਣਾ ਆਦਿ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਵੱਲੋਂ ਪੈਰ੍ਹਾ ਲੀਗਲ ਵਲੰਟੀਅਰਾਂ ਦੀ ਨਿਯੁਕਤੀ ਕੀਤੀ ਜਾਣੀ ਹੈ।

ਇਸ ਨਿਯੁਕਤੀ ਲਈ ਕੋਈ ਵੀ ਅਧਿਆਪਕ (ਸਮੇਤ ਰਿਟਾਇਰਡ ਅਧਿਆਪਕ), ਰਿਟਾਇਰਡ ਸਰਕਾਰੀ ਮੁਲਾਜ਼ਮ ਅਤੇ ਸੀਨੀਅਰ ਸਿਟੀਜ਼ਨ, ਐੱਮ.ਐੱਸ.ਡਬਲਿਊ ਦੇ ਵਿਦਿਆਰਥੀ ਅਤੇ ਅਧਿਆਪਕ, ਆਂਗਣਵਾੜੀ ਵਰਕਰਜ਼, ਡਾਕਟਰ/ਫਾਰਮਾਸਿਸਟ, ਗੈਰ-ਸਿਆਸੀ ਵਿਅਕਤੀ, ਐਨ.ਜੀ.ਓ. ਅਤੇ ਕਲੱਬ, ਔਰਤਾਂ ਦੇ ਸਵੈ-ਸਹਾਇਤਾ ਗਰੁੱਪ ਅਤੇ ਹੋਰ ਸ਼੍ਰੇਣੀਆਂ ਨਾਲ ਸਬੰਧਤ ਸਵੈ- ਸਹਾਇਤਾ ਗਰੁੱਪ, ਕੋਈ ਵੀ ਅਜਿਹਾ ਵਿਅਕਤੀ ਜੋ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਯੋਗ ਪਾਇਆ ਜਾਵੇਗਾ/ਜਾਵੇਗਾ ਉਹ ਪੈਰਾ ਲੀਗਲ ਵਲੰਟੀਅਰ ਬਣਨ ਲਈ ਅਪਲਾਈ ਕਰ ਸਕਦਾ ਹੈ ।ਇਸ ਸਬੰਧ ਵਿੱਚ ਯੋਗ ਉਮੀਦਵਾਰਾਂ ਤੋਂ ਪ੍ਰੋਫਾਰਮੇ ਉੱਪਰ ਅਰਜ਼ੀਆਂ ਦੀ ਮੰਗ ਮਿਤੀ 10 ਜੂਨ 2026 ਤੱਕ ਕੀਤੀ ਜਾਣੀ ਹੈ। ਚਾਹਵਾਨ ਯੋਗ ਉਮੀਦਵਾਰ ਆਪਣੀਆਂ ਅਰਜ਼ੀਆਂ ਦਫ਼ਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਬਠਿੰਡਾ ਵਿਖੇ ਮਿਤੀ 10 ਜੂਨ, 2026 ਨੂੰ ਸ਼ਾਮ 5 ਵਜੇ ਤੱਕ ਜਮਹਾਂ ਕਰਵਾ ਸਕਦੇ ਹਨ ।

# ਕਿਸਾਨ ਵੀਰਾਂ ਨੂੰ ਫਾਸਫੋਰਸ ਖਾਦ ਦੀ ਵਰਤੋਂ ਘਟਾਉਣ ਦੀ ਲੋੜ : ਡਾ. ਤੇਜਬੀਰ ਬੁੱਟਰ

**ਆਜ਼ਾਦ ਸੋਚ**
**ਬਿੰਦਰ ਜਲਾਲ**
**ਭਗਤਾ ਭਾਈ , 4 ਜੂਨ**

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ "ਖੇਤ ਬਚਾਓ ਅਭਿਆਨ"ਤਹਿਤ ਡਾ. ਗੁਰਦੀਪ ਸਿੰਘ, ਡਿਪਟੀ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ. ਦੀ ਅਗਵਾਈ ਹੇਠ ਪਿੰਡ ਮਾਈਸਰਖਾਨਾ ਅਤੇ ਘਸੋਖਾਨਾ ਵਿਖੇ ਕਿਸਾਨ ਜਾਗਰੂਕਤਾ ਕੈਂਪਾਂ ਅਤੇ ਕਿਸਾਨ ਗੋਸ਼ਟੀਆਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੰਭਾਲ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਵਾਤਾਵਰਣ ਅਨੁਕੂਲ ਖੇਤੀ ਤਕਨੀਕਾਂ ਬਾਰੇ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਡਾ. ਤੇਜਬੀਰ ਸਿੰਘ ਬੁੱਟਰ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ), ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਿੱਟੀ ਖੇਤੀਬਾੜੀ ਦੀ ਬੁਨਿਆਦ ਹੈ ਅਤੇ ਇਸ ਦੀ ਸਿਹਤ ਨੂੰ ਬਣਾਈ ਰੱਖਣ ਲਈ ਖਾਦਾਂ ਦੀ ਵਿਗਿਆਨਕ ਅਤੇ ਸੁਚੱਜੀ ਵਰਤੋਂ ਬਹੁਤ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਜੇਕਰ ਕਣਕ ਦੀ ਫ਼ਸਲ ਵਿੱਚ ਸਿਫਾਰਸ਼ ਮਾਤਰਾ ਵਿੱਚ ਫਾਸਫੋਰਸ ਖਾਦ ਪਾਈ ਹੋਵੇ ਤਾਂ ਝੋਨੇ ਜਾਂ ਸਾਉਣੀ ਦੀ ਫ਼ਸਲ ਦੌਰਾਨ ਕੋਈ ਫਾਸਫੋਰਸ ਖਾਦ ਪਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਤਾਂ ਜੋ ਖੇਤੀ ਦੀ ਲਾਗਤ ਘਟਾਈ ਜਾ ਸਕੇ ਅਤੇ ਫ਼ਸਲਾਂ ਤੋਂ ਵੱਧ ਝਾੜ ਪ੍ਰਾਪਤ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਰਸਾਇਣਕ ਖਾਦਾਂ ਦੀ ਬੇਲੋੜੀ ਅਤੇ ਅਸੰਤੁਲਿਤ ਵਰਤੋਂ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਘਟਾਉਂਦੀ ਹੈ ਅਤੇ ਵਾਤਾਵਰਣ ਲਈ ਵੀ ਹਾਨੀਕਾਰਕ ਸਾਬਤ ਹੋ ਸਕਦੀ ਹੈ ।ਉਨ੍ਹਾਂ ਕਿਸਾਨਾਂ ਨੂੰ ਜੈਵਿਕ ਖਾਦਾਂ, ਹਰੀ ਖਾਦ ਅਤੇ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਡਾ. ਬੁੱਟਰ ਨੇ ਦੱਸਿਆ ਕਿ ਮਿੱਟੀ ਵਿੱਚ ਜੈਵਿਕ ਕਾਰਬਨ ਦੀ ਮਾਤਰਾ ਵਧਾਉਣ ਨਾਲ ਨਾ ਸਿਰਫ਼ ਮਿੱਟੀ ਦੀ ਬਣਤਰ ਵਿੱਚ ਸੁਧਾਰ ਹੁੰਦਾ ਹੈ, ਸਗੋਂ ਪਾਣੀ ਸੰਭਾਲਣ ਦੀ ਸਮਰੱਥਾ ਵੀ ਵਧਦੀ ਹੈ, ਜਿਸ ਨਾਲ ਫਸਲਾਂ ਨੂੰ ਲੰਬੇ ਸਮੇਂ ਤੱਕ ਲਾਭ ਮਿਲਦਾ ਹੈ ।ਇਸ ਮੌਕੇ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੰਭਾਲਣ ਅਤੇ ਖੇਤੀ ਨੂੰ ਵਧੇਰੇ ਲਾਹੇਵੰਦ ਤੇ ਟਿਕਾਊ ਬਣਾਉਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਨੁਸਾਰ ਖੇਤੀ ਅਮਲ ਅਪਣਾਉਣ ਦੀ ਅਪੀਲ ਵੀ ਕੀਤੀ ਗਈ।




# ਸੁਪਰੀਮ ਕੋਰਟ ਦੇ ਕਾਲੇਜੀਅਮ ਵੱਲੋਂ ਨਵੇਂ ਜੱਜਾਂ ਦੀਆਂ ਕੀਤੀਆਂ ਨਿਯੁੱਕਤੀਆਂ 'ਚ ਸੀਨੀਅਰ ਸਿੱਖ ਜੱਜਾਂ ਨੂੰ ਨਜ਼ਰਅੰਦਾਜ ਕਰਨਾ ਮੰਦਭਾਗਾ : ਸਿਮਰਨਜੀਤ ਸਿੰਘ ਮਾਨ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 4 ਜੂਨ**

ਹਾਥੀ ਦੇ ਦੰਦ ਖਾਣ ਵਾਲੇ ਹੋਰ ਅਤੇ ਦਿਖਾਉਣ ਵਾਲੇ ਹੋਰ ਦੀ ਕਹਾਵਤ ਮੌਜੂਦਾ ਮੋਦੀ ਹਕੂਮਤ 'ਤੇ ਪੂਰਨ ਰੂਪ 'ਚ ਢੁੱਕਦੀ ਹੈ ਕਿ ਜਦੋਂ ਮੁਲਕ ਦੀਆਂ ਸਰਹੱਦਾਂ ਉਤੇ ਜਾਂ ਅੰਦਰੂਨੀ ਸਥਿਤੀ ਸਮੇਂ ਕੁਦਰਤੀ ਆਫਤਾ, ਕੋਵਿਡ ਵਰਗੀਆਂ ਭਿਆਨਕ ਬਿਮਾਰੀਆਂ, ਹੜ੍ਹਾਂ-ਭੂਚਾਲਾਂ ਆਦਿ ਸੰਕਟ ਸਮੇਂ ਗੁਜਰ ਰਿਹਾ ਹੋਵੇ, ਤਾਂ ਇਥੋਂ ਦੀ ਹਿੰਦੂਤਵ ਹੁਕਮਰਾਨ ਸਿੱਖ ਕੌਮ ਦੀਆਂ ਬਹਾਦਰੀਆਂ, ਕੁਰਬਾਨੀਆਂ, ਤਿਆਗ, ਸੇਵਾ ਭਾਵ, ਇਨਸਾਨੀ ਮਨੁੱਖੀ ਕਦਰਾਂ-ਕੀਮਤਾਂ ਆਦਿ ਦੇ ਖ਼ੂਬ ਸੋਹਲੇ ਗਾ ਕੇ ਮੀਡੀਏ ਤੇ ਪ੍ਰਚਾਰ ਸਾਧਨਾਂ ਰਾਹੀ ਪ੍ਰਚਾਰ ਕਰਕੇ ਅਜਿਹੇ ਸਮਿਆਂ 'ਤੇ ਸਿੱਖ ਕੌਮ ਨੂੰ ਚੰਦ ਕੁ ਦਿਨਾਂ ਜਾਂ ਹਫਤਿਆ ਲਈ ਉਤਸਾਹਿਤ ਕਰਨ ਦੇ ਅਮਲ ਜਰੂਰ ਕਰਦੀ ਹੈ, ਪਰ ਜਦੋਂ ਅਜਿਹੀ ਸੰਕਟ ਦੀ ਘੜੀ ਖਤਮ ਹੋ ਜਾਂਦੀ ਹੈ ਤਾਂ ਫਿਰ ਸਰਬੱਤ ਦਾ ਭਲਾ ਲੋੜਨ ਵਾਲੀ ਉਸ ਸਿੱਖ ਕੌਮ ਨਾਲ ਭਾਰੀ ਵਿਤਕਰੇ, ਬੇਇਨਸਾਫੀਆਂ ਅਤੇ ਜ਼ਬਰ ਜੁਲਮ ਕਰਨਾ ਸ਼ੁਰੂ ਕਰ ਦਿੰਦੇ ਹਨ । ਇਸ ਜ਼ਬਰ ਤੇ ਵਿਤਕਰੇ ਦੀ ਪ੍ਰਤੱਖ ਮਿਸਾਲ ਹੈ ਕਿ ਜਸਟਿਸ ਸੁਰਜੀਤ ਸਿੰਘ ਸੰਧਾਵਾਲੀਆ ਜੋ ਹਾਈਕੋਰਟ ਦੇ ਮੁੱਖ ਜੱਜ ਰਹਿ ਚੁੱਕੇ ਹਨ ਅਤੇ ਸਭ ਤੋਂ ਸੀਨੀਅਰ ਜੱਜਾਂ ਵਿਚੋਂ ਇਕ ਸਨ, ਜਿਨ੍ਹਾਂ ਨੂੰ ਸੁਪਰੀਮ ਕੋਰਟ ਦੇ ਬਣਨ ਵਾਲੇ ਜੱਜਾਂ ਵਿੱਚ ਪਹਿਲੀ ਕਤਾਰ 'ਚ ਰੱਖਣਾ ਬਣਦਾ ਸੀ, ਉਨ੍ਹਾਂ ਨੂੰ ਵੀ ਸੁਪਰੀਮ ਕੋਰਟ ਦੀ ਕਾਲੇਜੀਅਮ ਅਤੇ ਹੁਕਮਰਾਨਾਂ ਨੇ ਸਿੱਖ ਹੋਣ ਦੀ ਬਦੌਲਤ ਨਜਰਅੰਦਾਜ ਕੀਤਾ, ਲੇਕਿਨ ਹੁਣ ਜਦੋਂ ਨਵੇਂ 5 ਸੁਪਰੀਮ ਕੋਰਟ ਦੇ ਜੱਜਾਂ ਦੀ ਨਿਯੁਕਤੀ ਕੀਤੀ ਗਈ ਹੈ ਤਾਂ ਉਨ੍ਹਾਂ ਦੇ ਸਪੁੱਤਰ ਜਸਟਿਸ ਜੀ.ਐਸ. ਸੰਧਾਵਾਲੀਆ ਵੀ ਸਭ ਤੋਂ ਸੀਨੀਅਰ ਜੱਜਾਂ ਵਿੱਚ ਆਉਂਦੇ ਹਨ ਪਰ ਹੁਣ ਵੀ ਸਰਦਾਰ ਹੋਣ ਦੀ ਬਦੌਲਤ ਉਨ੍ਹਾਂ ਦੀ ਸਨਿਆਰਤਾ ਨੂੰ ਨਜ਼ਰਅੰਦਾਜ ਕਰਕੇ ਸਿੱਖ ਕੌਮ ਨਾਲ ਭਾਰੀ ਵਿਤਕਰਾ ਅਤੇ ਬੇਇਨਸਾਫ਼ੀ ਕੀਤੀ ਹੈ। ਹੁਕਮਰਾਨਾਂ ਤੇ ਸੁਪਰੀਮ ਕੋਰਟ ਦੀ ਕਾਲੇਜੀਅਮ ਵੱਲੋਂ ਸਿੱਖ ਜੱਜਾਂ ਨਾਲ ਕੀਤੇ ਜਾ ਰਹੇ ਇਸ ਦੁੱਖਦਾਇਕ ਵਰਤਾਰੇ ਦੀ ਜਿੱਥੇ ਅਸੀਂ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹਾਂ, ਉਥੇ ਅਜਿਹਾ ਅਮਲ ਕਰਕੇ ਹੁਕਮਰਾਨ ਤੇ ਕਾਲੇਜੀਅਮ ਵਿਧਾਨ ਦੀ ਧਾਰਾ 14 ਜੋ ਇਥੇ ਬਰਾਬਰਤਾ ਦੇ ਹੱਕ ਤੇ ਅਧਿਕਾਰ ਪ੍ਰਦਾਨ ਕਰਦੀ ਹੈ, ਉਸ ਦਾ ਵੀ ਅਜਿਹੀਆਂ ਜੂਨੀਅਰ ਨਿਯੁਕਤੀਆਂ ਕਰਕੇ ਉਲੰਘਣ ਕੀਤਾ ਹੈ, ਜੋ ਸਿੱਖ ਕੌਮ ਲਈ ਅਸਹਿ ਹੈ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਸਮੇ ਦੇ ਇੰਡੀਆ ਦੇ ਹੁਕਮਰਾਨਾਂ ਤੇ ਮੌਜੂਦਾ ਮੋਦੀ ਹਕੂਮਤ ਵੱਲੋਂ ਮੌਕਾਪ੍ਰਸਤੀ ਦੀ ਸੋਚ ਅਧੀਨ ਲੋੜ ਸਮੇਂ ਸਿੱਖ ਕੌਮ ਦੀ ਬਹਾਦਰੀ ਤੇ ਕੁਰਬਾਨੀਆਂ ਦੇ ਸੋਹਲੇ ਗਾਉਣ ਅਤੇ ਸੰਕਟ ਸਮਾਂ ਲੰਘ ਜਾਣ ਤੇ ਸਿੱਖ ਨੌਜਵਾਨੀ, ਸਿੱਖ ਸੱਭਿਆਚਾਰ, ਸਿੱਖੀ ਇਖ਼ਲਾਕ ਅਤੇ ਸੋਚ ਦਾ ਕਤਲ ਕਰਦੇ ਰਹਿਣ ਦੀ ਦੋਗਲੀ ਨੀਤੀ ਦੀ ਕਰੜੇ ਸ਼ਬਦਾਂ ਵਿਚ ਅਤੇ ਜੱਜਾਂ ਦੀਆਂ ਹੋਣ ਵਾਲੀਆਂ ਨਿਯੁਕਤੀਆਂ ਵਿਚ ਵੱਡਾ ਵਿਤਕਰਾ ਅਤੇ ਬੇਇਨਸਾਫ਼ੀ ਕਰਨ ਦੇ ਅਮਲਾਂ 'ਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਅਤੇ ਇਸ ਨੀਤੀ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ ।



## 13ਵੀਂ ਬਰਸੀ 'ਤੇ ਵਿਸ਼ੇਸ਼

# ਮਮਤਾ, ਤਿਆਗ ਤੇ ਪਿਆਰ ਦੀ ਅਮਰ ਮੂਰਤ: ਮਾਤਾ ਦਰਸ਼ਨਾ ਦੇਵੀ ਬਾਂਸਲ, ਸੂਲਰ ਘਰਾਟ

ਸਿਆਣੇ ਸੱਚ ਹੀ ਕਹਿੰਦੇ ਨੇ ਕਿ ਮਾਂ ਰੱਬ ਦਾ ਉਹ ਸਰੂਪ ਹੈ ਜਿਸ ਦੇ ਪਿਆਰ ਦੇ ਆਂਚਲ ਦੀ ਠੰਢਕ ਨੂੰ ਦੇਖ ਕੇ ਹੀ ਸ਼ਾਇਦ ਖੁਦਾ ਨੇ ਸੁਰਗਾਂ ਦੀ ਕਲਪਨਾ ਕੀਤੀ ਹੋਵੇਗੀ। ਹਰ ਔਲਾਦ ਲਈ ਉਸਦੀ ਮਾਂ ਸਿਰਫ਼ ਜਨਮ ਦੇਣ ਵਾਲੀ ਨਹੀਂ, ਬਲਕਿ ਉਸਦੀ ਹਸਤੀ ਦਾ ਵਜੂਦ ਅਤੇ ਜ਼ਿੰਦਗੀ ਦਾ ਸਭ ਤੋਂ ਮਜ਼ਬੂਤ ਸਹਾਰਾ ਹੁੰਦੀ ਹੈ। ਮੇਰੀ ਜ਼ਿੰਦਗੀ ਵਿੱਚ ਇਹ ਗੱਲ ਕਿਸੇ ਅਟੱਲ ਅਤੇ ਪਵਿੱਤਰ ਸੱਚ ਵਾਂਗ ਅੰਦਰ ਤੱਕ ਲਹਿ ਚੁੱਕੀ ਹੈ।

ਅੱਜ ਵੀ ਜਦੋਂ ਮੇਰੀ ਸਵੇਰ ਹੁੰਦੀ ਹੈ, ਤਾਂ ਮੇਰਾ ਮਨ ਅਣਭੋਲ ਹੀ ਇਸ ਭੁਲੇਖੇ ਵਿੱਚ ਜਿਊਣ ਲੱਗਦਾ ਹੈ ਕਿ ਮਾਤਾ ਜੀ ਹੁਣੇ ਆਪਣੇ ਕਮਰੇ ਵਿੱਚੋਂ ਚਾਹ ਦੀ ਚੁਸਕੀ ਲੈਂਦੇ ਹੋਏ ਮੈਨੂੰ ਪਿਆਰ ਨਾਲ ਆਵਾਜ਼ ਦੇਣਗੇ। ਪਰ ਅਗਲੇ ਹੀ ਪਲ ਜਦੋਂ ਵਕਤ ਦੀ ਕੌੜੀ ਹਕੀਕਤ ਮੇਰੇ ਸਾਹਮਣੇ ਆਉਂਦੀ ਹੈ, ਤਾਂ ਮੇਰਾ ਦਿਲ ਕੰਬ ਉੱਠਦਾ ਹੈ। ਅਹਿਸਾਸ ਹੁੰਦਾ ਹੈ ਕਿ ਇਹ ਤਾਂ ਮੇਰੀਆਂ ਸੁੰਨੀਆਂ ਅੱਖਾਂ ਦਾ ਇੱਕ ਅਜਿਹਾ ਖ਼ਾਬ ਸੀ ਜੋ ਟੁੱਟ ਕੇ ਵੀ ਮੇਰੇ ਆਲੇ-ਦੁਆਲੇ ਭਟਕ ਰਿਹਾ ਹੈ। ਉਸੇ ਪਲ ਮੇਰੀ ਰੂਹ 'ਤੇ ਇੱਕ ਗਹਿਰੀ ਉਦਾਸੀ ਅਤੇ ਇਕੱਲਤਾ ਛਾ ਜਾਂਦੀ ਹੈ, ਅਤੇ ਮੈਂ ਅੰਦਰੋਂ ਬਿਲਕੁਲ ਸੱਖਣਾ ਤੇ ਤਨਹਾ ਮਹਿਸੂਸ ਕਰਦਾ ਹਾਂ। ਮੇਰੀ ਮਾਂ ਦਾ ਸਦੀਵੀ ਵਿਛੋੜਾ ਮੇਰੀ ਜ਼ਿੰਦਗੀ ਦਾ ਉਹ ਸਭ ਤੋਂ ਦਰਦਨਾਕ ਹਾਦਸਾ ਹੈ, ਜਿਸ ਨੇ ਮੇਰੇ ਵਜੂਦ ਨੂੰ ਝੰਜੋੜ ਕੇ ਰੱਖ ਦਿੱਤਾ। ਇਹ ਮੇਰੀ ਜ਼ਿੰਦਗੀ ਦਾ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਇਹ ਉਹ ਮਾਂ ਸੀ ਜਿਸਨੇ ਆਪਣੇ ਹਿੱਸੇ ਦੇ ਸੁਖ ਸਾਨੂੰ ਦੇ ਦਿੱਤੇ, ਖੁਦ ਹਜ਼ਾਰਾਂ ਦੁੱਖ-ਤਕਲੀਫ਼ਾਂ ਹੰਢਾਈਆਂ, ਪਰ ਸਾਡੇ 'ਤੇ ਕਦੇ ਮੁਸੀਬਤ ਦੀ ਆਂਚ ਨਹੀਂ ਆਉਣ ਦਿੱਤੀ। ਉਹ ਖੁਦ ਅੱਧ-ਪੇਟ ਰਹਿ ਕੇ, ਰੁੱਖੀ-ਮਿੱਸੀ ਖਾ ਕੇ ਸਾਡੇ ਪੇਟ ਭਰਦੀ ਰਹੀ। ਜੇ ਦੁਨੀਆ ਵਿੱਚ ਤਿਆਗ ਅਤੇ ਕੁਰਬਾਨੀ ਦੀ ਕੋਈ ਜਿਊਂਦੀ-ਜਾਗਦੀ ਮਿਸਾਲ ਹੈ, ਤਾਂ ਉਹ ਸਿਰਫ਼ ਤੇ ਸਿਰਫ਼ ÷ਮਾਂ÷ ਹੈ। ਪਰ ਇਹ ਇਸ ਸੰਸਾਰ ਦੀ ਕੌੜੀ ਸੱਚਾਈ ਹੈ ਕਿ ਬੱਚਿਆਂ ਨੂੰ ਮਾਂ ਦੀ ਮਮਤਾ ਦੇ ਉਸ ਅਨਮੋਲ ਖ਼ਜ਼ਾਨੇ ਦੀ ਕਦਰ ਉਦੋਂ ਹੁੰਦੀ ਹੈ, ਜਦੋਂ ਉਹ ਆਂਚਲ ਹਮੇਸ਼ਾ ਲਈ ਹੱਥਾਂ ਵਿੱਚੋਂ ਛੁੱਟ ਜਾਂਦਾ ਹੈ। ਦਿਲ ਦੇ ਇਸ ਗਹਿਰੇ ਜ਼ਖ਼ਮ ਅਤੇ ਤੜਫ਼ ਨੂੰ ਲਫ਼ਜ਼ਾਂ ਵਿੱਚ ਪਰੋਣਾ ਅਸੰਭਵ ਹੈ। ਇਹ ਉਹ ਅਸਹਿ ਪੀੜ ਹੈ ਜੋ ਕਲੇਜੇ ਨੂੰ ਚੀਰ ਦਿੰਦੀ ਹੈ, ਜੋ ਦਿਲ 'ਤੇ ਕਿਸੇ ਭਾਰੀ ਪੱਥਰ ਵਾਂਗ ਵੱਜਦੀ ਹੈ ਅਤੇ ਮਾਂ ਨਾਲ ਬਿਤਾਏ ਹਰ ਪਿਆਰੇ ਪਲ ਨੂੰ ਯਾਦ ਕਰਵਾ ਕੇ ਅੱਖਾਂ ਵਿੱਚੋਂ ਹੰਝੂਆਂ ਦਾ ਹੜ੍ਹ ਵਹਾ ਦਿੰਦੀ ਹੈ।

ਅਜਿਹੇ ਹੀ ਉੱਚੇ ਅਤੇ ਧਾਰਮਿਕ ਵਿਚਾਰਾਂ ਦੀ ਮਾਲਕਣ, ਪੂਰੀ ਸ੍ਰਿਸ਼ਟੀ ਨੂੰ ਆਪਣੇ ਕਲਾਵੇ ਵਿੱਚ ਲੈਣ ਵਾਲੀ ਪਵਿੱਤਰ ਰੂਹ ਸੀ ਮਾਤਾ ਦਰਸ਼ਨਾ ਦੇਵੀ ਜੀ। ਜਿਹਨਾਂ ਦੀ ਸ਼ਾਦੀ ਬਾਬੂ ਸ਼ਾਮ ਲਾਲ ਬਾਂਸਲ ਸੂਲਰ ਘਰਾਟ (ਸੰਗਰੂਰ) ਨਾਲ ਹੋਈ ਸੀ। ਮਾਤਾ ਜੀ ਬਹੁਤ ਸਮਝਦਾਰ, ਦਲੇਰ ਅਤੇ ਨੇਕ ਦਿਲ ਔਰਤ ਸਨ। ਉਹਨਾਂ ਨੇ ਆਪ ਤਕਲੀਫ਼ਾਂ ਦੇ ਸਮੁੰਦਰ ਪਾਰ ਕੀਤੇ, ਪਰ ਆਪਣੇ ਬੱਚਿਆਂ ਨੂੰ ਹਮੇਸ਼ਾ ਉੱਚੇ ਸੰਸਕਾਰਾਂ ਦੀ ਗੁੜ੍ਹਤੀ ਦਿੱਤੀ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀਆਂ ਦਾ ਪਾਠ ਪੜ੍ਹਾਇਆ। ਪਰ ਰੱਬ ਦਾ ਰੰਗ ਦੇਖੋ... ਅੱਜ ਜਦੋਂ ਉਹਨਾਂ ਦੀ ਦਿੱਤੀ ਪਰਵਰਿਸ਼ ਸਦਕਾ ਬੱਚੇ ਕਾਮਯਾਬੀ ਦੇ ਸ਼ਿਖਰ 'ਤੇ ਪਹੁੰਚੇ, ਤਾਂ ਇਹ ਸਭ ਦੇਖ ਕੇ ਮੁਸਕਰਾਉਣ ਲਈ ਮਾਤਾ ਜੀ ਖੁਦ ਆਪਣੀਆਂ ਅੱਖਾਂ ਮੀਟ ਕੇ ਸਦਾ ਲਈ ਤੁਰ ਗਏ।

ਉਹਨਾਂ ਦੇ ਦੋਵੇਂ ਬੇਟੇ ਸੰਜੀਵ ਬਾਂਸਲ, ਨਵੀਨ ਬਾਂਸਲ ਅਤੇ ਪੋਤੇ ਹੈਲਿਕ ਬਾਂਸਲ ਦਾ ਨਾਮ ਅੱਜ ਸਮਾਜਿਕ, ਧਾਰਮਿਕ ਅਤੇ ਵਪਾਰਕ ਖੇਤਰ ਵਿੱਚ ਬੜੇ ਸਤਿਕਾਰ ਨਾਲ ਲਿਆ ਜਾਂਦਾ ਹੈ। ਮਾਤਾ ਜੀ ਦੀ ਜ਼ਿੰਦਗੀ ਕੋਈ ਸੌਖੀ ਨਹੀਂ ਸੀ; ਉਹਨਾਂ ਨੇ ਆਪਣੀਆਂ ਅੱਖਾਂ ਸਾਹਮਣੇ ਆਪਣੇ ਜਵਾਨ ਪੁੱਤਰ ਅਰੁਣ ਬਾਂਸਲ (ਕੂਕਾ) ਦਾ ਅਸਹਿ ਵਿਛੋੜਾ ਦੇਖਿਆ। ਇੱਕ ਮਾਂ ਲਈ ਜਵਾਨ ਪੁੱਤ ਦੀ ਲਾਸ਼ ਦੇਖਣ ਤੋਂ ਵੱਡਾ ਕੋਈ ਕਹਿਰ ਨਹੀਂ ਹੁੰਦਾ, ਪਰ ਫਿਰ ਵੀ ਉਹ ਪੱਥਰ ਵਰਗੇ ਜੇਰੇ ਨਾਲ ਰੱਬ ਦੀ ਰਜ਼ਾ ਵਿੱਚ ਰਾਜ਼ੀ ਰਹੇ।



ਅੱਜ ਇਹ ਪਰਿਵਾਰ ਆਪਣੇ ਮਾਤਾ ਜੀ ਦੇ ਦੱਸੇ ਰਸਤੇ ਨੂੰ ਹੀ ਆਪਣਾ ਮਾਰਗ-ਦਰਸ਼ਕ ਮੰਨ ਕੇ, ਆਪਣੇ ਵਪਾਰ ਰਾਹੀਂ ਕਿਸਾਨਾਂ ਦੀ ਇਮਾਨਦਾਰੀ ਨਾਲ ਸੇਵਾ ਕਰ ਰਿਹਾ ਹੈ। 'ਬਾਂਸਲ ਗਰੁੱਪ ਸੂਲਰ ਘਰਾਟ' ਵੱਲੋਂ ਮਾਤਾ ਜੀ ਦੀ ਪਵਿੱਤਰ ਯਾਦ ਵਿੱਚ ਹਰ ਸਾਲ ਮੈਡੀਕਲ ਕੈਂਪ, ਖ਼ੂਨਦਾਨ ਕੈਂਪ, ਲੰਗਰ ਅਤੇ ਗਰੀਬ ਬੱਚਿਆਂ ਦੀ ਮਦਦ ਵਰਗੇ ਨਿਰੰਤਰ ਕਾਰਜ ਕੀਤੇ ਜਾਂਦੇ ਹਨ, ਤਾਂ ਜੋ ਮਾਂ ਦੀ ਰੂਹ ਨੂੰ ਸਕੂਨ ਮਿਲ ਸਕੇ।

ਅੱਜ ਮਾਤਾ ਜੀ ਦੀ 13ਵੀਂ ਬਰਸੀ ਹੈ। ਅੱਜ ਜੇਕਰ ਉਹਨਾਂ ਦੀ ਯਾਦ ਵਿੱਚ ਮੇਰੀ ਅੱਖ ਨਮ ਹੈ, ਪਲਕਾਂ ਗਿੱਲੀਆਂ ਹਨ, ਤਾਂ ਦਿਲ ਦੇ ਕਿਸੇ ਕੋਨੇ ਵਿੱਚ ਇੱਕ ਵੱਡਾ ਧਰਵਾਸ ਵੀ ਹੈ ਕਿ ਉਹਨਾਂ ਨੇ ਸਾਨੂੰ ਔਖੇ ਵੇਲਿਆਂ ਵਿੱਚ ਡੋਲਣਾ ਨਹੀਂ, ਬਲਕਿ ਦ੍ਰਿੜਤਾ ਨਾਲ ਖੜ੍ਹਨਾ ਸਿਖਾਇਆ ਸੀ। ਮੈਂ ਅੱਜ ਜੋ ਕੁਝ ਵੀ ਹਾਂ, ਜਿਸ ਮੁਕਾਮ 'ਤੇ ਵੀ ਹਾਂ, ਇਹ ਸਭ ਉਹਨਾਂ ਦੀ ਹਿੰਮਤ, ਅਸੀਸਾਂ ਅਤੇ ਪਰਵਰਿਸ਼ ਦਾ ਹੀ ਸਦਕਾ ਹੈ।

ਭਾਵੇਂ ਮਾਤਾ ਜੀ ਅੱਜ ਸਰੀਰਕ ਤੌਰ 'ਤੇ ਇਸ ਸੰਸਾਰ ਵਿੱਚ ਨਹੀਂ ਹਨ, ਪਰ ਮੇਰੀ ਹਰ ਧੜਕਣ, ਮੇਰੇ ਹਰ ਸੰਸਕਾਰ ਵਿੱਚ ਉਹ ਸਾਹ ਲੈ ਰਹੇ ਹਨ।

ਅੱਜ ਤੋਂ 13 ਸਾਲ ਪਹਿਲਾਂ ਇੱਕ ਸੰਖੇਪ ਜਿਹੀ ਬਿਮਾਰੀ ਸਾਨੂੰ ਅਜਿਹਾ ਜ਼ਖ਼ਮ ਦੇ ਗਈ, ਜਿਸਦੀ ਕੋਈ ਦਵਾ ਨਹੀਂ। ਅੱਜ ਬਾਂਸਲ ਪਰਿਵਾਰ, ਸਮੂਹ ਦੋਸਤ-ਮਿੱਤਰ ਅਤੇ ਰਿਸ਼ਤੇਦਾਰ ਮਾਤਾ ਜੀ ਦੀਆਂ ਨਿੱਘੀਆਂ ਯਾਦਾਂ ਦੇ ਹੰਝੂਆਂ ਨਾਲ ਉਹਨਾਂ ਦੇ ਚਰਨਾਂ ਵਿੱਚ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਨ।

ਮਾਂ... ਤੂੰ ਬਹੁਤ ਯਾਦ ਆਉਂਦੀ ਹੈ!

**ਸੰਜੀਵ ਬਾਂਸਲ**
**ਸੂਲਰ ਘਰਾਟ (ਸੰਗਰੂਰ)**

# ਵਪਾਰੀ-ਪੁਲਿਸ ਮਿਲਣੀ ਪ੍ਰੋਗਰਾਮ ਤਹਿਤ ਐਸ.ਐਸ.ਪੀ. ਮਾਲੇਰਕੋਟਲਾ ਵਪਾਰਕ ਭਾਈਚਾਰੇ ਨਾਲ ਹੋਏ ਰੂਬਰੂ

**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ**
**ਮਾਲੇਰਕੋਟਲਾ, 4 ਜੂਨ**

ਮਾਲੇਰਕੋਟਲਾ ਜ਼ਿਲ੍ਹੇ ਵਿੱਚ ਲੋਕ-ਪੁਲਿਸ ਸਾਂਝ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਕਰਵਾਏ ਗਏ "ਵਪਾਰੀ-ਪੁਲਿਸ ਮਿਲਣੀ "ਪ੍ਰੋਗਰਾਮ ਤਹਿਤ ਸੀਨੀਅਰ ਕਪਤਾਨ ਪੁਲਿਸ (ਐਸ.ਐਸ.ਪੀ.) ਮਾਲੇਰਕੋਟਲਾ ਗੁਰਮੀਤ ਸਿੰਘ ਨੇ ਸ਼ਹਿਰ ਦੇ ਪ੍ਰਮੁੱਖ ਕੱਪੜਾ ਵਪਾਰੀਆਂ, ਟਰੇਡ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਅਤੇ ਹੋਰ ਕਾਰੋਬਾਰੀਆਂ ਨਾਲ ਜੁੜੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਵਪਾਰਕ ਭਾਈਚਾਰੇ ਦੀਆਂ ਸਮੱਸਿਆਵਾਂ ਸੁਣਨਾ, ਉਨ੍ਹਾਂ ਦੇ ਸੁਝਾਅ ਪ੍ਰਾਪਤ ਕਰਨਾ ਅਤੇ ਸੁਰੱਖਿਆ ਸਬੰਧੀ ਮੁੱਦਿਆਂ 'ਤੇ ਸਾਂਝੇ ਹੱਲ ਲੱਭਣਾ ਸੀ।ਮੀਟਿੰਗ ਦੌਰਾਨ ਐਸ.ਐਸ.ਪੀ. ਗੁਰਮੀਤ ਸਿੰਘ ਨੇ ਵਪਾਰੀਆਂ ਨਾਲ ਖੁੱਲ੍ਹੇ ਦਿਲ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਵੱਲੋਂ ਉਠਾਏ ਗਏ ਵੱਖ-ਵੱਖ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪੁਲਿਸ ਵਪਾਰੀਆਂ ਦੀ ਸੁਰੱਖਿਆ, ਕਾਰੋਬਾਰਾਂ ਦੀ ਨਿਰਵਿਘਨ ਕਾਰਗੁਜ਼ਾਰੀ ਅਤੇ ਸ਼ਹਿਰ ਵਿੱਚ ਸ਼ਾਂਤੀਪੂਰਨ ਮਾਹੌਲ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਅਪਰਾਧਿਕ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਪੁਲਿਸ ਵੱਲੋਂ ਨਿਯਮਿਤ ਗਸ਼ਤ, ਸੰਵੇਦਨਸ਼ੀਲ ਖੇਤਰਾਂ ਦੀ ਨਿਗਰਾਨੀ ਅਤੇ ਤੁਰੰਤ ਕਾਰਵਾਈ



ਦੀ ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।ਐਸ.ਐਸ.ਪੀ. ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕਾਰੋਬਾਰੀ ਅਦਾਰਿਆਂ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਉਣ, ਸੁਰੱਖਿਆ ਉਪਾਵਾਂ ਨੂੰ ਅਪਣਾਉਣ ਅਤੇ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਪੁਲਿਸ ਅਤੇ ਆਮ ਲੋਕਾਂ ਦੇ ਆਪਸੀ ਸਹਿਯੋਗ ਨਾਲ ਹੀ ਅਪਰਾਧ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਪਾਇਆ ਜਾ ਸਕਦਾ ਹੈ।ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜ਼ਮ ਦਾਰਾ ਨੇ ਪੰਜਾਬ ਸਰਕਾਰ, ਜ਼ਿਲ੍ਹਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਵਪਾਰੀਆਂ ਦੀ ਭਲਾਈ ਅਤੇ ਸੁਰੱਖਿਆ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰਕ ਭਾਈਚਾਰੇ ਨੂੰ ਬਿਹਤਰ ਸਹੂਲਤਾਂ, ਸੁਰੱਖਿਅਤ ਕਾਰੋਬਾਰੀ ਮਾਹੌਲ ਅਤੇ ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਵੱਲੋਂ ਵਪਾਰੀਆਂ ਨਾਲ ਸਿੱਧੀ ਮਿਲਣੀ ਪ੍ਰੋਗਰਾਮ ਉਲੀਕ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਸਮੇਂ ਸਿਰ ਹੱਲ ਕਰਨ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ। ਆਜ਼ਮ ਦਾਰਾ ਨੇ ਕਿਹਾ ਕਿ ਅਜਿਹੀਆਂ ਮਿਲਣੀਆਂ ਨਾਲ ਵਪਾਰੀਆਂ, ਪੁਲਿਸ ਅਤੇ ਪ੍ਰਸ਼ਾਸਨ ਦਰਮਿਆਨ ਆਪਸੀ ਭਰੋਸਾ ਹੋਰ ਮਜ਼ਬੂਤ ਹੁੰਦਾ ਹੈ, ਜਿਸ ਨਾਲ ਕਾਰੋਬਾਰ ਨੂੰ ਉਤਸ਼ਾਹ ਮਿਲਣ ਦੇ ਨਾਲ-ਨਾਲ ਅਮਨ-ਕਾਨੂੰਨ ਦੀ ਸਥਿਤੀ ਵੀ ਹੋਰ ਮਜ਼ਬੂਤ ਹੁੰਦੀ ਹੈ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਵਪਾਰੀਆਂ ਅਤੇ ਉਦਯੋਗਪਤੀਆਂ ਦੇ ਹਿੱਤਾਂ ਦੀ ਰਾਖੀ ਲਈ ਚੁੱਕੇ ਜਾ ਰਹੇ ਲੋਕ-ਪੱਖੀ ਕਦਮਾਂ ਦੀ ਵੀ ਸਰਾਹਨਾ ਕੀਤੀ।ਮੀਟਿੰਗ ਦੇ ਅੰਤ ਵਿੱਚ ਵਪਾਰੀਆਂ ਨੇ ਪੁਲਿਸ ਪ੍ਰਸ਼ਾਸਨ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਸ਼ਹਿਰ ਵਿੱਚ ਅਮਨ, ਕਾਨੂੰਨ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਿਲ ਕੇ ਕੰਮ ਕਰਨ ਦੀ ਵਚਨਬੱਧਤਾ ਦੁਹਰਾਈ।ਇਸ ਮੌਕੇ ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ ਅਲੀ, ਡੀ.ਐਸ.ਪੀ ਮਾਨਵਜੀਤ ਸਿੰਘ ਮੈਂਬਰ ਮੁਹੰਮਦ ਖਾਲਿਦ, ਯਾਸੀਨ ਜੋਸ਼, ਮੁਹੰਮਦ ਇਮਰਾਨ,ਇਸਵਰ ਅਰੋੜਾ,ਲਲੀਤ ਗੋਇਲ,ਸਾਗਰ ਗੇਰਾ,ਮਨਪ੍ਰੀਤ,ਤਰੁਨ ਜੈਨ ਤੋਂ ਇਲਾਵਾ ਹੋਰ ਵਪਾਰੀ, ਅਧਿਕਾਰੀ ਮੌਜੂਦ ਸਨ ।

## ਕੀ ਦਿੱਲੀ ਵਰਗੇ ਹਾਦਸੇ ਦੀ ਉਡੀਕ ਕਰ ਰਿਹਾ ਜ਼ੀਰਕਪੁਰ ਪ੍ਰਸ਼ਾਸਨ ?

# ਸ਼ਹਿਰ ਵਿੱਚ ਬਿਨਾਂ ਸੁਰੱਖਿਆ ਪ੍ਰਬੰਧਾਂ ਦੇ ਚੱਲ ਰਹੇ ਨਜ਼ਾਇਜ ਹੋਟਲਾਂ ਦੀ ਭਰਮਾਰ







**ਆਜ਼ਾਦ ਸੋਚ**
**ਅਵਤਾਰ ਸੈਣੀ/ਜ਼ੀਰਕਪੁਰ, 4 ਜੂਨ**

ਬੀਤੇ ਦਿਨੀ ਦੱਖਣੀ ਦਿੱਲੀ ਦੇ ਮਾਲਵੀਆ ਨਗਰ (ਹੌਜ਼ ਰਾਣੀ) ਖੇਤਰ ਵਿੱਚ ਹੋਏ ਭਿਆਨਕ ਹੋਟਲ ਅੱਗ ਕਾਂਡ, ਜਿਸ ਵਿੱਚ 21 ਲੋਕਾਂ ਦੀ ਮੌਤ ਹੋ ਗਈ, ਨੇ ਦੇਸ਼ ਭਰ ਦੇ ਸ਼ਹਿਰਾਂ ਵਿੱਚ ਅੱਗ ਸੁਰੱਖਿਆ ਪ੍ਰਬੰਧਾਂ ਦੀ ਹਕੀਕਤ ਨੂੰ ਮੁੜ ਬੇਨਕਾਬ ਕਰ ਦਿੱਤਾ ਹੈ। ਇਸ ਦੁਖਦਾਈ ਘਟਨਾ ਤੋਂ ਬਾਅਦ ਸਵਾਲ ਉੱਠ ਰਿਹਾ ਹੈ ਕਿ ਕੀ ਜ਼ੀਰਕਪੁਰ ਦਾ ਪ੍ਰਸ਼ਾਸਨ ਇਸ ਤੋਂ ਕੋਈ ਸਬਕ ਲਵੇਗਾ ਜਾਂ ਕਿਸੇ ਵੱਡੇ ਹਾਦਸੇ ਦੀ ਉਡੀਕ ਕਰੇਗਾ? ਜ਼ੀਰਕਪੁਰ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਵੱਡੀ ਗਿਣਤੀ ਵਿੱਚ ਅਜਿਹੀਆਂ ਇਮਾਰਤਾਂ ਖੜ੍ਹੀਆਂ ਹੋਈਆਂ ਹਨ, ਜਿਨ੍ਹਾਂ ਦੇ ਨਕਸ਼ੇ ਸ਼ੋਰੂਮਾਂ ਜਾਂ ਵਪਾਰਕ ਅਦਾਰਿਆਂ ਵਜੋਂ ਮਨਜ਼ੂਰ ਕਰਵਾਏ ਗਏ ਸਨ, ਪਰ ਬਾਅਦ ਵਿੱਚ ਉਨ੍ਹਾਂ ਨੂੰ ਹੋਟਲਾਂ ਅਤੇ ਗੈਸਟ ਹਾਊਸਾਂ ਵਿੱਚ ਤਬਦੀਲ ਕਰ ਦਿੱਤਾ ਗਿਆ। ਇਨ੍ਹਾਂ ਵਿੱਚੋਂ ਕਈ ਥਾਵਾਂ 'ਤੇ ਨਾ ਤਾਂ ਪਾਰਕਿੰਗ ਹੈ, ਨਾ ਐਮਰਜੈਂਸੀ ਨਿਕਾਸ ਦਾ ਪ੍ਰਬੰਧ ਹੈ ਅਤੇ ਨਾ ਹੀ ਅੱਗ ਬੁਝਾਉਣ ਦੇ ਲੋੜੀਂਦੇ ਸਾਧਨ ਮੌਜੂਦ ਹਨ। ਸ਼ਹਿਰ ਦੇ ਕਈ ਹੋਟਲ ਤੰਗ ਰਸਤਿਆਂ ਅਤੇ ਭੀੜ-ਭੜੱਕੇ ਵਾਲੇ ਖੇਤਰਾਂ ਵਿੱਚ ਚੱਲ ਰਹੇ ਹਨ, ਜਿੱਥੇ ਕਿਸੇ ਹੰਗਾਮੀ ਦੀ ਸਥਿਤੀ ਵਿੱਚ ਬਚਾਅ ਕਾਰਜ ਪ੍ਰਭਾਵਿਤ ਹੋ ਸਕਦੇ ਹਨ। ਦਿੱਲੀ ਦੇ ਹਾਦਸੇ ਦੀ ਜਾਂਚ ਵਿੱਚ ਸਾਹਮਣੇ ਆਇਆ ਕਿ ਹੋਟਲ ਕੋਲ ਫਾਇਰ ਵਿਭਾਗ ਦਾ ਵੈਧ ਐਨਓਸੀ ਨਹੀਂ ਸੀ ਅਤੇ ਮਨਜ਼ੂਰੀ ਤੋਂ ਕਈ ਗੁਣਾ ਵੱਧ ਕਮਰੇ ਬਣਾਏ ਗਏ ਸਨ। ਅਜਿਹੇ ਹੀ ਸਵਾਲ ਜ਼ੀਰਕਪੁਰ ਵਿੱਚ ਚੱਲ ਰਹੀਆਂ ਕਈ ਵਪਾਰਕ ਇਮਾਰਤਾਂ 'ਤੇ ਵੀ ਖੜ੍ਹੇ ਹੋ ਰਹੇ ਹਨ।ਹਾਲਾਂਕਿ ਦਿੱਲੀ ਸਰਕਾਰ ਨੇ ਹਾਦਸੇ ਮਗਰੋਂ ਸੁਰੱਖਿਆ ਆਡਿਟ ਅਤੇ ਜਾਂਚ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਹੁਣ ਨਜ਼ਰਾਂ ਜ਼ੀਰਕਪੁਰ ਨਗਰ ਕੌਂਸਲ, ਫਾਇਰ ਵਿਭਾਗ ਅਤੇ ਸਥਾਨਕ ਪ੍ਰਸ਼ਾਸਨ 'ਤੇ ਟਿਕੀਆਂ ਹੋਈਆਂ ਹਨ ਕਿ ਕੀ ਉਹ ਸ਼ਹਿਰ ਵਿੱਚ ਚੱਲ ਰਹੇ ਹੋਟਲਾਂ ਅਤੇ ਗੈਸਟ ਹਾਊਸਾਂ ਦੀ ਜਾਂਚ ਕਰਕੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਨਗੇ ਜਾਂ ਨਹੀਂ। ਸ਼ਹਿਰ ਵਾਸੀਆਂ ਦਾ ਮੰਨਣਾ ਹੈ ਕਿ ਲੋਕਾਂ ਦੀ ਜਾਨ ਨਾਲ ਜੁੜੇ ਇਸ ਮਾਮਲੇ ਵਿੱਚ ਪ੍ਰਸ਼ਾਸਨ ਨੂੰ ਕਿਸੇ ਵੱਡੇ ਹਾਦਸੇ ਦੀ ਉਡੀਕ ਕਰਨ ਦੀ ਬਜਾਏ ਤੁਰੰਤ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ।

**ਪਾਰਕਿੰਗ ਦੇ ਪੁੱਖਤਾ ਪ੍ਰਬੰਧਾਂ ਦੀ ਘਾਟ ਕਾਰਨ ਹੋਟਲਾਂ ਬਾਹਰ ਸੜਕ ਤੇ ਖੜੇ ਵਾਹਨ ਬਣ ਰਹੇ ਜਾਮ ਦਾ ਕਾਰਨ**

# ਸੈਂਟਰਲ ਸਟੇਟ ਲਾਇਬ੍ਰੇਰੀ ਵਿਖੇ ਐਸ ਆਈ ਆਰ ਸਬੰਧੀ ਜਾਗਰੂਕਤਾ ਪ੍ਰੋਗਰਾਮ

## ਯੋਗ ਨਾਗਰਿਕਾਂ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣਾ ਲੋਕਤੰਤਰ ਦੀ ਮਜ਼ਬੂਤੀ ਲਈ ਬਹੁਤ ਜ਼ਰੂਰੀ : ਪ੍ਰੋ. ਰੇਖੀ

**ਆਜ਼ਾਦ ਸੋਚ**
**ਹਰਵਿੰਦਰ ਲਾਲੀ**
**ਪਟਿਆਲਾ, 4 ਜੂਨ**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਵੀਪ ਗਤੀਵਿਧੀਆਂ ਤਹਿਤ ਮੁਸਾਫ਼ ?ਰ ਮੈਮੋਰੀਅਲ ਸੈਂਟਰਲ ਸਟੇਟ ਲਾਇਬ੍ਰੇਰੀ ਵਿਖੇ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐਸ ਆਈ ਆਰ) ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ

ਇਸ ਮੌਕੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ ਨੇ ਹਾਜ਼ਰ ਵਿਦਿਆਰਥੀਆਂ ਤੇ ਪਾਠਕਾਂ ਨੂੰ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਅਤੇ ਪ੍ਰੀ ਐਸ.ਆਈ.ਆਰ ਦੌਰਾਨ ਵੋਟਰਾਂ ਨੂੰ ਮੈਪਿੰਗ ਕਰਵਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਯੋਗ ਨਾਗਰਿਕਾਂ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣਾ ਲੋਕਤੰਤਰ ਦੀ ਮਜ਼ਬੂਤੀ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਆਪਣੇ ਵੋਟਰ ਵੇਰਵਿਆਂ ਦੀ ਜਾਂਚ ਕਰਨ ਅਤੇ ਲੋੜ ਪੈਣ 'ਤੇ ਨਿਰਧਾਰਿਤ ਫਾਰਮਾਂ ਰਾਹੀਂ ਸੋਧ, ਨਾਮ ਦਰਜ ਕਰਵਾਉਣ ਜਾਂ ਹੋਰ ਜ਼ਰੂਰੀ ਤਬਦੀਲੀਆਂ ਕਰਵਾਉਣ ਲਈ ਪ੍ਰੇਰਿਤ ਕੀਤਾ।




ਪ੍ਰੋ. ਰੇਖੀ ਨੇ ਕਿਹਾ ਕਿ ਸਵੀਪ ਗਤੀਵਿਧੀਆਂ ਦਾ ਮੁੱਖ ਉਦੇਸ਼ ਵੋਟਰਾਂ ਵਿੱਚ ਚੋਣੀ ਪ੍ਰਕਿਰਿਆ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਹਰ ਯੋਗ ਨਾਗਰਿਕ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਹੈ।

ਇਸ ਦੌਰਾਨ ਡਾ. ਰੇਖੀ ਨੇ ਦੱਸਿਆ ਕਿ ਸਮਾਜ ਦੇ ਪ੍ਰਮੁੱਖ ਵਿਅਕਤੀਆਂ ਨੂੰ ਇਸ ਐਸ.ਆਈ.ਆਰ. ਸਬੰਧੀ ਮੁਹਿੰਮ ਨਾਲ ਜੋੜ ਕੇ ਉਹਨਾਂ ਦੇ ਸੰਦੇਸ਼ ਸੋਸ਼ਲ ਮੀਡੀਆ ਰਾਹੀਂ ਸਾਂਝੇ ਕੀਤੇ ਜਾਣਗੇ, ਤਾਂ ਜੋ ਵੱਧ ਤੋਂ ਵੱਧ ਲੋਕਾਂ ਤੱਕ ਜਾਣਕਾਰੀ ਪਹੁੰਚ ਸਕੇ ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਸਕੂਲਾਂ ਅਤੇ ਕਾਲਜਾਂ ਦੇ ਇਲੈਕਟੋਰਲ ਲਿਟਰੇਸੀ ਕਲੱਬਾਂ ਦੇ ਮੈਂਬਰਾਂ ਨੂੰ ਵੀ ਇਸ ਪ੍ਰਕਿਰਿਆ ਵਿੱਚ ਸ਼ਾਮਲ ਕੀਤਾ ਜਾਵੇਗਾ ਤਾਂ ਜੋ ਨੌਜਵਾਨ ਵਰਗ ਦੀ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ।

ਰੁਪਿੰਦਰ ਸਿੰਘ ਹਲਕਾ ਨੋਡਲ ਅਫ਼ਸਰ ਪਟਿਆਲਾ 115 ਨੇ ਵਿਦਿਆਰਥੀਆਂ ਨੂੰ ਬੀਐਲਓਜ਼ ਵਲੋਂ 07 ਜੂਨ ਨੂੰ ਪੋਲਿੰਗ ਬੂਥ 'ਤੇ ਲਗਾਏ ਜਾਣ ਵਾਲੇ ਵਿਸ਼ੇਸ਼ ਕੈਂਪ ਸਬੰਧੀ ਜਾਣਕਾਰੀ ਦਿੱਤੀ। ਇਸ ਦੌਰਾਨ ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫਸਰ ਮੋਹਿਤ ਕੌਸ਼ਲ ਨੇ ਵੱਖ ਵੱਖ ਐਪਸ ਤੇ ਈਸੀਆਈ ਨੈਟ ਵੋਟਰ ਹੈਲਪਲਾਈਨ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਪਵਨ ਗੋਇਲ ਅਤੇ ਸਟਾਫ ਮੈਂਬਰ ਵੀ ਹਾਜ਼ਰ ਰਹੇ।

# ਸਿੱਖ ਮਿਸ਼ਨ ਹਰਿਆਣਾ ਦੇ ਸਹਿਯੋਗ ਨਾਲ ਲਗਾਏ ਸੱਤ ਰੋਜ਼ਾ ਗੁਰਮਤਿ ਸਮਰ ਕੈਂਪ ਦੀ ਹੋਈ ਸੰਪੂਰਨਤਾ: ਸੁਖਵਿੰਦਰ ਸਿੰਘ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 4 ਜੂਨ**

ਸਿੱਖ ਮਿਸ਼ਨ ਹਰਿਆਣਾ ਕੁਰੂਕਸ਼ੇਤਰ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਸ. ਤੇਜਿੰਦਰਪਾਲ ਸਿੰਘ ਲਾਡਵਾ ਮੈਂਬਰ ਧਰਮ ਪ੍ਰਚਾਰ ਕਮੇਟੀ ਅਤੇ ਸ. ਗੁਰਿੰਦਰ ਸਿੰਘ ਮਥਰੇਵਾਲ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਸਾਹਿਬ ਗੁਰੂ ਨਾਨਕ ਦਰਬਾਰ, ਨਿਊ ਕਲੋਨੀ ਕੁਰੂਕਸ਼ੇਤਰ ਵਿੱਖੇ 29 ਮਈ ਤੋਂ 4 ਜੂਨ 2026 ਤੱਕ ਬੱਚਿਆਂ ਦਾ 7 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਸੀ, ਜਿਸ ਦੀ ਅੱਜ 4 ਜੂਨ ਨੂੰ ਸੰਪੂਰਨਤਾ ਕੀਤੀ ਗਈ। ਇਸ ਗੁਰਮਤਿ ਸਿਖਲਾਈ ਕੈਂਪ ਦੌਰਾਨ ਪ੍ਰਚਾਰਕ ਭਾਈ ਨਵਜੋਤ ਸਿੰਘ ਅਤੇ ਪ੍ਰਚਾਰਕ ਭਾਈ ਮਨਵੀਤ ਸਿੰਘ ਵੱਲੋਂ ਬੱਚਿਆਂ ਨੂੰ ਗੁਰਮੁੱਖੀ, ਗੁਰਬਾਣੀ ਸੰਥਿਆ, ਸਿੱਖ ਇਤਿਹਾਸ ਦੀ ਜਾਣਕਾਰੀ ਦਿੱਤੀ ਗਈ।



ਇੰਚਾਰਜ ਸ. ਸੁਖਵਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਦੁਨਿਆਵੀ ਵਿਦਿਆ ਦੇ ਨਾਲ-ਨਲ ਧਾਰਮਿਕ ਵਿਦਿਆ ਪੜ੍ਹਨ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਉਹਨਾਂ ਨੇ ਕਿਹਾ ਕਿ ਬੱਚੇ ਸਿੱਖ ਕੌਮ ਦਾ ਸਰਮਾਇਆ ਹਨ ਅਤੇ ਇਹਨਾਂ ਦੀ ਸੰਭਾਲ ਕਰਨਾਂ ਸਾਡਾ ਮੁੱਢਲਾ ਫਰਜ਼ ਹੈ। ਗਰਮੀਆਂ ਦੀਆਂ ਛੁੱਟੀਆਂ ਦੌਰਾਨ ਹਰਿਆਣਾ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਗੁਰਮਤਿ ਸਮਰ ਕੈਂਪ ਲਗਾਏ ਜਾ ਰਹੇ ਹਨ, ਜਿਸ ਦੀ ਜਾਣਕਾਰੀ ਸੰਗਤ ਦਫਤਰ ਸਿੱਖ ਮਿਸ਼ਨ ਹਰਿਆਣਾ ਨਾਲ ਸੰਪਰਕ ਕਰਕੇ ਹਾਸਿਲ ਕਰ ਸਕਦੀ ਹੈ। ਸਮਾਪਤੀ ਸਮਾਰੋਹ ਦੌਰਾਨ ਬੱਚਿਆਂ ਨਾਲ ਗੁਰਮਤਿ ਸਬੰਧੀ ਸਵਾਲ ਜਵਾਬ ਵੀ ਪੁੱਛੇ ਗਏ ਅਤੇ ਸਹੀ ਜਵਾਬ ਦੇਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਸਹਿਯੋਗ ਦੇਣ ਲਈ ਗੁਰਦਵਾਰਾ ਸਾਹਿਬ ਗੁਰੂ ਨਾਨਕ ਦਰਬਾਰ ਨਿਊ ਕਲੋਨੀ ਕੁਰੂਕਸ਼ੇਤਰ ਦੇ ਪ੍ਰਬੰਧਕ ਸ. ਮਨਪ੍ਰੀਤ ਸਿੰਘ , ਦਿਲਬਾਗ ਸਿੰਘ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਜਸਬੀਰ ਸਿੰਘ ਕਲਰਕ, ਸ. ਸ਼ੇਰ ਸਿੰਘ ਅਜਰਾਣਾ, ਸ. ਮਾਲਕ ਸਿੰਘ ਹਾਜ਼ਿਰ ਸਨ।

# ਦਰਬਾਰ ਸਾਹਿਬ ਹਮਲੇ ਦੌਰਾਨ 72 ਘੰਟੇ ਕੀਰਤਨ ਕਰਨ ਵਾਲੇ ਰਾਗੀ ਸਿੰਘ ਨਮਿੱਤ ਮੁੰਧੋਂ ਵਿਖੇ ਸ਼ਹੀਦੀ ਸਮਾਗਮ 14 ਨੂੰ



ਮਾਜਰੀ, 4 ਜੂਨ (ਹਰਜਿੰਦਰ ਭੰਗੂ) : ਸ੍ਰੀ ਦਰਬਾਰ ਸਾਹਿਬ ਹਮਲੇ ਦੌਰਾਨ ਕੀਰਤਨ ਦੀ ਡਿਊਟੀ ਦੌਰਾਨ ਸ਼ਹੀਦ ਹੋਣ ਵਾਲੇ ਰਾਗੀ ਭਾਈ ਅਮਰੀਕ ਸਿੰਘ ਦੇ ਪਿੰਡ ਮੁੰਧੋਂ ਵਾਸੀਆਂ ਵੱਲੋਂ 14 ਜੂਨ ਸਲਾਨਾ ਸ਼ਹੀਦੀ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਗੁਰਦੁਆਰਾ ਗੜ੍ਹੀ ਭੌਰਖਾ ਸਾਹਿਬ ਮਾਜਰੀ ਬਲਾਕ ਵਿਖੇ ਪ੍ਰਬੰਧਕ ਕਮੇਟੀ ਨਾਲ ਸਮਾਗਮ ਸਬੰਧੀ ਰੱਖੀ ਮੀਟਿੰਗ ਦੌਰਾਨ ਮੁੱਖ ਪ੍ਰਬੰਧਕ ਭਾਈ ਸਤਨਾਮ ਸਿੰਘ ਤੇ ਜਗਮੋਹਣ ਸਿੰਘ ਨੀਟਾ ਨੇ ਦੱਸਿਆ ਕਿ ਭਾਈ ਅਮਰੀਕ ਸਿੰਘ ਦਰਬਾਰ ਸਾਹਿਬ ਹਮਲੇ ਦੌਰਾਨ ਚੱਲਦੀ ਗੋਲੀ 'ਚ 72 ਘੰਟੇ ਇਕੱਲੇ ਹੀ ਕੀਰਤਨ ਦੀ ਸੇਵਾ ਕਰਦੇ ਰਹੇ। ਇਸ ਤੋਂ ਬਾਅਦ ਦੂਜੇ ਜੱਥੇ ਦੇ ਆਉਣ ਤੇ ਜਦੋਂ ਸੁਜਾਖੇ ਹੋਣ ਕਾਰਨ ਦੀਵਾਰ ਦੇ ਨਾਲ ਨਾਲ ਜਾ ਰਹੇ ਸਨ ਤਾਂ ਜਾਲਮਾਂ ਦੀਆਂ ਗੋਲੀਆਂ ਨਾਲ ਸ਼ਹੀਦ ਹੋ ਗਏ ਸਨ। ਉਨ੍ਹਾਂ ਦੀ ਯਾਦ 'ਚ ਨੌਜਵਾਨਾਂ ਵੱਲੋਂ ਪਿੰਡ 'ਚ ਪੰਜ ਸਾਲ ਪਹਿਲਾਂ ਸਮਾਗਮ ਸ਼ੁਰੂ ਕੀਤਾ ਸੀ। ਇਸੇ ਤਹਿਤ 14 ਜੂਨ ਨੂੰ ਉਨ੍ਹਾਂ ਦੀ ਯਾਦ 'ਚ ਪਿੰਡ ਦੇ ਗੁਰੂ ਘਰ ਵਿਖੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ 1 ਵਜੇ ਤੱਕ ਕੀਰਤਨ ਤੇ ਢਾਡੀ ਵਾਰਾਂ ਉਪਰੰਤ ਪੰਥਕ ਸਖਸ਼ੀਅਤਾਂ ਸੰਬੋਧਨ ਕਰਨਗੀਆਂ। ਇਸ ਦੌਰਾਨ ਅਤੁੱਟ ਗੁਰੂ ਕੇ ਲੰਗਰ ਵੀ ਵਰਤਾਏ ਜਾਣਗੇ। ਇਸ ਮੌਕੇ ਰਵਿੰਦਰ ਸਿੰਘ ਬਜੀਦਪੁਰ, ਹਰਜੀਤ ਸਿੰਘ ਹਰਮਨ, ਭਗਤ ਸਿੰਘ ਭਗਤਮਾਜਰਾ, ਦਰਸ਼ਨ ਸਿੰਘ ਖੇੜਾ, ਗੁਰਮੇਲ ਸਿੰਘ ਮੁੰਧੋਂ, ਚਰਨਜੀਤ ਸਿੰਘ ਚੰਨੀ, ਰਜਿੰਦਰ ਸਿੰਘ ਮਾਜਰਾ ਤੇ ਬਲਵਿੰਦਰ ਸਿੰਘ ਕਾਦੀਮਾਜਰਾ ਆਦਿ ਆਗੂ ਹਾਜ਼ਰ ਸਨ।

# ਜੂਨ '84 ਤੀਜਾ ਘੱਲੂਘਾਰਾ, 5 ਜੂਨ ਦੇ ਰੋਸ ਮਾਰਚ 'ਚ ਮਾਲਵੇ 'ਚੋਂ ਵੀ ਸੰਗਤ ਹੋਵੇਗੀ ਸ਼ਾਮਲ : ਬਾਬਾ ਮਹਿਰਾਜ

### 6 ਜੂਨ ਨੂੰ ਅਰਦਾਸ ਤੇ ਅੰਮ੍ਰਿਤਸਰ ਸ਼ਹਿਰ ਬੰਦ ਰੱਖਿਆ ਜਾਵੇਗਾ-ਦਲ ਖਾਲਸਾ

**ਆਜ਼ਾਦ ਸੋਚ**
**ਬਿੰਦਰ ਜਲਾਲ /ਭਗਤਾ ਭਾਈ , 4 ਜੂਨ**

ਜੂਨ ਚੁਰਾਸੀ ਤੀਜਾ ਘੱਲੂਘਾਰਾ ਦੀ 42 ਵੀਂ ਵਰ੍ਹੇ ਗੰਢ 'ਤੇ ਅੰਮ੍ਰਿਤਸਰ 'ਚ 5 ਜੂਨ ਨੂੰ ਹੋਣ ਵਾਲੇ ਘੱਲੂਘਾਰਾ ਯਾਦਗਰੀ ਮਾਰਚ 'ਚ ਬਠਿੰਡਾ, ਮਾਨਸਾ ਸਮੇਤ ਮਾਲਵੇ ਦੀ ਸੰਗਤ ਵੀ ਸ਼ਾਮਲ ਹੋਵੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਦਲ ਖਾਲਸਾ ਦੇ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਦਲ ਖਾਲਸਾ ਵੱਲੋਂ ਹਰ ਸਾਲ ਦੀ ਤਰ੍ਹਾਂ ਰੋਸ ਵਜੋਂ 6 ਜੂਨ ਨੂੰ ਅੰਮ੍ਰਿਤਸਰ ਸਹਿਰ ਮੁਕੰਮਲ ਬੰਦ ਦਾ ਸੱਦਾ ਦਿੱਤਾ ਗਿਆ ਹੈ ਅਤੇ ਇਸੇ ਦਿਨ ਦਲ ਖਾਲਸਾ ਦਾ ਜਥਾ ਸ਼ਹਿਰ ਬੰਦ ਰੱਖਣ ਲਈ ਨਿਗਰਾਨੀ ਵੀ ਕਰਨਗੇ।



ਬਾਬਾ ਹਰਦੀਪ ਸਿੰਘ ਮਹਿਰਾਜ, ਦਲ ਖਾਲਸਾ ਦੀ ਵਰਕਿੰਗ ਕਮੇਟੀ ਮੈਂਬਰ ਭਾਈ ਗੁਰਵਿੰਦਰ ਸਿੰਘ ਬਠਿੰਡਾ, ਜੀਵਨ ਸਿੰਘ ਗਿੱਲ ਕਲਾਂ, ਭਗਵਾਨ ਸਿੰਘ ਸੰਧੂ, ਰਾਮ ਸਿੰਘ ਢਪਾਲੀ ਨੇ ਦੱਸਿਆ ਕਿ ਇਹ ਘੱਲੂਘਾਰਾ ਯਾਦਗਰੀ ਮਾਰਚ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਤੋਂ ਸ੍ਰੀ ਦਰਬਾਰ ਸਾਹਿਬ ਤੱਕ ਬਜ਼ਾਰਾਂ ਵਿਚੋਂ ਦੀ ਵਿਚਰਦਾ ਜਾਏਗਾ। ਉਹਨਾਂ ਦੱਸਿਆ ਕਿ ਸਿੱਖ ਕੌਮ ਦੀ ਨਸਲਕੁਸ਼ੀ ਕਰਨ ਦੀ ਸਾਜਿਸ਼ ਤਹਿਤ ਇੰਡੀਅਨ ਸਟੇਟ ਨੇ ਆਪਣੀ ਸਾਰੀ ਮਸ਼ੀਨਰੀ ਤੇ ਹੋਰ ਦੇਸ਼ਾਂ ਦੀ ਮਦਦ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਦਰਬਾਰ ਸਾਹਿਬ, ਸ਼੍ਰੀ ਅਕਾਲ ਤਖਤ ਸਾਹਿਬ ਤੇ ਹੋਰ ਅਨੇਕਾਂ ਗੁਰਦੁਆਰਿਆਂ 'ਤੇ ਹਮਲਾ ਕਰਕੇ ਸਾਬਤ ਕਰ ਦਿੱਤਾ ਸੀ ਕਿ ਇਹ ਸਟੇਟ ਸਿੱਖਾਂ ਦਾ ਖੁਰਾਖੋਜ ਮਿਟਾਉਣ ਦੇ ਕੁਰਾਹੇ ਪੈ ਚੁੱਕੀ ਹੈ।

# ਪੰਜਾਬ ਸਰਕਾਰ ਦੀ ਅਗਵਾਈ ਵਿਚ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹੇਗਾ ਜ਼ਿਲ੍ਹਾ ਪ੍ਰਸ਼ਾਸਨ : ਡਾ. ਹਿਮਾਂਸ਼ੂ ਅਗਰਵਾਲ

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀ ਸਮੀਖਿਆ ਮੀਟਿੰਗ ਵਿੱਚ ਡੀ ਸੀ ਵੱਲੋਂ ਕਈ ਅਹਿਮ ਫ਼ੈਸਲੇ

**ਆਜ਼ਾਦ ਸੋਚ**
**ਹਰਵਿੰਦਰ ਲਾਲੀ/ਪਟਿਆਲਾ, 4 ਜੂਨ**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਨੌਜਵਾਨਾਂ ਨੂੰ ਰੁਜ਼ਗਾਰ, ਹੁਨਰ ਵਿਕਾਸ ਅਤੇ ਸਵੈ-ਰੁਜ਼ਗਾਰ ਦੇ ਵਧੇਰੇ ਮੌਕੇ ਪ੍ਰਦਾਨ ਕਰਨ ਸਬੰਧੀ ਵੱਖ-ਵੱਖ ਯੋਜਨਾਵਾਂ ਅਤੇ ਪਹਿਲ ਕਦਮੀਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਜਾਬ ਸਰਕਾਰ ਦੀ ਅਗਵਾਈ ਵਿੱਚ ਪ੍ਰੋਜੈਕਟ ਚੇਤਨਾ ਅਤੇ ਕਾਲਜ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਲਈ ਤਿੰਨ ਮਹੀਨਿਆਂ ਦੀ ਪ੍ਰਸ਼ਾਸਨਿਕ ਇੰਟਰਨਸ਼ਿਪ ਯਕੀਨੀ ਬਣਾਈ ਜਾਵੇਗੀ । ਉਨ੍ਹਾਂ ਕਿਹਾ ਕਿ ਇਸ ਪਹਿਲ ਨਾਲ ਵਿਦਿਆਰਥੀਆਂ ਨੂੰ ਪ੍ਰਸ਼ਾਸਨਿਕ ਕੰਮਕਾਜ ਦੀ ਜਾਣਕਾਰੀ ਮਿਲੇਗੀ ਅਤੇ ਉਨ੍ਹਾਂ ਦੀ ਯੋਗਤਾ ਵਿੱਚ ਵਾਧਾ ਹੋਵੇਗਾ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਸਵੈ-ਨਿਰਭਰਤਾ ਵੱਲ ਪ੍ਰੇਰਿਤ ਕਰਨ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਹਰ ਸੰਭਵ ਯਤਨ ਜਾਰੀ ਰੱਖੇ ਜਾਣਗੇ।ਮੀਟਿੰਗ ਦੌਰਾਨ ਮਹਿਲਾ ਉਮੀਦਵਾਰਾਂ ਲਈ ਵਿਸ਼ੇਸ਼ ਹੁਨਰ ਸਿਖਲਾਈ ਪ੍ਰੋਗਰਾਮਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਓਹਨਾ ਕਿਹਾ ਕਿ ਮਹਿਲਾਵਾਂ ਨੂੰ ਪੋਸਟਨੇਟਲ ਕੇਅਰਟੇਕਰ, ਸੈਲਫ ਡਿਫੈਂਸ ਟ ?ਰੇਨਿੰਗ ਅਤੇ ਹੋਰ ਰੁਜ਼ਗਾਰਮੁਖੀ ਕੋਰਸਾਂ ਨਾਲ ਜੋੜਿਆ ਜਾਵੇ ਤਾਂ ਜੋ ਉਹ ਆਰਥਿਕ ਤੌਰ 'ਤੇ ਸਸ਼ਕਤ ਬਣ ਸਕਣ। ਇਸ ਦੇ ਨਾਲ ਹੀ ਸਰਕਾਰ




ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਕੇਂਦਰਾਂ ਨਾਲ ਜੁੜੇ ਉਮੀਦਵਾਰਾਂ ਨੂੰ ਹੁਨਰ ਸਿਖਲਾਈ ਦੇਣ ਉਪਰੰਤ ਉਨ੍ਹਾਂ ਦੀ ਪਲੇਸਮੈਂਟ ਯਕੀਨੀ ਬਣਾਉਣ ਲਈ ਵੀ ਯੋਜਨਾਬੱਧ ਢੰਗ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ।

ਡਿਪਟੀ ਕਮਿਸ਼ਨਰ ਨੇ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਲਈ ਕੋਚਿੰਗ ਕਲਾਸਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਉੱਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਹਾਸਲ ਕਰਨ ਦੇ ਇੱਛੁਕ ਉਮੀਦਵਾਰਾਂ ਨੂੰ ਮਿਆਰੀ ਮਾਰਗਦਰਸ਼ਨ ਅਤੇ ਸਹੂਲਤਾਂ ਮੁਹੱਈਆ ਕਰਵਾਈ ਜਾਣ ਲਈ ਕੋਚਿੰਗ ਕਲਾਸਿਜ਼ ਸ਼ੁਰੂ ਕਰਨ ਬਾਰੇ ਵਿਚਾਰ ਕੀਤਾ ਜਾਵੇਗਾ।

ਮੀਟਿੰਗ ਵਿੱਚ ਉਦਯੋਗਿਕ ਖੇਤਰ ਦੀਆਂ ਲੋੜਾਂ ਅਨੁਸਾਰ ਚਲਾਏ ਜਾ ਰਹੇ ਕੋਰਸਾਂ ਦੀ ਸਮੀਖਿਆ ਵੀ ਕੀਤੀ ਗਈ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਬਦਲਦੇ ਸਮੇਂ ਅਤੇ ਉਦਯੋਗਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਨਵੇਂ ਕੋਰਸ ਸ਼ੁਰੂ ਕਰਨ ਅਤੇ ਮੌਜੂਦਾ ਕੋਰਸਾਂ ਨੂੰ ਅਪਡੇਟ ਕਰਨ ਦੀ ਲੋੜ ਹੈ । ਇਸ ਬਾਰੇ ਓਹਨਾ ਵਲੋਂ ਆਈ ਟੀ ਆਈ ਤੇ ਪੋਲੀਟੈਕਨਿਕ ਕਾਲਜਿਜ਼ ਤੋਂ ਆਏ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ।

ਉਨ੍ਹਾਂ ਪੁਲਿਸ, ਫੌਜ ਅਤੇ ਬੀ.ਐਸ.ਐਫ. ਵਿੱਚ ਭਰਤੀ ਸਬੰਧੀ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਅਤੇ ਸਕੂਲ ਕਾਲਜਾਂ ਵਿਚ ਇਸ ਸਬੰਧੀ ਜਾਣਕਾਰੀ ਲਈ ਫਲੈਕਸ ਲਗਾਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਨਿਯਮਿਤ ਤੌਰ 'ਤੇ ਪਲੇਸਮੈਂਟ ਕੈਂਪ, ਰੋਜ਼ਗਾਰ ਮੇਲੇ ਅਤੇ ਸਵੈ-ਰੁਜ਼ਗਾਰ ਸੈਮੀਨਾਰ ਆਯੋਜਿਤ ਕਰਨ ਉੱਤੇ ਵੀ ਜ਼ੋਰ ਦਿੱਤਾ ਗਿਆ।

ਇਸ ਮੌਕੇ ਰੁਜ਼ਗਾਰ ਦਫ਼ਤਰ, ਰੈੱਡ ਕਰਾਸ, ਸਿੱਖਿਆ ਵਿਭਾਗ, ਪੌਲੀਟੈਕਨੀਕਲ, ਕਾਲਜ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਪ੍ਰਸਿੱਧ ਅਦਾਕਾਰਾ ਗੁਰਪ੍ਰੀਤ ਕੌਰ ਭੰਗੂ ਦੇ ਪਤੀ ਸਵਰਨ ਸਿੰਘ ਭੰਗੂ ਦੀ ਮ੍ਰਿਤਕ ਦੇਹ ਪੀ.ਜੀ.ਆਈ. ਨੂੰ ਕੀਤੀ ਜਾਵੇਗੀ ਦਾਨ

**ਆਜ਼ਾਦ ਸੋਚ**
**ਰਜਿੰਦਰ/ਸ਼੍ਰੀ ਚਮਕੌਰ ਸਾਹਿਬ, 4 ਜੂਨ**

ਪੇਂਡੂ ਵਿਦਿਅਕ ਖੇਤਰ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਸਾਬਕਾ ਪੱਤਰਕਾਰ ਅਤੇ ਨਾਮਵਰ ਪੰਜਾਬੀ ਅਦਾਕਾਰਾ ਗੁਰਪ੍ਰੀਤ ਕੌਰ ਭੰਗੂ ਦੇ ਪਤੀ ਸਵਰਨ ਸਿੰਘ ਭੰਗੂ ਦਾ ਇੱਕ ਮੰਦਭਾਗੀ ਘਟਨਾ ਵਿੱਚ ਅਚਾਨਕ ਦੇਹਾਂਤ ਹੋ ਗਿਆ। ਮਿਲੀ ਜਾਣਕਾਰੀ ਅਨੁਸਾਰ ਨਗਰ ਕੌਂਸਲ ਦੇ ਇੱਕ ਅਣਢਕੇ (ਖੁੱਲ੍ਹੇ) ਨਾਲੇ ਵਿੱਚ ਡਿੱਗਣ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਇਸ ਦੁਖਦਾਈ ਖ਼ਬਰ ਕਾਰਨ ਪੂਰੇ ਇਲਾਕੇ ਅਤੇ ਕਲਾ ਜਗਤ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।



ਸਮਾਜ ਸੇਵੀ ਅਮਨਦੀਪ ਸਿੰਘ ਮਾਂਗਟ ਨੇ ਦੱਸਿਆ ਕਿ ਸਵ: ਸਵਰਨ ਸਿੰਘ ਭੰਗੂ ਨੇ ਜਿਊਂਦੇ ਜੀਅ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਮਰਨ ਉਪਰੰਤ ਆਪਣਾ ਸਰੀਰ ਮੈਡੀਕਲ ਖੋਜਾਂ ਲਈ ਦਾਨ ਕਰਨ ਦਾ ਪ੍ਰਣ ਲਿਆ ਸੀ।ਉਨ੍ਹਾਂ ਦੇ ਇਸੇ ਸੰਕਲਪ ਤਹਿਤ ਉਨ੍ਹਾਂ ਦੀ ਮ੍ਰਿਤਕ ਦੇਹ ਪੀਜੀਆਈ ਚੰਡੀਗੜ੍ਹ ਨੂੰ ਸੌਂਪੀ ਜਾਵੇਗੀ।ਸ੍ਰੀ ਮਾਂਗਟ ਅਨੁਸਾਰ 6 ਜੂਨ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਬਸੀ ਗੁੱਜਰਾਂ ਦੇ ਸਕੂਲ ਵਿਖੇ ਆਮ ਲੋਕਾਂ ਅਤੇ ਸਨੇਹੀਆਂ ਦੇ ਦਰਸ਼ਨਾਂ ਲਈ ਦੇਹ ਰੱਖਣ ਤੋਂ ਬਾਅਦ ਦੁਪਹਿਰ 12 ਵਜੇ ਪੀਜੀਆਈ. ਚੰਡੀਗੜ੍ਹ ਦੀ ਵਿਸ਼ੇਸ਼ ਟੀਮ ਮ੍ਰਿਤਕ ਸਰੀਰ ਨੂੰ ਆਪਣੇ ਨਾਲ ਲੈ ਕੇ ਰਵਾਨਾ ਹੋਵੇਗੀ।ਸਵ. ਸਵਰਨ ਸਿੰਘ ਭੰਗੂ ਦੀ ਬੇਵਕਤੀ ਮੌਤ 'ਤੇ ਸ਼ਹਿਰ ਅਤੇ ਇਲਾਕੇ ਦੀਆਂ ਨਾਮਵਰ ਹਸਤੀਆਂ,ਪੰਜਾਬੀ ਫ਼ ?ਲਮ ਇੰਡਸਟਰੀ ਦੇ ਕਲਾਕਾਰਾਂ, ਲੇਖਕਾਂ, ਪੱਤਰਕਾਰਾਂ ਅਤੇ ਅਧਿਆਪਕ ਵਰਗ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਇਸੇ ਦੌਰਾਨ ਪ੍ਰਸ਼ਾਸਨ ਅਤੇ ਨਗਰ ਕੌਂਸਲ ਦੀ ਲਾਪਰਵਾਹੀ (ਅਣਢਕੇ ਨਾਲੇ) ਕਾਰਨ ਵਾਪਰੇ ਇਸ ਹਾਦਸੇ ਨੂੰ ਲੈ ਕੇ ਸਥਾਨਕ ਲੋਕਾਂ ਵਿੱਚ ਭਾਰੀ ਰੋਸ ਵੀ ਦੇਖਣ ਨੂੰ ਮਿਲ ਰਿਹਾ ਹੈ।

# ਸਮਾਜਿਕ ਤਬਦੀਲੀ ਵਿੱਚ ਸਾਹਿਤਕਾਰਾਂ ਦਾ ਵੱਡਾ ਯੋਗਦਾਨ: ਸੁਰਜੀਤ ਸਿੰਘ ਰੱਖੜਾ

### ਸ. ਰੱਖੜਾ ਨੇ ਸਾਹਿਤਿਕ ਸਮਾਗਮ 'ਚ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ, ਕੀਤਾ ਗਿਆ ਵਿਸ਼ੇਸ਼ ਸਨਮਾਨ

**ਆਜ਼ਾਦ ਸੋਚ**
**ਸੰਜੇ ਬਾਂਸਲ/ਸਮਾਣਾ, 4 ਜੂਨ**

ਮਾਲਵਾ ਰੀਸਰਚ ਸੈਂਟਰ, ਪਟਿਆਲਾ ਵੱਲੋਂ ਰੱਖੜਾ ਟੈਕਨੋਲੋਜੀ ਵਿਖੇ ਪੁਸਤਕ ਲੋਕ ਅਰਪਣ, ਵਿਚਾਰ-ਚਰਚਾ ਅਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ



ਵਿੱਚ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਸਮਾਗਮ ਦੌਰਾਨ ਪ੍ਰਸਿੱਧ ਸਾਹਿਤਕਾਰ ਅੰਮ੍ਰਿਤ 'ਅਜ਼ੀਜ਼' ਦੇ ਕਾਵਿ-ਸੰਗ੍ਰਹਿ 'ਤਨਹਾਈਆਂ ਦੇ ਪਲ' ਨੂੰ ਲੋਕ ਅਰਪਣ ਕੀਤਾ ਗਿਆ ਅਤੇ ਪੰਜਾਬ ਭਰ ਤੋਂ ਪਹੁੰਚੇ ਸਾਹਿਤਕਾਰਾਂ, ਬੁੱਧੀਜੀਵੀਆਂ ਅਤੇ ਚਿੰਤਕਾਂ ਵੱਲੋਂ ਸੁਰਜੀਤ ਸਿੰਘ ਰੱਖੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਾਹਿਤਕਾਰ ਕਿਸੇ ਵੀ ਸਮਾਜ ਦੀ ਚੇਤਨਾ ਅਤੇ ਜ਼ਮੀਰ ਦੀ ਆਵਾਜ਼ ਹੁੰਦੇ ਹਨ ਜੋ ਸਮਾਜ ਦੀ ਦਿਸ਼ਾ ਅਤੇ ਦਸ਼ਾ ਨੂੰ ਦਰਸਾਉਣ ਦੇ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨ ਦਾ ਕੰਮ ਵੀ ਕਰਦੀ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਤਬਦੀਲੀ, ਨਵੀਂ ਸੋਚ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਸਾਹਿਤਕਾਰਾਂ ਦਾ ਯੋਗਦਾਨ ਬੇਹੱਦ ਅਹਿਮ ਹੈ।

ਇਸ ਮੌਕੇ ਡਾ. ਭਗਵੰਤ ਸਿੰਘ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸੁਰਜੀਤ ਸਿੰਘ ਰੱਖੜਾ ਨੇ ਹਮੇਸ਼ਾ ਸਿਧਾਂਤਕ ਰਾਜਨੀਤੀ ਨੂੰ ਤਰਜੀਹ ਦਿੱਤੀ ਹੈ ਅਤੇ ਪੰਜਾਬ ਦੇ ਚੰਗੇਰੇ ਭਵਿੱਖ ਲਈ ਦੂਰਅੰਦੇਸ਼ੀ ਫ਼ੈਸਲੇ ਲਏ ਹਨ।

ਸਮਾਗਮ ਦੌਰਾਨ ਪੰਜਾਬ ਦੇ ਵਿਕਾਸ, ਸਮਾਜਿਕ ਸਰੋਕਾਰਾਂ ਅਤੇ ਸਮਾਜ ਨਿਰਮਾਣ ਵਿੱਚ ਸਾਹਿਤ ਦੀ ਭੂਮਿਕਾ ਸਬੰਧੀ ਡੂੰਘੀ ਵਿਚਾਰ-ਚਰਚਾ ਕੀਤੀ ਗਈ।ਇਸ ਮੌਕੇ ਜਗਦੀਪ ਸਿੰਘ, ਦਰਬਾਰਾ ਸਿੰਘ ਢੀਂਡਸਾ, ਗੁਰਨਾਮ ਸਿੰਘ, ਰਵੇਲ ਸਿੰਘ ਭਿੰਡਰ, ਜੋਗਾ ਸਿੰਘ ਧਨੌਲਾ,ਬਲਵਿੰਦਰ ਭੱਟੀ, ਬਬੀਤਾ, ਸੁਖਵਿੰਦਰ ਸਿੰਘ ਸਿੱਧੂ, ਮਨਜੀਤ ਸਿੰਘ, ਮੋਹਨ ਸਿੰਘ, ਸੁਖਪਾਲ ਸਿੰਘ ਸੋਹੀ, ਨਿਰਭੈ ਸਿੰਘ, ਕੇ.ਵੀ.ਐਸ. ਸਿੱਧੂ, ਪਰਵਿੰਦਰ ਬਾਜਵਾ, ਦਵਿੰਦਰ ਸਿੰਘ ਰਾਣਾ ਅਤੇ ਹੋਰ ਅਨੇਕਾਂ ਸਾਹਿਤਕਾਰਾਂ ਪਟਿਆਲਾ, ਫ਼ਤਿਹਗੜ੍ਹ, ਮਾਨਸਾ, ਬਠਿੰਡਾ ਮਲੇਰਕੋਟਲਾ ਤੋਂ ਸ਼ਾਮਿਲ ਹੋਏ।

# ਸਲਾਇਟ ਵਿਖੇ ਸ਼ਹਿਦ ਉਤਪਾਦਨ, ਪ੍ਰੋਸੈਸਿੰਗ ਤੇ ਗੁਣਵੱਤਾ ਵਿਸ਼ਲੇਸ਼ਣ ਬਾਰੇ ਪੰਜ ਰੋਜ਼ਾ ਕੋਰਸ ਸ਼ੁਰੂ

**ਆਜ਼ਾਦ ਸੋਚ**
**ਗੁਰਪ੍ਰੀਤ ਸਿੰਘ ਖ਼ਾਲਸਾ**
**ਲੌਂਗੋਵਾਲ, 4 ਜੂਨ**

ਸੰਤ ਲੌਂਗੋਵਾਲ ਇੰਜੀਨੀਅਰਿੰਗ ਅਤੇ ਤਕਨਾਲੋਜੀ ਸੰਸਥਾਨ (ਸਲਾਈਟ) ਲੌਂਗੋਵਾਲ ਦੇ ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ ਵੱਲੋਂ ÷ਸ਼ਹਿਦ ਉਤਪਾਦਨ, ਪ੍ਰੋਸੈਸਿੰਗ ਅਤੇ ਗੁਣਵੱਤਾ ਵਿਸ਼ਲੇਸ਼ਣ ਉੱਤੇ ਮੁੱਲ ਸੰਵਰਧਨ ਕੋਰਸਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪੰਜ ਰੋਜ਼ਾ ਕੋਰਸ ਦਾ ਉਦਘਾਟਨ ਸੰਸਥਾਨ ਦੇ ਡਾਇਰੈਕਟਰ ਪ੍ਰੋ. ਮਨੀ ਕਾਂਤ ਪਾਸਵਾਨ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇਸ ਮੌਕੇ ਪ੍ਰੋ. ਸੁਰਿੰਦਰ ਸਿੰਘ (ਡੀਨ, ਖੋਜ ਅਤੇ ਸਲਾਹਕਾਰਤਾ ਸ੍ਰੀ ਹਰੀ ਮੋਹਨ ਅਰੋੜਾ (ਰਜਿਸਟਰਾਰ) ਅਤੇ ਪ੍ਰੋ. ਸੀ. ਐਸ. ਰਿਆਰ (ਵਿਭਾਗ ਮੁਖੀ, ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ) ਵਿਸ਼ੇਸ਼ ਮਹਿਮਾਨਾਂ ਵਜੋਂ ਮੰਚ 'ਤੇ ਹਾਜ਼ਰ ਸਨ। ਕੋਰਸ ਦੇ ਸਹਿ-ਸੰਯੋਜਕ ਪ੍ਰੋ. ਵਿਕਾਸ ਨੰਦਾ ਨੇ ਆਏ ਹੋਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ।

ਇਸ ਕੋਰਸ ਵਿੱਚ ਸੰਸਥਾਨ ਦੇ ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ ਦੇ ਵਿਦਿਆਰਥੀਆਂ ਦੇ ਨਾਲ-ਨਾਲ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਫਗਵਾੜਾ ਅਤੇ ਗੁਰੂ ਜੰਭੇਸ਼ਵਰ ਵਿਗਿਆਨ ਅਤੇ ਤਕਨਾਲੋਜੀ ਯੂਨੀਵਰਸਿਟੀ, ਹਿਸਾਰ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਤੋਂ ਇਲਾਵਾ ਪੰਜਾਬ ਦੇ ਅਗਾਂਹਵਧੂ ਮਧੂਮੱਖੀ ਪਾਲਕਾਂ ਨੇ ਵੀ ਸ. ਜਗਤਾਰ ਸਿੰਘ ਕਾਂਝਲਾ ਦੀ ਅਗਵਾਈ ਹੇਠ ਕੋਰਸ ਵਿੱਚ ਭਾਗ ਲਿਆ, ਆਪਣੇ ਉਦਘਾਟਨੀ ਭਾਸ਼ਣ ਵਿੱਚ ਡਾਇਰੈਕਟਰ ਪ੍ਰੋ. ਮਨੀ ਕਾਂਤ







ਪਾਸਵਾਨ ਨੇ ਕਿਹਾ ਕਿ ਸੰਸਥਾਨ ਦਾ ਮੁੱਖ ਉਦੇਸ਼ ਪੰਜਾਬ ਦੇ ਮਧੂਮੱਖੀ ਪਾਲਕਾਂ ਨੂੰ ਘੱਟ ਤੋਂ ਘੱਟ ਲਾਗਤ 'ਤੇ ਉੱਚ ਪੱਧਰੀ ਤਕਨੀਕੀ ਸਲਾਹ, ਗੁਣਵੱਤਾ ਜਾਂਚ ਅਤੇ ਵਿਸ਼ਲੇਸ਼ਣ ਸਹੂਲਤਾਂ ਪ੍ਰਦਾਨ ਕਰਨਾ ਹੈ, ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਵਿਗਿਆਨਕ ਹੱਲ ਕੀਤਾ ਜਾ ਸਕੇ।ਉਨ੍ਹਾਂ ਨੇ ਸ਼ਹਿਦ ਉਤਪਾਦਨ ਅਤੇ ਪ੍ਰੋਸੈਸਿੰਗ ਖੇਤਰ ਵਿੱਚ ਨਵੀਨਤਾ, ਮੁੱਲ ਸੰਵਰਧਨ ਅਤੇ ਉਦਯੋਗਿਕ ਪੱਧਰ ਉੱਤੇ ਤਕਨੀਕੀ ਵਿਕਾਸ ਦੀ ਲੋੜ 'ਤੇ ਜ਼ੋਰ ਪ੍ਰੋ. ਸੁਰਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਲੱਖਣ ਕਿਸਮਾਂ ਦੇ ਸ਼ਹਿਦ ਉੱਤੇ ਖੋਜ ਨੂੰ ਉਤਸ਼ਾਹਿਤ ਕਰਨ ਅਤੇ ਸ਼ਹਿਦ ਵਿੱਚ ਮਿਲਾਵਟ ਦੀ ਪਛਾਣ ਲਈ ਆਧੁਨਿਕ ਅਤੇ ਸਟੀਕ ਤਕਨੀਕਾਂ ਦੇ ਵਿਕਾਸ ਦੀ ਲੋੜ ਉੱਤੇ ਜ਼ੋਰ ਦਿੱਤਾ। ਪ੍ਰੋ. ਸੀ. ਐਸ. ਰਿਆੜ (ਵਿਭਾਗ ਮੁਖੀ, ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ) ਨੇ ਵਿਭਾਗ ਵੱਲੋਂ ਸ਼ਹਿਦ ਪ੍ਰੋਸੈਸਿੰਗ, ਗੁਣਵੱਤਾ ਵਿਸ਼ਲੇਸ਼ਣ ਅਤੇ ਮਧੂਮੱਖੀ ਪਾਲਣ ਨਾਲ ਸੰਬੰਧਿਤ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਖੋਜ ਅਤੇ ਵਿਸਥਾਰ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਵਿਭਾਗ ਉਦਯੋਗ ਕਿਸਾਨਾਂ ਅਤੇ ਮਧੂਮੱਖੀ ਪਾਲਕਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਤਕਨੀਕੀ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਰਜਿਸਟਰਾਰ ਸ੍ਰੀ ਹਰੀ ਮੋਹਨ ਅਰੋੜਾ ਨੇ ਭਰੋਸਾ ਦਿੱਤਾ ਕਿ ਸੰਸਥਾਨ ਵੱਲੋਂ ਸ਼ਹਿਦ ਵਿਸ਼ਲੇਸ਼ਣ ਪ੍ਰਯੋਗਸ਼ਾਲਾ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਸ. ਜਗਤਾਰ ਸਿੰਘ ਕਾਂਝਲਾ ਨੇ ਡਾਇਰਕਟਰ ਪ੍ਰੋ . ਮਨੀਕਾਂਤ ਪਾਸਵਾਨ ਅਤੇ ਪ੍ਰੋ. ਵਿਕਾਸ ਨੰਦਾ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਨਾਲ ਪੰਜਾਬ ਦੇ ਮਧੂਮੱਖੀ ਪਾਲਕਾਂ ਨੂੰ ਉੱਚ ਪੱਧਰੀ ਵਿਸ਼ਲੇਸ਼ਣ ਸਹੂਲਤਾਂ ਪ੍ਰਾਪਤ ਹੋ ਰਹੀਆਂ ਹਨ। ਅੰਤ ਵਿੱਚ ਪ੍ਰੋ. ਨਵਦੀਪ ਜਿੰਦਲ ਨੇ ਧੰਨਵਾਦ ਪ੍ਰਸਤਾਵ ਪੇਸ਼ ਕਰਦਿਆਂ ਪ੍ਰੋ. ਕਮਲੇਸ਼ ਪ੍ਰਸਾਦ, ਪ੍ਰੋ. ਪੀ. ਐਸ. ਪਨੇਸਰ, ਪ੍ਰੋ. ਪੀ. ਕੁਮਾਰ, ਸ੍ਰੀ ਮਨੋਜ ਪਾਂਡੇ, ਸ੍ਰੀ ਲਕਸ਼ਮੀ ਨਾਰਾਇਣ ਸਿੰਘ, ਡਾ. ਓਮ ਚੰਦ ਅਤੇ ਸ੍ਰੀਮਤੀ ਪਰਵੀਨ ਗੋਇਲ ਸਮੇਤ ਸਮੂਹ ਅਧਿਆਪਕਾਂ ਅਤੇ ਸਟਾਫ਼ ਦਾ ਧੰਨਵਾਦ ਕੀਤਾ।ਉਨ੍ਹਾਂ ਸਮਾਰੋਹ ਵਿੱਚ ਸ਼ਾਮਲ ਪ੍ਰੋ. ਏ. ਐਸ. ਅਰੋੜਾ (ਡੀਨ. ਪਰਿਵਾਰਿਕ ਅਤੇ ਵਿਦਿਆਰਥੀ ਭਲਾਈ), ਪ੍ਰੋ. ਆਰ. ਕੇ. ਮਿਸ਼ਰਾ (ਡੀਨ, ਐਲੂਮਨੀ ਅਤੇ ਉਦਯੋਗਿਕ ਸੰਬੰਧ), ਪ੍ਰੋ ਸੁਰਿਤਾ ਮੈਨੀ (ਡੀਨ, ਯੋਜਨਾ ਅਤੇ ਵਿਕਾਸ), ਪ੍ਰੋ ਸੰਜੇ ਮਰਵਾਹਾ, ਪ੍ਰੋ. ਅਨੁਪਮਾ ਮਰਵਾਹਾ, ਪ੍ਰੋ. ਪ੍ਰਵੀਨ ਕੌਰ, ਪ੍ਰੋ. ਬੀਰ ਮੋਹਨ ਸਿੰਘ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਸੰਜੀਵ ਬੰਸਲ, ਪ੍ਰੋ ਅਵਿਨਾਸ਼ ਠਾਕੁਰ, ਪ੍ਰੋ ਇੰਦਰਜੀਤ ਸਿੰਘ, ਪ੍ਰੋ. ਮਨੋਜ ਗੋਇਲ, ਪ੍ਰੋ. ਮਨਦੀਪ ਘਈ, ਡਾ. ਪੰਕਜ ਦਾਸ, ਸ੍ਰੀ ਜੋਗਿੰਦਰ ਕੌਸ਼ਿਕ (ਲੇਖਾ ਪਰੀਖਣ ਅਧਿਕਾਰੀ), ਸ੍ਰੀ ਖਾਨ (ਲੇਖਾ ਪਰੀਖਣ ਅਧਿਕਾਰੀ) ਅਤੇ ਖੋਜਾਰਥੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਸੰਪਾਦਕੀ

### ਆਜ਼ਾਦ ਸੋਚ

# ਧਮਾਕੇ ਤੇ ਧਮਕੀਆਂ ਦੀ ਦਹਿਸ਼ਤ

ਪਿਛਲੇ ਕੁਝ ਸਮੇਂ ਤੋਂ ਪੰਜਾਬ ਦੇ ਵੱਖ-ਵੱਖ ਹਿੱਸਿਆਂ 'ਚ ਹੋਏ ਬੰਬ ਧਮਾਕੇ ਤੇ ਪ੍ਰਸ਼ਾਸਨਿਕ ਬਿਲਡਿੰਗਾਂ ਨੂੰ ਉਡਾਉਣ ਵਾਲੀਆਂ ਆ ਰਹੀਆਂ ਧਮਕੀ ਵਾਲੀਆਂ ਈਮੇਲਾਂ ਪੁਲਿਸ ਪ੍ਰਸ਼ਾਸਨ ਲਈ ਸਿਰਦਰਦੀ ਬਣੀਆਂ ਹੋਈਆਂ ਹਨ। ਆਮ ਲੋਕ ਵੀ ਇਸ ਦਹਿਸ਼ਤ ਦਾ ਤਣਾਅ ਹੰਢਾਉਂਦੇ ਹਨ। ਸਰਹੱਦੀ ਇਲਾਕਾ ਗੁਰਦਾਸਪੁਰ ਬੰਬ ਧਮਾਕਿਆਂ ਦਾ ਲਗਾਤਾਰ ਗਵਾਹ ਬਣ ਰਿਹਾ ਹੈ।

ਕਲਾਨੌਰ ਦੇ ਇਕ ਨਿੱਜੀ ਹਸਪਤਾਲ 'ਚ ਚਿੱਟੇ ਦਿਨ ਨੌਜਵਾਨ ਵੱਲੋਂ ਕੀਤਾ ਗਿਆ ਗ੍ਰਨੇਡ ਹਮਲਾ ਆਪਣੀ ਹੀ ਤਰ੍ਹਾਂ ਦੀ ਦਹਿਸ਼ਤੀ ਘਟਨਾ ਹੈ। ਬੇਸ਼ੱਕ ਛੇ ਘੰਟਿਆਂ ਅੰਦਰ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਪਰ ਇਸ ਨਾਲ ਸਵਾਲ ਖੜ੍ਹਾ ਹੋ ਰਿਹਾ ਹੈ ਕਿ ਇਸ ਘਟਨਾ ਪਿੱਛੇ ਅਸਲ ਮਨਸ਼ਾ ਕੀ ਹੈ। ਦੂਜੇ ਪਾਸੇ ਹਸਪਤਾਲ ਦੇ ਮਾਲਕ ਨੇ ਕਿਹਾ ਹੈ ਕਿ ਉਸ ਕੋਲੋਂ ਲਗਾਤਾਰ ਫਿਰੌਤੀ ਮੰਗੀ ਜਾ ਰਹੀ ਸੀ। ਹੋ ਸਕਦਾ ਹੈ ਕਿ ਇਹ ਘਟਨਾ ਉਸੇ ਦਾ ਨਤੀਜਾ ਹੋਵੇ।

ਇਹ ਧਮਾਕਾ ਇੰਨਾ ਜ਼ਬਰਦਸਤ ਸੀ ਕਿ ਹਸਪਤਾਲ ਦੇ ਐਮਰਜੈਂਸੀ ਵਾਰਡ ਦੇ ਦਰਵਾਜ਼ੇ ਦੇ ਸ਼ੀਸ਼ੇ ਤੱਕ ਟੁੱਟ ਗਏ। ਇਸੇ ਦਿਨ ਬਟਾਲਾ 'ਚ ਰੈਸਟੋਰੈਂਟ ਦੇ ਬਾਹਰ ਗੋਲ ?ੀਆਂ ਚੱਲਣ ਦੀ ਘਟਨਾ ਵਾਪਰੀ ਹੈ। ਗੁਰਦਾਸਪੁਰ 'ਚ ਇਸ ਤੋਂ ਪਹਿਲਾਂ ਪੁਲਿਸ ਚੌਂਕੀ 'ਚ ਦੋ ਪੁਲਿਸ ਮੁਲਾਜ਼ਮਾਂ ਦੀ ਹੱਤਿਆ ਕਰ ਦੇਣ ਦੀ ਘਟਨਾ ਵੀ ਵਾਪਰ ਚੁੱਕੀ ਹੈ। ਇਸ ਵਾਰਦਾਤ ਤੋਂ ਬਾਅਦ ਮੁਲਜ਼ਮਾਂ ਵੱਲੋਂ ਘਟਨਾ ਦੀ ਵੀਡੀਓ ਬਣਾ ਕੇ ਵਾਇਰਲ ਕਰਨਾ ਇਸ ਗੱਲ ਦਾ ਸੰਕੇਤ ਹੈ ਕਿ ਅੱਤਵਾਦੀ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਇਹ ਲੋਕ ਕਿੰਨੇ ਬੇਖ਼ੌਫ਼ ਹਨ। ਇਸ ਦਾ ਸਬੂਤ ਪਿਛਲੇ ਮਹੀਨੇ ਜਲੰਧਰ 'ਚ ਬੀਐੱਸਐੱਫ ਚੌਂਕ 'ਚ ਸਕੂਟੀ 'ਚ ਰੱਖ ਕੇ ਕੀਤੇ ਗਏ ਧਮਾਕੇ ਤੋਂ ਵੀ ਮਿਲਦਾ ਹੈ। ਪਿਛਲੇ ਕੁਝ ਸਾਲਾਂ ਤੋਂ ਇਹ ਗ੍ਰਨੇਡ ਸੁੱਟ ਕੇ ਕੀਤੇ ਗਏ ਧਮਾਕਿਆਂ ਦੀਆਂ ਘਟਨਾਵਾਂ ਲਗਾਤਾਰ ਵਧੀਆਂ ਹਨ। ਸਾਲ 2021 'ਚ ਨਵਾਂਸ਼ਹਿਰ ਦੇ ਸੀਆਈਏ ਦਫ਼ਤਰ 'ਤੇ ਵੀ ਗ੍ਰਨੇਡ ਨਾਲ ਹਮਲਾ ਕੀਤਾ ਗਿਆ ਸੀ। ਇਸੇ ਤਰ੍ਹਾਂ ਚੰਡੀਗੜ੍ਹ ਦੇ ਸੈਕਟਰ-10 'ਚ ਇਕ ਘਰ 'ਤੇ ਗ੍ਰਨੇਡ ਸੁੱਟਿਆ ਗਿਆ। ਸਾਲ 2024 ਅਤੇ 25 ਦਰਮਿਆਨ ਪੰਜਾਬ 'ਚ ਪੁਲਿਸ ਥਾਣਿਆਂ, ਚੌਂਕੀਆਂ ਅਤੇ ਕੁਝ ਘਰਾਂ 'ਤੇ ਵੀ ਜਾਨਲੇਵਾ ਹੈਂਡ ਗ੍ਰਨੇਡ ਸੁੱਟੇ ਗਏ ਹਨ।

ਇਸ ਸਾਲ ਚੰਡੀਗੜ੍ਹ 'ਚ ਬੀਜੇਪੀ ਦੀ ਪੰਜਾਬ ਇਕਾਈ ਦੇ ਦਫ਼ਤਰ 'ਤੇ ਗ੍ਰਨੇਡ ਸੁੱਟ ਕੇ ਦਹਿਲਾਉਣ ਦੀ ਕੋਸ਼ਿਸ਼ ਕੀਤੀ ਗਈ। ਇਕ ਰਿਪੋਰਟ ਦੀ ਮੰਨੀਏ ਤਾਂ ਹੁਣ ਤੱਕ 60 ਤੋਂ ਵੱਧ ਗ੍ਰਨੇਡ ਬਰਾਮਦ ਕੀਤੇ ਜਾ ਚੁੱਕੇ ਹਨ। ਸਵਾਲ ਇਹ ਉੱਠਦਾ ਹੈ ਕਿ ਆਖ਼ਰ ਇਹ ਸਿਲਸਿਲਾ ਕਦੋਂ ਤੱਕ ਇਵੇਂ ਹੀ ਜਾਰੀ ਰਹੇਗਾ।

ਆਪਣੇ ਜਾਨਮਾਲ ਦੀ ਸੁਰੱਖਿਆ ਲਈ ਆਮ ਜਨਤਾ ਦੀ ਸਿੱਧੀ ਟੇਕ ਪੁਲਿਸ ਥਾਣਿਆਂ 'ਤੇ ਹੁੰਦੀ ਹੈ ਪਰ ਜਦੋਂ ਪੁਲਿਸ ਥਾਣਿਆਂ ਅਤੇ ਪੁਲਿਸ ਮੁਲਾਜ਼ਮਾਂ ਨੂੰ ਹੀ ਨਿਸ਼ਾਨੇ 'ਤੇ ਲਿਆ ਜਾਣ ਲੱਗਦਾ ਹੈ ਤਾਂ ਲੋਕਾਂ ਦਾ ਭਰੋਸਾ ਵੀ ਡੋਲਦਾ ਹੈ।




Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor- Surinder Kumar

# ਪਰਿਵਾਰ ਨੂੰ ਇਕ ਧਾਗੇ 'ਚ ਪਿਰੋਂਦੀ ਹੈ ਔਰਤ

ਅੱਜਕਲ ਘਰਾਂ 'ਚ ਹੁੰਦੇ ਕਲੇਸ ਦੀਆਂ ਖ਼ਬਰਾਂ ਅਕਸਰ ਸੁਣਨ 'ਚ ਆਉਂਦੀਆਂ ਹਨ। ਕੋਈ ਝਗੜੇ ਦਾ ਕਾਰਨ ਨੂੰਹ ਸਿਰ ਮੜ੍ਹਦਾ ਹੈ ਅਤੇ ਕੋਈ ਸੱਸ ਸਿਰ। ਸੋਸ਼ਲ ਮੀਡੀਆ 'ਤੇ ਅਕਸਰ ਸਿਖਿਆਦਾਇਕ ਰੀਲਾਂ ਅਪਲੋਡ ਕੀਤੀਆਂ ਜਾ ਰਹੀਆਂ ਹਨ। ਕਿਤੇ ਨੂੰਹ ਸੱਸ-ਸਹੁਰੇ ਦੇ ਨਾਲ ਰਹਿਣਾ ਠੀਕ ਨਹੀਂ ਸਮਝਦੀ। ਕਿਤੇ ਘਰ ਰਹਿੰਦੀ ਸੱਸ ਨਾਲ ਨੂੰਹ ਦੀ ਨਹੀਂ ਬਣਦੀ ਅਤੇ ਕਿਤੇ ਸੱਸ ਨੂੰਹ ਨੂੰ ਸਬਕ ਸਿਖਾਉਂਣ ਲਈ ਨੂੰਹ ਨੂੰ ਘਰੋਂ ਜਾਣ ਲਈ ਕਹਿ ਦਿੰਦੀ ਹੈ। ਬਿਰਧ ਸੱਸ-ਸਹੁਰੇ ਨੂੰ ਬਿਰਧ ਆਸ਼ਰਮ ਦਾ ਰਾਹ ਵਿਖਾਉਂਣਾ ਤਾਂ ਰਿਵਾਜ ਹੀ ਬਣ ਗਿਆ ਹੈ। ਕਈ ਘਰਾਂ 'ਚ ਤਾਂ ਦੋ-ਦੋ ਨੂੰਹਾਂ ਹੋਣ ਦੇ ਬਾਵਜੂਦ ਵੀ ਵਿਧਵਾ ਸੱਸ ਆਪਣੀ ਰੋਟੀ ਆਪ ਬਣਾ ਕੇ ਖਾਂਦੀ ਹੈ।

ਮੇਰੀ ਇਕ ਦੋਸਤ ਦੀ ਰਿਸ਼ਤੇਦਾਰ ਔਰਤ ਆਪਣੇ ਛੋਟੇ ਬੇਟੇ ਕੋਲ ? ਰਹਿੰਦੀ ਸੀ ਅਤੇ ਉਸ ਦਾ ਪਤੀ ਕਿਸੇ ਹੋਰ ਸ਼ਹਿਰ 'ਚ ਆਪਣੇ ਵੱਡੇ ਬੇਟੇ ਕੋਲ ਰਹਿੰਦਾ ਸੀ। ਔਰਤ ਭਜਨ ਬੰਦਗੀ ਕਰਿਆ ਕਰਦੀ ਸੀ ਅਤੇ ਇਸ ਦੇ ਫ਼ਲਸਰੂਪ ਉਸ ਨੂੰ ਸਵੇਰ ਦਾ ਨਾਸ਼ਤਾ ਦੇਰ ਨਾਲ ? ਕਰਨ ਦੀ ਆਦਤ ਸੀ। ਉਸ ਦੀ ਨੂੰਹ ਆਪਣੇ ਦੋ ਬੱਚਿਆਂ ਨੂੰ ਨਾਸ਼ਤਾ ਕਰਵਾ ਕੇ ਸਕੂਲ ਸੁਵੱਖਤੇ ਭੇਜ ਦਿੰਦੀ ਸੀ ਅਤੇ ਸੱਸ ਦੀ ਰੋਟੀ ਵੀ ਨਾਲ ? ਹੀ ਤਿਆਰ ਕਰਕੇ ਰੱਖ ਛੱਡਦੀ ਸੀ। ਸੱਸ ਤੋਂ ਠੰਡੀ ਰੋਟੀ ਖਾਧੀ ਨਹੀਂ ਸੀ ਜਾਂਦੀ ਅਤੇ ਜਦੋਂ ਉਹ ਨੂੰਹ ਨੂੰ ਰੋਟੀ ਗਰਮ ਕਰਕੇ ਦੇਣ ਲਈ ਕਹਿੰਦੀ ਤਾਂ ਨੂੰਹ ਉਸ ਦੇ ਗਲ ? ਪੈ ਜਾਂਦੀ। ਇਸ ਖਿਝ ਤੋਂ ਬਚਣ ਲਈ ਉਹ ਵੀ ਆਪਣੇ ਵੱਡੇ ਬੇਟੇ ਕੋਲ ਆ ਗਈ।

ਸਾਡੇ ਮੁਹੱਲੇ ਦੀ ਇਕ ਔਰਤ ਦੇ ਦੋ ਬੇਟੇ ਹਨ ਅਤੇ ਦੋ ਬੇਟੀਆਂ। ਵੱਡੀ ਬੇਟੀ ਦਾ ਘਰ ਛੋਟਾ ਸੀ, ਜਿਸ ਕਰਕੇ ਵਿਆਹ ਸਮੇਂ ਉਸ ਨੂੰ ਓਨਾ ਕੁ ਦਾਜ ਦਿੱਤਾ, ਜਿੰਨਾ ਉਸ ਦੇ ਘਰ ਰੱਖਿਆ ਜਾ ਸਕਦਾ ਹੋਵੇ। ਹੁਣ ਵੱਡੀ ਬੇਟੀ ਨੇ ਮਕਾਨ ਵੱਡਾ ਕਰ ਲਿਆ ਹੈ ਅਤੇ ਉਹ ਉਸ ਨੂੰ ਆਪਣੇ ਜੋੜੇ ਪੈਸਿਆਂ ਨਾਲ ਡਬਲ ਬੈੱਡ, ਅਲਮਾਰੀ, ਫਰਿਜ਼ ਆਦਿ ਲੈ ਕੇ ਦੇ ਆਈ ਹੈ। ਛੋਟੀ ਬੇਟੀ ਵੀ ਵੱਡੀ ਵਾਂਗ ਚੀਜ਼ਾਂ ਦੀ ਮੰਗ ਕਰ ਰਹੀ ਹੈ ਪਰ ਉਸ ਦਾ ਘਰ ਵੀ ਛੋਟਾ ਹੈ, ਜਿਸ ਕਰਕੇ ਉਹ ਛੋਟੀ ਬੇਟੀ ਨੂੰ ਕਹਿੰਦੀ ਹੈ ਕਿ ਉਹ ਉਸ ਦੇ ਬੱਚਿਆਂ ਦੇ ਨਾਂ ਪੈਸੇ ਜਮ ?ਹਾਂ ਕਰਵਾ ਦਿੰਦੀ ਹੈ। ਨੂੰਹਾਂ ਇਸ ਤੇ ਇਤਰਾਜ਼ ਕਰਦੀਆਂ ਹਨ ਪਰ ਔਰਤ ਕਹਿੰਦੀ ਹੈ ਕਿ ਉਸ ਨੇ ਤੁਹਾਡੇ ਪਾਸੋਂ ਤਾਂ ਪੈਸੇ ਨਹੀਂ ਲਏ। ਮਿਹਨਤ ਮਜ਼ਦੂਰੀ ਕਰਕੇ ਉਸ ਨੇ ਪੈਸੇ ਜੋੜੇ ਹਨ, ਉਹ ਜਿੱਥੇ ਮਰਜ਼ੀ ਖ਼ਰਚ ਕਰੇ। ਧੀਆਂ ਦਾ ਘਰ ਵਸਾਉਣ ਦੀ ਫ਼ ?ਕਰ ਨਾ ਪਿਓ ਨੂੰ ਹੈ, ਨਾ ਭਰਾਵਾਂ ਨੂੰ, ਸਿਰਫ਼ ਮਾਂ ਨੂੰ ਹੈ।

ਅੱਜਕਲ ਮੋਬਾਇਲਾਂ ਦਾ ਜ਼ੁੱਗ ਹੈ। ਧੀਆਂ ਰੋਜ਼ ਆਪਣੇ ਮਾਪਿਆਂ ਨਾਲ ਮੋਬਾਇਲ 'ਤੇ ਗੱਲ ਕਰਦੀਆਂ ਹਨ ਅਤੇ ਘਰਦੀਆਂ ਸਾਰੀਆਂ ਨਿੱਕੀਆਂ-ਮੋਟੀਆਂ ਗੱਲਾਂ ਮਾਪਿਆਂ ਤੱਕ ਪੰਹੁਚਾਉਂਦੀਆਂ ਹਨ। ਕੋਈ ਟਾਂਵੀ ਮਾਂ ਹੀ ਅੱਜਕਲ ਹੁੰਦੀ ਹੈ ਜੋ ਆਪਣੀ ਧੀ ਨੂੰ ਡਾਂਟਦੀ ਹੈ ਕਿ ਸਹੁਰੇ ਘਰ ਦੀਆਂ ਗੱਲਾਂ ਕੋਲ ਹੀ ਰੱਖਿਆ ਕਰੇ। ਮੈਨੂੰ ਯਾਦ ਹੈ ਮੇਰੇ ਸੱਸ-ਸਹੁਰੇ ਨੇ ਮੇਰੀ ਪਤਨੀ ਨੂੰ ਇਹ ਸਖ਼ਤ ਹਦਾਇਤ ਕੀਤੀ ਸੀ ਕਿ ਪੇਕੇ ਆਉਣਾ ਹੋਵੇ ਤਾਂ ਰਾਜ਼ੀ-ਬਾਜ਼ੀ ਆਵੀਂ, ਲੜ ਕੇ ਪੇਕੇ ਆਉਣ ਦੀ ਲੋੜ ਨਹੀਂ ਅਤੇ ਸਹੁਰੇ ਘਰ ਦੀ ਕੋਈ ਗੱਲ ਪੇਕੇ ਸਾਂਝੀ ਨਾ ਕਰੀਂ। ਏਦਾਂ ਫਿੱਕ ਪੈਂਦੀ ਹੈ।

ਜਦੋਂ ਮੇਰਾ ਵਿਆਹ ਹੋਇਆ ਤਾਂ ਮੈਂ ਉਦੋਂ ਸਰਕਾਰੀ ਨੌਕਰੀ ਨਹੀਂ ਸੀ ਕਰਦਾ। ਪਿਤਾ ਜੀ ਨਾਲ ਦੁਕਾਨ 'ਤੇ ਕਢਾਈ ਦਾ ਕੰਮ ਕਰਦਾ ਸੀ। ਜਨਵਰੀ 1972 'ਚ ਮੇਰਾ ਵਿਆਹ ਹੋ ਗਿਆ ਅਤੇ ਵਿਆਹ ਉਪਰੰਤ ਹੀ ਮੈਂ ਆਈਟੀਆਈ ਬਟਾਲਾ ਤੋਂ ਸਟੈਨੋਗ੍ਰਾਫ਼ੀ ਦਾ ਕੋਰਸ ਕੀਤਾ। ਦੁਕਾਨ ਦਾ ਕੰਮ ਏਨਾ ਕਮਾਈ ਵਾਲਾ ਨਹੀਂ ਸੀ, ਸਹੁਰੇ ਜਾਣ ਸਮੇਂ ਮੇਰੇ ਪਿਤਾ ਜੀ ਮੈਨੂੰ 20 ਰੁਪਏ ਦਿਆ ਕਰਦੇ ਸਨ। ਅੰਮ੍ਰਿਤਸਰ ਦਾ ਕਿਰਾਇਆ ਉਦੋਂ ਸਵਾ ਰੁਪਿਆ ਇਕ ਪਾਸੇ ਦਾ ਲੱਗਦਾ ਸੀ। ਵਿਆਹ ਸਮੇਂ ਸੋਨਾ 150 ਰੁਪਏ ਤੋਲਾ ਸੀ। ਲਿਹਾਜਾ ਘਰਦਿਆਂ ਨੇ ਮੇਰੀ ਘਰਵਾਲੀ ਨੂੰ ਸੋਨੇ ਦੀਆਂ ਚੂੜੀਆਂ, ਕਾਂਟੇ ਅਤੇ ਵਾਲੀਆਂ ਆਦਿ ਬਣਵਾ ਕੇ ਦਿੱਤੇ ਸਨ। ਹਰ ਔਰਤ ਗਹਿਣਿਆਂ ਦੀ ਸ਼ੌਕੀਨ ਹੁੰਦੀ ਹੈ ਪਰ ਕਿਸੇ ਘਰੇਲੂ ਲੋੜ ਪਿੱਛੇ ਮੇਰੀ ਪਤਨੀ ਨੇ ਸਾਰੀਆਂ ਚੂੜੀਆਂ ਘਰਦਿਆਂ ਨੂੰ ਦੇ ਦਿੱਤੀਆਂ।

ਸਾਡੇ ਮੁਹੱਲੇ ਦੀ ਇਕ ਔਰਤ ਦੇ ਦੋ ਬੇਟੇ ਹਨ ਅਤੇ ਦੋ ਬੇਟੀਆਂ। ਵੱਡੀ ਬੇਟੀ ਦਾ ਘਰ ਛੋਟਾ ਸੀ, ਜਿਸ ਕਰਕੇ ਵਿਆਹ ਸਮੇਂ ਉਸ ਨੂੰ ਓਨਾ ਕੁ ਦਾਜ ਦਿੱਤਾ, ਜਿੰਨਾ ਉਸ ਦੇ ਘਰ ਰੱਖਿਆ ਜਾ ਸਕਦਾ ਹੋਵੇ। ਹੁਣ ਵੱਡੀ ਬੇਟੀ ਨੇ ਮਕਾਨ ਵੱਡਾ ਕਰ ਲਿਆ ਹੈ ਅਤੇ ਉਹ ਉਸ ਨੂੰ ਆਪਣੇ ਜੋੜੇ ਪੈਸਿਆਂ ਨਾਲ ਡਬਲ ਬੈੱਡ, ਅਲਮਾਰੀ, ਫਰਿਜ਼ ਆਦਿ ਲੈ ਕੇ ਦੇ ਆਈ ਹੈ। ਛੋਟੀ ਬੇਟੀ ਵੀ ਵੱਡੀ ਵਾਂਗ ਚੀਜ਼ਾਂ ਦੀ ਮੰਗ ਕਰ ਰਹੀ ਹੈ ਪਰ ਉਸ ਦਾ ਘਰ ਵੀ ਛੋਟਾ ਹੈ, ਜਿਸ ਕਰਕੇ ਉਹ ਛੋਟੀ ਬੇਟੀ ਨੂੰ ਕਹਿੰਦੀ ਹੈ ਕਿ ਉਹ ਉਸ ਦੇ ਬੱਚਿਆਂ ਦੇ ਨਾਂ ਪੈਸੇ ਜਮ ?ਹਾਂ ਕਰਵਾ ਦਿੰਦੀ ਹੈ। ਨੂੰਹਾਂ ਇਸ ਤੇ ਇਤਰਾਜ਼ ਕਰਦੀਆਂ ਹਨ ਪਰ ਔਰਤ ਕਹਿੰਦੀ ਹੈ ਕਿ ਉਸ ਨੇ ਤੁਹਾਡੇ ਪਾਸੋਂ ਤਾਂ ਪੈਸੇ ਨਹੀਂ ਲਏ। ਮਿਹਨਤ ਮਜ਼ਦੂਰੀ ਕਰਕੇ ਉਸ ਨੇ ਪੈਸੇ ਜੋੜੇ ਹਨ, ਉਹ ਜਿੱਥੇ ਮਰਜ਼ੀ ਖ਼ਰਚ ਕਰੇ। ਧੀਆਂ ਦਾ ਘਰ ਵਸਾਉਣ ਦੀ ਫ਼ ?ਕਰ ਨਾ ਪਿਓ ਨੂੰ ਹੈ, ਨਾ ਭਰਾਵਾਂ ਨੂੰ, ਸਿਰਫ਼ ਮਾਂ ਨੂੰ ਹੈ ਅੱਜਕਲ ਮੋਬਾਇਲਾਂ ਦਾ ਜ਼ੁੱਗ ਹੈ। ਧੀਆਂ ਰੋਜ਼ ਆਪਣੇ ਮਾਪਿਆਂ ਨਾਲ ਮੋਬਾਇਲ 'ਤੇ ਗੱਲ ਕਰਦੀਆਂ ਹਨ ਅਤੇ ਘਰਦੀਆਂ ਸਾਰੀਆਂ ਨਿੱਕੀਆਂ-ਮੋਟੀਆਂ ਗੱਲਾਂ ਮਾਪਿਆਂ ਤੱਕ ਪੰਹੁਚਾਉਂਦੀਆਂ ਹਨ। ਕੋਈ ਟਾਂਵੀ ਮਾਂ ਹੀ ਅੱਜਕਲ ਹੁੰਦੀ ਹੈ ਜੋ ਆਪਣੀ ਧੀ ਨੂੰ ਡਾਂਟਦੀ ਹੈ ਕਿ ਸਹੁਰੇ ਘਰ ਦੀਆਂ ਗੱਲਾਂ ਕੋਲ ਹੀ ਰੱਖਿਆ ਕਰੇ। ਮੈਨੂੰ ਯਾਦ ਹੈ ਮੇਰੇ ਸੱਸ-ਸਹੁਰੇ ਨੇ ਮੇਰੀ ਪਤਨੀ ਨੂੰ ਇਹ ਸਖ਼ਤ ਹਦਾਇਤ ਕੀਤੀ ਸੀ ਕਿ ਪੇਕੇ ਆਉਣਾ ਹੋਵੇ ਤਾਂ ਰਾਜ਼ੀ-ਬਾਜ਼ੀ ਆਵੀਂ, ਲੜ ਕੇ ਪੇਕੇ ਆਉਣ ਦੀ ਲੋੜ ਨਹੀਂ ਅਤੇ ਸਹੁਰੇ ਘਰ ਦੀ ਕੋਈ ਗੱਲ ਪੇਕੇ ਸਾਂਝੀ ਨਾ ਕਰੀਂ। ਏਦਾਂ ਫਿੱਕ ਪੈਂਦੀ ਹੈ ਜਦੋਂ ਮੇਰਾ ਵਿਆਹ ਹੋਇਆ ਤਾਂ ਮੈਂ ਉਦੋਂ ਸਰਕਾਰੀ ਨੌਕਰੀ ਨਹੀਂ ਸੀ ਕਰਦਾ। ਪਿਤਾ ਜੀ ਨਾਲ ਦੁਕਾਨ 'ਤੇ ਕਢਾਈ ਦਾ ਕੰਮ ਕਰਦਾ ਸੀ। ਜਨਵਰੀ 1972 'ਚ ਮੇਰਾ ਵਿਆਹ ਹੋ ਗਿਆ ਅਤੇ ਵਿਆਹ ਉਪਰੰਤ ਹੀ ਮੈਂ ਆਈਟੀਆਈ ਬਟਾਲਾ ਤੋਂ ਸਟੈਨੋਗ੍ਰਾਫ਼ੀ ਦਾ ਕੋਰਸ ਕੀਤਾ। ਦੁਕਾਨ ਦਾ ਕੰਮ ਏਨਾ ਕਮਾਈ ਵਾਲਾ ਨਹੀਂ ਸੀ, ਸਹੁਰੇ ਜਾਣ ਸਮੇਂ ਮੇਰੇ ਪਿਤਾ ਜੀ ਮੈਨੂੰ 20 ਰੁਪਏ ਦਿਆ ਕਰਦੇ ਸਨ। ਅੰਮ੍ਰਿਤਸਰ ਦਾ ਕਿਰਾਇਆ ਉਦੋਂ ਸਵਾ ਰੁਪਿਆ ਇਕ ਪਾਸੇ ਦਾ ਲੱਗਦਾ ਸੀ। ਵਿਆਹ ਸਮੇਂ ਸੋਨਾ 150 ਰੁਪਏ ਤੋਲਾ ਸੀ। ਲਿਹਾਜਾ ਘਰਦਿਆਂ ਨੇ ਮੇਰੀ ਘਰਵਾਲੀ ਨੂੰ ਸੋਨੇ ਦੀਆਂ ਚੂੜੀਆਂ, ਕਾਂਟੇ ਅਤੇ ਵਾਲੀਆਂ ਆਦਿ ਬਣਵਾ ਕੇ ਦਿੱਤੇ ਸਨ। ਹਰ ਔਰਤ ਗਹਿਣਿਆਂ ਦੀ ਸ਼ੌਕੀਨ ਹੁੰਦੀ ਹੈ ਪਰ ਕਿਸੇ ਘਰੇਲੂ ਲੋੜ ਪਿੱਛੇ ਮੇਰੀ ਪਤਨੀ ਨੇ ਸਾਰੀਆਂ ਚੂੜੀਆਂ ਘਰਦਿਆਂ ਨੂੰ ਦੇ ਦਿੱਤੀਆਂ।



ਭਾਵੇਂ ਕਿ ਜੁਲਾਈ 1976 'ਚ ਮੈਨੂੰ ਜਿਲ੍ਹਾ ਉਦਯੋਗ ਕੇਂਦਰ, ਬਟਾਲਾ ਵਿਖੇ ਸਟੈਨੋ ਦੀ ਨੌਕਰੀ ਮਿਲ ਗਈ ਸੀ ਅਤੇ ਘਰਵਾਲੀ ਵੀ ਨਿਆਣਿਆਂ ਦੀ ਕਿਸੇ ਗੱਲ ਤੋਂ ਵੱਖ ਰੋਟੀ ਪਕਾਉਣ ਲੱਗ ਪਈ ਸੀ ਪਰ ਸਾਡੇ ਘਰ ਹਰ ਹਫ਼ਤੇ ਕੋਈ ਨਾ ਕੋਈ ਮਹਿਮਾਨ ਆਇਆ ਹੀ ਰਹਿੰਦਾ ਸੀ। ਕਦੇ ਮੇਰੇ ਸਹੁਰਿਆਂ ਵੱਲੋਂ ਅਤੇ ਕਦੇ ਕਿਸੇ ਭੈਣ ਭਣਵਈਏ ਨੇ। ਮੇਰੇ ਇਕ ਜੀਜੇ ਨੂੰ ਛੱਡ ਕੇ ਬਾਕੀ ਸਾਰੇ ਖਾ ਪੀ ਲੈਂਦੇ ਸਨ। ਸਾਰਿਆਂ ਦੀ ਰਾਤ ਦੀ ਰੋਟੀ ਸਾਡੇ ਵੱਲ ਹੁੰਦੀ ਸੀ ਅਤੇ ਸਵੇਰ ਦੀ ਛੋਟੇ ਭਰਾ ਵੱਲ। ਇਸ ਮਹਿਮਾਨਨਵਾਜ਼ੀ ਕਾਰਨ ਮੇਰੀ ਘਰਵਾਲੀ ਨੇ ਕਦੇ ਮੱਥੇ ਵੱਟ ਨਹੀਂ ਸੀ ਪਾਇਆ। ਉਦੋਂ ਤਨਖ਼ਾਹ ਵੀ ਥੋੜ੍ਹੀ ਹੁੰਦੀ ਸੀ ਅਤੇ ਵਧਦੀ ਵੀ ਹੌਲੀ-ਹੌਲੀ ਸੀ। ਇੰਜ ਸਾਰੀ ਤਨਖ਼ਾਹ ਘਰ ਹੀ ਖ਼ਰਚ ਹੋ ਜਾਂਦੀ ਸੀ ਅਤੇ ਕੋਈ ਰਕਮ ਜੁੜਦੀ ਨਹੀਂ ਸੀ। ਮਕਾਨ ਵੀ ਪੁਰਾਣਾ ਸੀ ਲਿਹਾਜਾ ਦਫ਼ਤਰ ਰਾਹੀਂ ਵਿੱਤ ਵਿਭਾਗ ਤੋਂ ਕਰਜ਼ਾ ਲੈ ਕੇ ਪੁਰਾਣਾ ਢਾਹ ਕੇ ਨਵਾਂ ਮਕਾਨ ਬਣਾਇਆ। ਇੰਜ ਹੀ ਛੋਟੇ ਭਰਾ ਨੇ ਵੀ ਪੁਰਾਣਾ ਢਾਹ ਕੇ ਨਵਾਂ ਬਣਾ ਲਿਆ।

ਮੇਰੀ ਪਤਨੀ ਨੇ ਅੱਜਤਕ ਕਦੇ ਕਿਸੇ ਗਹਿਣੇ ਦੀ ਮੰਗ ਨਹੀਂ ਕੀਤੀ, ਉਸ ਨੇ ਤਿੰਨ ਬੇਟਿਆਂ ਦੇ ਵਿਆਹ 'ਚ ਨੂੰਹਾਂ ਨੂੰ ਜਿੰਨਾ ਸੰਭਵ ਹੋਇਆ ਗਹਿਣੇ ਬਣਵਾ ਕੇ ਦਿੱਤੇ। ਉਸ ਕੋਲ ਸਿਰਫ਼ ਕੰਨਾਂ ਦੀਆਂ ਵਾਲ ?ੀਆਂ ਹੀ ਸਨ ਪਰ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੂਰਬ 'ਤੇ ਪਾਲਕੀ ਸਾਹਿਬ ਦੇ ਦਰਸ਼ਨਾਂ ਨੂੰ ਗਈ ਦੀ ਇਕ ਵਾਲੀ ਕਿਸੇ ਨੇ ਲਾਹ ਲਈ। ਮੈਂ ਆਪਣੀ ਪੈਨਸ਼ਨ 'ਚੋਂ ਉਸ ਦੇ ਖਾਤੇ 'ਚ ਕੁਝ ਰਕਮ ਟਰਾਂਸਫਰ ਕਰ ਦਿੰਦਾ ਹਾਂ, ਜਿਸ ਨਾਲ ਉਹ ਆਪਣੀ ਮਰਜ਼ੀ ਦੇ ਸੂਟ ਆਦਿ ਬਣਵਾ ਲੈਂਦੀ ਹੈ। ਹੋਰ ਕਿਸੇ ਚੀਜ਼ ਦਾ ਉਸ ਨੂੰ ਸ਼ੌਕ ਨਹੀਂ ਹੈ।

ਤਿੰਨੇ ਨੂੰਹਾਂ ਉਸ ਨੂੰ ਮਾਂ ਵਾਂਗ ਸਤਿਕਾਰ ਦਿੰਦੀਆਂ ਹਨ ਅਤੇ ਉਹ ਵੀ ਨੂੰਹਾਂ ਨੂੰ ਆਪਣੀਆਂ ਧੀਆਂ ਵਾਂਗ ਸਮਝਦੀ ਹੈ। ਤਿੰਨਾਂ ਦੇ ਬੱਚੇ ਜਵਾਨ ਹੋ ਗਏ ਹਨ ਅਤੇ ਵਿਆਹ ਨੂੰ ਵੀ ਕਈ ਸਾਲ ਹੋ ਗਏ ਹਨ ਪਰ ਅੱਜ ਤੱਕ ਸਾਰਾ ਪਰਿਵਾਰ ਇਕੱਠਾ ਹੈ। ਤਿੰਨਾਂ ਨੂੰਹਾਂ ਨੇ ਰੋਟੀ ਪਕਾਉਣ ਦੀ ਵਾਰੀ ਬੱਧੀ ਹੋਈ ਹੈ। ਇਕ ਸਵੇਰੇ, ਇਕ ਦੁਪਹਿਰੇ ਅਤੇ ਇਕ ਰਾਤ ਦੀ ਰੋਟੀ ਪਕਾਉਂਦੀ ਹੈ। ਤਿੰਨਾਂ ਦੇ ਦੋ-ਦੋ ਬੱਚੇ (ਇਕ ਬੇਟਾ ਇਕ ਬੇਟੀ) ਹਨ। ਕਿਸੇ 'ਚ ਮੇਰ-ਤੇਰ ਨਹੀਂ ਹੈ। ਖਾਣ ਦੀ ਕੋਈ ਚੀਜ਼ ਵੀ ਕੋਈ ਲਿਆਉਂਦਾ ਹੈ ਤਾਂ ਸਾਰਿਆਂ 'ਚ ਵੰਡ ਕੇ ਖਾਧੀ ਜਾਂਦੀ ਹੈ। ਇਹ ਸਾਰੀ ਕਰਾਮਾਤ ਮੇਰੀ ਪਤਨੀ ਦੀ ਹੈ। ਨੂੰਹਾਂ ਵੀ ਸੱਸ ਦਾ ਤਾਂ ਹੀ ਸਤਿਕਾਰ ਕਰਦੀਆਂ ਹਨ ਜੇਕਰ ਸੱਸ ਵੀ ਨੂੰਹਾਂ ਨੂੰ ਉਨ੍ਹਾਂ ਦੇ ਕੰਮ 'ਚ ਸਹਿਯੋਗ ਦੇਵੇ। ਮੇਰੀ ਪਤਨੀ ਆਪਣੀ ਉਮਰ ਅਤੇ ਸਰੀਰਕ ਹਾਲਤ ਤਹਿਤ ਹਰ ਲੋੜੀਂਦਾ ਸਹਿਯੋਗ ਆਪਣੀਆਂ ਨੂੰਹਾਂ ਨੂੰ ਦਿੰਦੀ ਹੈ। ਸਬਜ਼ੀ ਲਈ ਪਿਆਜ਼, ਲਸਣ ਅਤੇ ਅਦਰਕ ਆਦਿ ਛਿੱਲ ਕੇ ਕੱਟ ਕੇ ਦੇਣਾ, ਸਬਜ਼ੀਆਂ ਧੋ ਕੇ ਕੱਟ ਕੇ ਦੇਣੀਆਂ, ਦਾਲਾਂ ਦੀ ਚੁਗਾਈ ਆਦਿ। ਸਿਆਲ 'ਚ ਸਾਗ ਸਾਫ਼ ਕਰਨਾ ਅਤੇ ਬਾਅਦ ਵਿਚ ਦਾਤਰ ਨਾਲ ਚੀਰ ਕੇ ਦੇਣਾ। ਸਾਗ ਤਾਂ ਆਮਤੌਰ 'ਤੇ ਮੇਰੀ ਪਤਨੀ ਹੀ ਬਣਾਉਂਦੀ ਹੈ, ਸਾਗ 'ਚ ਅੱਲਣ ਪਾ ਕੇ ਸਾਗ ਘੋਟਣ ਵਿਚ ਕਿਸੇ ਨੂੰਹ ਨੂੰ ਜ਼ਰੂਰ ਉਹ ਅਵਾਜ਼ ਮਾਰ ਲੈਂਦੀ ਹੈ।

ਅੱਜਕਲ ਉਸ ਨੇ ਆਪਣੀ ਖੱਬੀ ਅੱਖ ਦਾ ਓਪਰੇਸ਼ਨ ਕਰਵਾਇਆ ਹੋਇਆ ਹੈ, ਜਿਸ ਕਰਕੇ ਉਹ ਨੂੰਹਾਂ ਦੀ ਰਸੋਈ ਦੇ ਕੰਮ 'ਚ ਮਦਦ ਨਹੀਂ ਕਰ ਸਕਦੀ। ਡਾਕਟਰ ਜਦੋਂ ਆਗਿਆ ਦੇਵੇਗਾ ਤਾਂ ਉਹ ਮੁੜ ਨੂੰਹਾਂ ਦੀ ਰਸੋਈ ਦੇ ਕੰਮ 'ਚ ਮਦਦ ਲਈ ਤਿਆਰ ਰਹੇਗੀ। ਪਟਰਾਣੀ ਬਣਕੇ ਅਤੇ ਮੰਜੇ 'ਤੇ ਬਹਿ ਕੇ ਹੁਕਮ ਚਲਾਇਆਂ ਨੂੰਹਾਂ ਤੋਂ ਏਨਾ ਸਤਿਕਾਰ ਨਹੀਂ ਮਿਲਦਾ, ਜਿੰਨਾਂ ਉਨ੍ਹਾਂ ਦੇ ਕੰਮ 'ਚ ਸਹਿਯੋਗੀ ਬਣਨ 'ਤੇ ਮਿਲਦਾ ਹੈ। ਪਰਿਵਾਰ ਨੂੰ ਜੋੜ ਕੇ ਰੱਖਣਾ ਘਰ ਦੀ ਵੱਡੀ ਔਰਤ ਦਾ ਫਰਜ਼ ਬਣਦਾ ਹੈ ਜੋ ਕਿ ਹਰ ਔਰਤ ਨੂੰ ਨਿਭਾਉਣਾ ਚਾਹੀਦਾ ਹੈ।

**ਅਜੀਤ ਕਮਲ**

# ਵਾਤਾਵਰਨ ਬਚਾਈਏ, ਦੇਸ਼, ਦੁਨੀਆਂ, ਸਮਾਜ ਮਾਨਵਤਾ ਨੂੰ ਸੁਰੱਖਿਅਤ, ਸਿਹਤਮੰਦ, ਖੁਸ਼ਹਾਲ ਬਣਾਈਏ

ਹਰ ਸਾਲ ਭਾਰਤ ਵਿੱਚ 5 ਜੂਨ ਤੋਂ 15 ਸਤੰਬਰ ਤੱਕ 120 ਦਿਨ ਰਾਸ਼ਟਰੀ ਵਾਤਾਵਰਨ ਸੁਰੱਖਿਆ ਸੇਵਾ ਸੰਭਾਲ ਵਜੋਂ ਮਨਾਇਆ ਜਾਂਦਾ ਹੈ ਕਿਉਂਕਿ ਹਰ ਸਾਲ ਮੌਨਸੂਨ 5 ਜੂਨ ਤੋਂ ਪਹਿਲਾਂ ਭਾਰਤ ਵਿੱਚ ਦਾਖਲ ਹੋ ਜਾਂਦਾ ਜਦਕਿ ਉਤਰੀ ਭਾਰਤ ਅਤੇ ਪੰਜਾਬ ਵਿੱਚ ਇਹ ਦਿਵਸ਼ 15 ਜੁਲਾਈ ਤੋਂ 15 ਸਤੰਬਰ ਤੱਕ। ਵਾਤਾਵਰਨ ਦੀ ਸੁਰੱਖਿਆ, ਸੇਵਾ ਸੰਭਾਲ ਲਈ ਤਰਾਂ ਤਰਾਂ ਦੇ ਪ੍ਰੋਗਰਾਮ ਕਰਵਾਕੇ ਸਰਕਾਰਾਂ, ਸਬੰਧਤ ਵਿਭਾਗਾਂ, ਸਮਾਜ ਸੇਵੀ ਅਤੇ ਵਿੱਦਿਅਕ ਸੰਸਥਾਵਾਂ ਵਲੋਂ ਥਾਂ ਥਾਂ ਤੇ ਪੌਦੇ ਲਗਾਕੇ ਮਨਾਏ ਜਾਂਦੇ ਹਨ। ਵਧ ਲੋਕਾਂ ਅਤੇ ਵਿਦਿਆਰਥੀਆਂ ਵਲੋਂ ਵਾਤਾਵਰਨ ਬਚਾਉਣ ਦਾ ਭਾਵ ਕੇਵਲ ਦਰਖਤਾਂ ਦੀ ਸੇਵਾ ਸੰਭਾਲ ਅਤੇ ਨਵੇਂ ਪੌਦੇ ਲਗਾਉਣਾ ਹੀ ਵਾਤਾਵਰਨ ਦੀ ਸੇਵਾ ਸੰਭਾਲ ਸਮਝਿਆ ਜਾਂਦਾ ਹੈ ਜਦਕਿ ਵਾਤਾਵਰਨ ਦਾ ਸਬੰਧ ਸਾਡੇ ਗੁਰੂਆਂ, ਅਵਤਾਰਾਂ, ਰਿਸ਼ੀਆਂ, ਮੁਨੀਆਂ, ਸੰਤਾਂ ਵਲੋਂ ਧਰਮ, ਮਰਿਆਦਾਵਾਂ, ਫਰਜ਼ਾਂ, ਜ਼ੁਮੇਵਾਰੀਆਂ ਅਤੇ ਸਿਹਤਮੰਦ ਭਵਿੱਖ ਨਾਲ ਜੋੜਿਆ ਗਿਆ ਹੈ। ਜਿਵੇਂ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਪਵਨ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ ਨਾਲ ਜੋੜਿਆ ਕਿ ਸਿਹਤਮੰਦ ਤਦੰਰੁਸਤ ਵਾਤਾਵਰਨ ਵਾਸਤੇ ਹਵਾਵਾਂ ਪਾਣੀ ਮਿੱਟੀ ਧਰਤੀ ਮਾਂ ਕੁਦਰਤ ਦੀਆਂ ਸੋਗਾਤਾ ਨੂੰ ਪਿਆਰ ਸਤਿਕਾਰ ਸਨਮਾਨ ਦਿਉ ਅਤੇ ਇਨ੍ਹਾਂ ਦੀ ਸੇਵਾ ਸੰਭਾਲ ਕੀਤੀ ਜਾਵੇ। ਜਿਸ ਬਾਰੇ ਪੰਜਾਬੀਆਂ ਨੂੰ ਚੰਗੀ ਤਰ੍ਹਾਂ ਸਮਝ ਹੈ ਪਰ ਇਨ੍ਹਾਂ ਮਹਾਨ ਅਣਮੋਲ ਵਿਚਾਰਾਂ ਨੂੰ ਅਪਣਾਇਆ ਨਹੀਂ ਜਾਂਦਾ।



ਦੂਜੇ ਪਾਸੇ ਅਵਤਾਰਾਂ, ਸੰਤਾਂ, ਰਿਸ਼ੀਆਂ, ਮੁਨੀਆਂ ਬਜ਼ੁਰਗਾਂ ਨੇ ਵਾਤਾਵਰਨ ਨੂੰ ਭਗਵਾਨ ਨਾਲ ਜੋੜਿਆ ਹੈ ਭਾਵ ਭ-ਭੂਮੀ, ਗ-ਗਗਨ, ਵਾਯੂ, ਅਗਨੀ ਅਤੇ ਨੀਰ, ਭਾਵ ਪੀਣ ਵਾਲੇ ਪਾਣੀ। ਭਾਵ ਜੰਗਲ ਨਦੀਆਂ ਪਹਾੜ ਇਨਸਾਨ ਪਸ਼ੂ ਪੰਛੀ ਰੁੱਖ ਕੀੜੇ ਮਕੌੜੇ, ਧਰਤੀ ਦੀ ਉਪਜਾਊ ਸ਼ਕਤੀ। ਜੇਕਰ ਧਰਤੀ ਮਾਂ ਦੀ ਗੋਦ ਵਿੱਚ 33% ਜੰਗਲ ਅਤੇ ਹਰਿਆਵਲ ਹੋਣੀ ਬਹੁਤ ਜ਼ਰੂਰੀ ਹੈ ਉਥੇ ਧਰਤੀ ਮਾਂ ਦੀ ਗੋਦ ਵਿੱਚ 33% ਹਿੱਸੇ ਵਿੱਚ ਨਦੀਆਂ ਪਹਾੜ ਪੀਣ ਵਾਲੇ ਪਾਣੀ, ਇਨਸਾਨ ਪਸ਼ੂ ਪੰਛੀ ਜੀਵ ਜੰਤੂ ਵੀ ਹੋਣੇ ਜ਼ਰੂਰੀ ਹਨ। ਪਰ ਧਰਤੀ ਅਤੇ ਵਿਸ਼ੇਸ਼ ਤੌਰ ਤੇ ਭਾਰਤ ਵਿੱਚ ਜੰਗਲਾਂ ਨਦੀਆਂ ਪਹਾੜਾਂ ਹਰਿਆਵਲ ਦੀ ਗਿਣਤੀ ਘਟਦੀ ਜਾ ਰਹੀ ਹੈ ਪਰ ਇਨਸਾਨਾਂ ਅਤੇ ਇਨਸਾਨਾਂ ਦੀ ਸਹੂਲਤਾਂ ਆਰਾਮ ਪ੍ਰਸਤੀਆਂ ਮੌਜ ਮਸਤੀਆਂ ਲਈ ਜੰਗਲਾਂ ਨਦੀਆਂ ਪਹਾੜਾਂ ਹਰਿਆਵਲ ਹਵਾਵਾਂ ਪਾਣੀ ਨੂੰ ਬਰਬਾਦ ਕੀਤਾ ਗਿਆ ਹੈ। ਧਰਤੀ ਨੂੰ ਕੰਕਰੀਟ ਪਥਰਾਂ ਪਲਾਸਟਿਕ ਰਸਾਇਣਕ ਪ੍ਰਮਾਣੂ ਐਟਮੀ ਪਦਾਰਥਾਂ ਨਾਲ ਭਰਪੂਰ ਕੀਤਾ ਜਾ ਰਿਹਾ ਹੈ। ਜਿਸ ਕਾਰਨ ਧਰਤੀ ਦਾ ਤਾਪਮਾਨ ਸੂਰਜ ਦੀ ਤਪਸ਼ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ, ਗੱਡੀਆਂ ਇਮਾਰਤਾਂ ਹੋਟਲਾਂ ਢਾਬਿਆਂ ਸਿਖਿਆ ਸੰਸਥਾਵਾਂ ਫੈਕਟਰੀਆਂ ਕਾਰਖਾਨਿਆਂ ਵਿਖੇ ਅੱਗਾਂ ਲਗ ਰਹੀਆਂ ਹਨ। ਸਰਕਾਰਾਂ ਅਤੇ ਪਬਲਿਕ ਵਲੋਂ ਗਰਮੀਆਂ ਤਪਸ਼ ਲੂ ਹੀਟ ਵੈਵ ਨੂੰ ਘਟਾਉਣ ਲਈ ਕੁੱਝ ਨਹੀਂ ਕੀਤਾ ਗਿਆ ਪਰ ਹਰ ਥਾਂ ਏ ਸੀ ਵਧਦੇ ਜਾ ਰਹੇ ਹਨ। ਜਦੋਂ ਤਾਪਮਾਨ 52/53/55 ਡਿਗਰੀ ਤੱਕ ਪਹੁੰਚ ਗਿਆ ਤਾਂ ਹਰੇਕ ਏ ਸੀ ਇਮਾਰਤਾਂ ਗੱਡੀਆਂ ਦਰਖਤਾਂ ਘਾਹ ਫੂਸ ਨੂੰ ਅੱਗਾਂ ਲਗਣੀਆ ਸ਼ੁਰੂ ਹੋ ਜਾਣਗੀਆਂ। ਇਨ੍ਹਾਂ ਮਹੱਤਵਪੂਰਨ ਵਿਚਾਰਧਾਰਾ ਦੇ ਭਾਵ ਹਨ ਕਿ ਧਰਤੀ ਮਾਂ, ਆਕਾਸ਼ ਜਾਂ ਖ਼ਾਲੀ ਸਥਾਨ, ਜ਼ਿੰਦਗੀ ਨੂੰ ਸਿਹਤਮੰਦ, ਤਦੰਰੁਸਤ, ਖੁਸ਼ਹਾਲ ਰਖਣ ਲਈ ਸਵੱਛ ਹਵਾਵਾਂ ਅਤੇ ਪੀਣ ਵਾਲਾ ਸ਼ੁਧ ਸਵੱਛ ਤਾਕਤ ਦੇਣ ਵਾਲਾ ਪਾਣੀ। ਭਗਵਾਨ ਸ਼੍ਰੀ ਕ੍ਰਿਸ਼ਨ ਜੀ ਨੇ ਭਾਗਵਤ ਗੀਤਾ ਵਿੱਚ ਕਿਹਾ ਹੈ ਕਿ ਵਾਤਾਵਰਨ ਦਾ ਭਾਵ ਜਿਥੇ ਹਰੇਕ ਨਾਗਰਿਕ, ਪਸ਼ੂ ਪੰਛੀ, ਰੁੱਖ, ਜੰਗਲ, ਘਾਹ ਫੂਸ, ਨਾਲੇ, ਨਦੀਆਂ, ਪਹਾੜ, ਸਮੁੰਦਰ, ਤਲਾਵ, ਫੁੱਲ ਫਲ ਸਬਜ਼ੀਆਂ ਦਾਲਾਂ ਅਨਾਜ ਸਾਰੇ ਹੀ ਤਾਂ ਵਾਤਾਵਰਨ ਅਤੇ ਕੁਦਰਤ ਦੇ ਅਨਮੋਲ ਤੋਹਫ਼ੇ ਹਨ, ਜਿਨ੍ਹਾਂ ਨੂੰ ਕੁਦਰਤ ਵਜੋਂ ਮਾਨਵਤਾ ਪਸ਼ੂ ਪੰਛੀਆਂ ਰੁੱਖਾਂ ਕੀੜੇ ਮਕੌੜੇ ਨੂੰ ਜੀਵਨ ਜਿਉਣ ਲਈ ਮੁਫ਼ਤ ਵਿੱਚ ਦਿੱਤੇ ਹਨ। ਪਰ ਜਦੋਂ ਤੋਂ ਇਨਸਾਨ ਉਚ ਕੋਟੀ ਦੀਆਂ ਕਿਤਾਬਾਂ ਦੀਆਂ ਸਿਖਿਆਵਾਂ ਲੈਕੇ ਆਪਣੇ ਆਪ ਨੂੰ ਕੁਦਰਤ, ਭਗਵਾਨ ਅਤੇ ਪਵਨ, ਪਾਣੀ ਅਤੇ ਧਰਤੀ ਤੋਂ ਵੱਧ ਸਮਝਦਾਰ ਸਿਆਣੇ ਵਿਦਵਾਨ ਸਮਝਣ ਲੱਗਿਆਂ ਅਤੇ ਖੁਦਗਰਜ਼ ਬਣ ਗਿਆ ਉਸ ਸਮੇਂ ਤੋਂ ਇਨਸਾਨ ਨੇ ਇਨ੍ਹਾਂ ਕੁਦਰਤੀ ਸੋਮਿਆਂ ਦੀ ਪੂਜਾ ਪਾਠ ਸੁਰਖਿਆ ਸੇਵਾ ਸੰਭਾਲ ਅਤੇ ਉਤਪਤੀ ਬੰਦ ਕੀਤੀ ਹੈ, ਅਤੇ ਇਨ੍ਹਾਂ ਨੂੰ ਗੰਦੇ ਜਾਂ ਖਤਮ ਕਰਨਾ ਸ਼ੁਰੂ ਕੀਤਾ ਕੁਦਰਤ ਵਲੋਂ ਕੁਦਰਤੀ, ਮੌਸਮੀ, ਭੋਜਨ, ਪਾਣੀ, ਹਵਾਵਾਂ ਦੀਆਂ ਆਪਦਾਵਾਂ ਰਾਹੀਂ ਮਾਨਵਤਾ ਨੂੰ ਤਬਾਹ ਕਰਨਾ ਸ਼ੁਰੂ ਕਰ ਦਿੱਤਾ ਹੈ। ਵਾਤਾਵਰਨ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਜਿਥੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਉਥੇ ਦਰਖਤਾਂ, ਜੰਗਲਾਂ, ਹਰਿਵਾਵਲ, ਘਾਹ ਫੂਸ ਦੀ ਸੁਰੱਖਿਆ, ਬਚਾਉ, ਸਨਮਾਨ ਵੀ ਕਰਨੇ ਚਾਹੀਦੇ ਹਨ। ਭਾਰਤ ਰਤਨ ਡਾਕਟਰ ਏ ਪੀ ਜੇ ਅਬਦੁਲ ਕਲਾਮ ਸਾਹਿਬ ਜੀ ਨੇ ਕਿਹਾ ਸੀ ਕਿ ਜੇਕਰ ਤੁਸੀਂ ਆਪਣੇ ਦੇਸ਼ ਨੂੰ ਸੱਚਾ ਪਿਆਰ ਸਤਿਕਾਰ ਸਨਮਾਨ ਕਰਦੇ ਹੋ, ਤਾਂ ਵਾਤਾਵਰਨ ਅਤੇ ਕੁਦਰਤ ਦੇ ਅਨਮੋਲ ਤੋਹਫਿਆਂ ਦੀ ਇਮਾਨਦਾਰੀ ਵਫ਼ਾਦਾਰੀ ਨਾਲ ਸੇਵਾ ਸੰਭਾਲ ਕਰੋ, ਕਿਉਂਕਿ ਇਹ ਸਾਰੇ ਦੇਸ਼ ਦੀ ਸੁਰੱਖਿਆ ਖੁਸ਼ਹਾਲੀ ਸਿਹਤ ਤੰਦਰੁਸਤੀ ਅਰੋਗਤਾ ਉਨਤੀ ਅਤੇ ਉੱਜਵਲ ਭਵਿੱਖ ਲਈ ਬਹੁਤ ਲਾਭਕਾਰੀ ਹੁੰਦੇ ਹਨ। ਭਾਰਤ ਦੇ ਸਤਿਕਾਰਯੋਗ ਰਾਸ਼ਟਰਪਤੀ ਸ੍ਰੀਮਤੀ ਦਰੋਪਤੀ ਮੁਰਮ ਜੀ ਨੇ ਅਨੇਕਾਂ ਵਾਰ ਦਸਿਆ ਕਿ ਜਦੋਂ ਉਨ੍ਹਾਂ ਦੇ ਮਾਤਾ ਪਿਤਾ ਬਜ਼ੁਰਗ, ਲਕੜੀਆਂ ਪਤਿਆਂ ਨੂੰ ਚੁਲੇ ਵਿਚ ਪਾਕੇ ਭੋਜਨ ਤਿਆਰ ਕਰਦੇ ਸਨ ਤਾਂ ਉਨ੍ਹਾਂ ਵਲੋਂ ਲਕੜੀਆਂ ਪਤਿਆਂ ਨੂੰ ਨਮਸਕਾਰ ਕਰਕੇ, ਮਾਫ਼ੀ ਮੰਗਕੇ ਅਗਨੀ ਵਿਚ ਪਾਇਆ ਜਾਂਦਾ ਸੀ ਜਿਸ ਬਾਰੇ ਉਨ੍ਹਾਂ ਦੇ ਮਾਤਾ ਜੀ ਪਿਤਾ ਜੀ ਅਤੇ ਬਜ਼ੁਰਗ ਦਸਿਆ ਕਰਦੇ ਸਨ ਕਿ ਜਦੋਂ ਇਹ ਲਕੜੀਆਂ ਪੱਤੇ ਦਰਖਤਾਂ ਪੌਦਿਆਂ ਜੰਗਲਾਂ ਨਾਲ ਜੁੜੇ ਅਤੇ ਜਿਉਂਦੇ ਹੁੰਦੇ ਸਨ ਤਾਂ ਇਨ੍ਹਾਂ ਵਲੋਂ ਮਾਨਵਤਾ ਪਸ਼ੂ ਪੰਛੀਆਂ ਨੂੰ ਜੀਵਨ ਦੇਣ ਲਈ ਕਾਰਬਨ ਡਾਇਕ ਸਾਈਡ ਲੈਕੇ ਹਮੇਸ਼ਾ ਆਕਸੀਜਨ ਦਿੱਤੀ ਹੈ। ਵਰਖਾ ਲਿਆਉਣ ਲਈ ਵਾਤਾਵਰਨ ਦੀ ਮਦਦ ਕੀਤੀ ਹੈ। ਲਕੜੀਆਂ, ਪੱਤੇ, ਛਾਵਾਂ, ਠੰਡੀਆਂ ਹਵਾਵਾਂ, ਮਿੱਟੀ ਨੂੰ ਪਕੜਕੇ ਹੜਾਂ ਹੀਟ ਵੈਵ ਤਪਸ਼ ਅਲ ਨੀਨੋ ਨੂੰ ਰੋਕਿਆ ਹੈ। ਇਨਸਾਨ ਦੇ ਅੰਤਿਮ ਸੰਸਕਾਰ ਲਈ ਵੀ ਦਰਖਤਾਂ ਦੀਆਂ ਲਕੜੀਆਂ ਪਤਿਆਂ ਅਤੇ ਪਸ਼ੂਆਂ ਦੇ ਗੋਬਰ ਨੇ ਮਦਦ ਕੀਤੀ ਹੈ। ਇਸ ਲਈ ਇਸ਼ਵਰ ਅੱਲ੍ਹਾ ਵਾਹਿਗੁਰੂ ਦੀ ਪੂਜਾ ਕਰਨ ਲਈ ਭਗਵਾਨ ਦੀ ਸੁਰੱਖਿਆ ਬਚਾਉ ਸਨਮਾਨ ਸੇਵਾ ਸੰਭਾਲ ਅਤੇ ਉਨਤੀ ਕਰਕੇ ਹੀ ਵਾਤਾਵਰਨ ਦਿਵਸ਼ ਮਹੀਨੇ ਮਨਾਉਣੇ ਚਾਹੀਦੇ ਹਨ। ਫੋਟੋਆਂ ਖਿਚਵਾ ਕੇ ਜਾਂ ਪੇਂਟਿੰਗਾਂ ਬਣਾਕੇ ਨਹੀਂ।



ਸ੍ਰੀਮਤੀ ਸਰਲਾ ਭਟਨਾਗਰ
ਪ੍ਰਿੰਸੀਪਲ ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ

**ਆਜ਼ਾਦ ਸੋਚ ਵਿਸ਼ੇਸ਼**

# ਵਾਤਾਵਰਣ ਸੰਭਾਲ: ਵਿਕਾਸ ਅਤੇ ਕੁਦਰਤ ਵਿਚਕਾਰ ਸੰਤੁਲਨ ਦੀ ਸੱਭ ਤੋਂ ਵੱਡੀ ਚੁਣੌਤੀ

### ਅੱਜ ਵਿਸ਼ਵ ਵਾਤਾਵਰਣ ਦਿਵਸ 'ਤੇ ਵਿਸ਼ੇਸ਼

ਹਰ ਸਾਲ 5 ਜੂਨ ਨੂੰ ਦੁਨੀਆ ਭਰ ਵਿੱਚ "ਵਿਸ਼ਵ ਵਾਤਾਵਰਣ ਦਿਵਸ" ਮਨਾਇਆ ਜਾਂਦਾ ਹੈ। ਇਹ ਦਿਨ ਕੇਵਲ ਇੱਕ ਰਸਮੀ ਸਮਾਗਮ ਨਹੀਂ, ਸਗੋਂ ਧਰਤੀ ਅਤੇ ਮਨੁੱਖੀ ਜੀਵਨ ਨੂੰ ਬਚਾਉਣ ਦਾ ਇੱਕ ਵਿਸ਼ਵ ਪੱਧਰੀ ਸੰਦੇਸ਼ ਹੈ। ਵਧਦਾ ਪ੍ਰਦੂਸ਼ਣ, ਜਲਵਾਯੂ ਪਰਿਵਰਤਨ, ਘਟਦੇ ਜੰਗਲ, ਸੁੱਕਦੇ ਜਲ ਸਰੋਤ, ਪਲਾਸਟਿਕ ਕੂੜਾ ਅਤੇ ਕੁਦਰਤੀ ਆਫ਼ਤਾਂ ਅੱਜ ਪੂਰੀ ਦੁਨੀਆ ਸਾਹਮਣੇ ਗੰਭੀਰ ਸੰਕਟ ਬਣ ਚੁੱਕੀਆਂ ਹਨ। ਅਜਿਹੇ ਸਮੇਂ ਵਿੱਚ ਵਾਤਾਵਰਣ ਦੀ ਰੱਖਿਆ ਕੇਵਲ ਸਰਕਾਰਾਂ ਜਾਂ ਵਿਗਿਆਨੀਆਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦਾ ਫ਼ਰਜ਼ ਬਣ ਗਿਆ ਹੈ।



ਵਿਸ਼ਵ ਵਾਤਾਵਰਣ ਦਿਵਸ ਦੀ ਸ਼ੁਰੂਆਤ ਸਾਲ 1972 ਵਿੱਚ ਸੰਯੁਕਤ ਰਾਸ਼ਟਰ ਵੱਲੋਂ ਆਯੋਜਿਤ ਸਟਾਕਹੋਮ ਕਾਨਫਰੰਸ ਤੋਂ ਬਾਅਦ ਹੋਈ ਸੀ। ਸਾਲ 1974 ਤੋਂ 5 ਜੂਨ ਨੂੰ ਇਸ ਦਿਵਸ ਨੂੰ ਰਸਮੀ ਤੌਰ 'ਤੇ ਮਨਾਇਆ ਜਾਣ ਲੱਗਾ। ਇਸ ਦਾ ਉਦੇਸ਼ ਲੋਕਾਂ ਨੂੰ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਕਰਨਾ ਅਤੇ ਕੁਦਰਤ ਅਤੇ ਮਨੁੱਖੀ ਜੀਵਨ ਵਿਚਕਾਰ ਸੰਤੁਲਨ ਬਣਾਈ ਰੱਖਣ ਲਈ ਪ੍ਰੇਰਿਤ ਕਰਨਾ ਹੈ।

ਭਾਰਤ ਦਾ ਵਾਤਾਵਰਣ ਨਾਲ ਸਬੰਧ ਕੇਵਲ ਭੌਤਿਕ ਨਹੀਂ, ਸਗੋਂ ਸੱਭਿਆਚਾਰਕ ਅਤੇ ਆਧਿਆਤਮਿਕ ਵੀ ਰਿਹਾ ਹੈ। ਭਾਰਤੀ ਪਰੰਪਰਾ ਵਿੱਚ ਕੁਦਰਤ ਨੂੰ ਹਮੇਸ਼ਾ ਪੂਜਣਯੋਗ ਮੰਨਿਆ ਗਿਆ ਹੈ। ਦਰਿਆਵਾਂ ਨੂੰ ਮਾਂ ਦਾ ਦਰਜਾ ਦਿੱਤਾ ਗਿਆ, ਰੁੱਖਾਂ ਨੂੰ ਦੇਵਤਿਆਂ ਵਰਗਾ ਸਨਮਾਨ ਮਿਲਿਆ ਅਤੇ ਪਸ਼ੂ-ਪੰਛੀਆਂ ਨੂੰ ਜੀਵਨ ਦਾ ਅਟੁੱਟ ਹਿੱਸਾ ਮੰਨਿਆ ਗਿਆ। ਵੇਦਾਂ ਅਤੇ ਉਪਨਿਸ਼ਦਾਂ ਵਿੱਚ ਕੁਦਰਤ ਦੀ ਰੱਖਿਆ ਨੂੰ ਮਨੁੱਖ ਦਾ ਧਰਮ ਦੱਸਿਆ ਗਿਆ ਹੈ। ਪਰ ਆਧੁਨਿਕਤਾ ਅਤੇ ਅੰਨ੍ਹੇਵਾਹ ਵਿਕਾਸ ਦੀ ਦੌੜ ਵਿੱਚ ਮਨੁੱਖ ਕੁਦਰਤ ਤੋਂ ਦੂਰ ਹੁੰਦਾ ਗਿਆ। ਉਦਯੋਗਾਂ ਦਾ ਵਿਸਥਾਰ, ਸ਼ਹਿਰੀਕਰਨ, ਜੰਗਲਾਂ ਦੀ ਕਟਾਈ ਅਤੇ ਕੁਦਰਤੀ ਸਰੋਤਾਂ ਦਾ ਅਤਿਅਧਿਕ ਸ਼ੋਸ਼ਣ ਵਾਤਾਵਰਣਕ ਸੰਤੁਲਨ ਨੂੰ ਲਗਾਤਾਰ ਖ਼ਰਾਬ ਕਰ ਰਹੇ ਹਨ।

ਅੱਜ ਭਾਰਤ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਹੈ ਜੋ ਵਾਤਾਵਰਣਕ ਚੁਣੌਤੀਆਂ ਦਾ ਗੰਭੀਰਤਾ ਨਾਲ ਸਾਹਮਣਾ ਕਰ ਰਹੇ ਹਨ। ਦੇਸ਼ ਦੇ ਕਈ ਵੱਡੇ ਸ਼ਹਿਰ ਹਵਾ ਪ੍ਰਦੂਸ਼ਣ ਦੀ ਸਮੱਸਿਆ ਨਾਲ ਜੂਝ ਰਹੇ ਹਨ। ਵਾਹਨਾਂ ਤੋਂ ਨਿਕਲਣ ਵਾਲਾ ਧੂੰਆਂ, ਫੈਕਟਰੀਆਂ ਦਾ ਨਿਕਾਸ, ਧੂੜ ਅਤੇ ਪਲਾਸਟਿਕ ਕੂੜਾ ਹਵਾ ਨੂੰ ਜ਼ਹਿਰੀਲਾ ਬਣਾ ਰਹੇ ਹਨ। ਪ੍ਰਦੂਸ਼ਿਤ ਹਵਾ ਕਾਰਨ ਸਾਹ, ਦਿਲ ਅਤੇ ਫੇਫੜਿਆਂ ਨਾਲ ਸਬੰਧਤ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ। ਦੂਜੇ ਪਾਸੇ ਦਰਿਆ ਵੀ ਪ੍ਰਦੂਸ਼ਣ ਦੀ ਮਾਰ ਝੱਲ ਰਹੇ ਹਨ। ਉਦਯੋਗਿਕ ਕੂੜਾ, ਸੀਵਰੇਜ ਅਤੇ ਪਲਾਸਟਿਕ ਨੇ ਗੰਗਾ, ਯਮੁਨਾ ਸਮੇਤ ਕਈ ਦਰਿਆਵਾਂ ਦੀ ਸਥਿਤੀ ਨੂੰ ਚਿੰਤਾਜਨਕ ਬਣਾ ਦਿੱਤਾ ਹੈ।

ਪਾਣੀ ਦਾ ਸੰਕਟ ਵੀ ਦੇਸ਼ ਲਈ ਵੱਡੀ ਚੁਣੌਤੀ ਬਣ ਕੇ ਉਭਰ ਰਿਹਾ ਹੈ। ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ। ਕਈ ਰਾਜਾਂ ਵਿੱਚ ਗਰਮੀਆਂ ਦੌਰਾਨ ਪੀਣ ਵਾਲੇ ਪਾਣੀ ਦੀ ਭਾਰੀ ਕਮੀ ਪੈ ਜਾਂਦੀ ਹੈ। ਅਨਿਯਮਿਤ ਵਰਖਾ ਅਤੇ ਜਲਵਾਯੂ ਪਰਿਵਰਤਨ ਨੇ ਖੇਤੀਬਾੜੀ ਪ੍ਰਣਾਲੀ ਨੂੰ ਵੀ ਪ੍ਰਭਾਵਿਤ ਕੀਤਾ ਹੈ। ਕਿਤੇ ਸੋਕਾ ਤੇ ਕਿਤੇ ਹੜ੍ਹਾਂ ਵਰਗੀਆਂ ਸਥਿਤੀਆਂ ਬਣ ਰਹੀਆਂ ਹਨ। ਹਿਮਾਲਿਆਈ ਗਲੇਸ਼ੀਅਰਾਂ ਦੇ ਤੇਜ਼ੀ ਨਾਲ ਪਿਘਲਣ ਦੀਆਂ ਘਟਨਾਵਾਂ ਭਵਿੱਖ ਲਈ ਗੰਭੀਰ ਚੇਤਾਵਨੀ ਹਨ।

ਇਨ੍ਹਾਂ ਸਭ ਦੇ ਵਿਚਕਾਰ ਭਾਰਤ ਦੇ ਇਤਿਹਾਸ ਵਿੱਚ ਇੱਕ ਅਜਿਹਾ ਜਨ ਅੰਦੋਲਨ ਵੀ ਹੋਇਆ ਜਿਸ ਨੇ ਪੂਰੀ ਦੁਨੀਆ ਨੂੰ ਵਾਤਾਵਰਣ ਸੰਭਾਲ ਦਾ ਨਵਾਂ ਸੰਦੇਸ਼ ਦਿੱਤਾ। ਇਹ ਸੀ "ਚਿਪਕੋ ਅੰਦੋਲਨ। ਸਾਲ 1970 ਦੇ ਦਹਾਕੇ ਵਿੱਚ ਉੱਤਰਾਖੰਡ ਦੇ ਪਹਾੜੀ ਖੇਤਰਾਂ ਵਿੱਚ ਸ਼ੁਰੂ ਹੋਏ ਇਸ ਅੰਦੋਲਨ ਨੇ ਜੰਗਲਾਂ ਨੂੰ ਬਚਾਉਣ ਲਈ ਲੋਕਾਂ ਨੂੰ ਇਕੱਠਾ ਕੀਤਾ। ਜਦੋਂ ਠੇਕੇਦਾਰ ਰੁੱਖਾਂ ਦੀ ਕਟਾਈ ਲਈ ਆਏ ਤਾਂ ਪਿੰਡਾਂ ਦੀਆਂ ਔਰਤਾਂ ਰੁੱਖਾਂ ਨਾਲ ਚਿੰਬੜ ਗਈਆਂ ਤਾਂ ਜੋ ਉਨ੍ਹਾਂ ਨੂੰ ਕੱਟਿਆ ਨਾ ਜਾ ਸਕੇ। ਪ੍ਰਸਿੱਧ ਵਾਤਾਵਰਣ ਪ੍ਰੇਮੀ ਸੁੰਦਰਲਾਲ ਬਹੁਗੁਣਾ ਅਤੇ ਚੰਡੀ ਪ੍ਰਸਾਦ ਭੱਟ ਵਰਗੇ ਆਗੂਆਂ ਦੀ ਅਗਵਾਈ ਵਿੱਚ ਇਹ ਅੰਦੋਲਨ ਵਾਤਾਵਰਣ ਸੰਭਾਲ ਦਾ ਪ੍ਰਤੀਕ ਬਣ ਗਿਆ। ਚਿਪਕੋ ਅੰਦੋਲਨ ਨੇ ਸਾਬਤ ਕਰ ਦਿੱਤਾ ਕਿ ਜੰਗਲ ਕੇਵਲ ਲੱਕੜ ਦਾ ਸਰੋਤ ਨਹੀਂ, ਸਗੋਂ ਜਲ, ਜੀਵਨ ਅਤੇ ਵਾਤਾਵਰਣਕ ਸੰਤੁਲਨ ਦਾ ਆਧਾਰ ਹਨ। ਇਸ ਅੰਦੋਲਨ ਨੇ ਭਾਰਤ ਹੀ ਨਹੀਂ, ਸਗੋਂ ਪੂਰੀ ਦੁਨੀਆ ਵਿੱਚ ਵਾਤਾਵਰਣ ਚੇਤਨਾ ਨੂੰ ਨਵੀਂ ਦਿਸ਼ਾ ਦਿੱਤੀ।

**ਆਜ਼ਾਦ ਸੋਚ ਵਿਸ਼ੇਸ਼**

ਅੱਜ ਜਦੋਂ ਦੁਨੀਆ ਜਲਵਾਯੂ ਪਰਿਵਰਤਨ ਅਤੇ ਗਲੋਬਲ ਵਾਰਮਿੰਗ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਹੀ ਹੈ, ਤਾਂ ਚਿਪਕੋ ਅੰਦੋਲਨ ਦਾ ਸੰਦੇਸ਼ ਹੋਰ ਵੀ ਵੱਧ ਮਹੱਤਵਪੂਰਨ ਹੋ ਜਾਂਦਾ ਹੈ। ਵਾਤਾਵਰਣ ਦੀ ਰੱਖਿਆ ਕੇਵਲ ਨੀਤੀਆਂ ਨਾਲ ਸੰਭਵ ਨਹੀਂ, ਇਸ ਲਈ ਲੋਕਾਂ ਦੀ ਭਾਗੀਦਾਰੀ ਅਤੇ ਜਾਗਰੂਕਤਾ ਸਭ ਤੋਂ ਵੱਧ ਜ਼ਰੂਰੀ ਹੈ।

ਭਾਰਤ ਸਰਕਾਰ ਵੀ ਵਾਤਾਵਰਣ ਸੰਭਾਲ ਲਈ ਕਈ ਯੋਜਨਾਵਾਂ ਚਲਾ ਰਹੀ ਹੈ। "ਨਮਾਮੀ ਗੰਗੇ, "ਸਵੱਛ ਭਾਰਤ ਅਭਿਆਨ, "ਰਾਸ਼ਟਰੀ ਸਵੱਛ ਹਵਾ ਪ੍ਰੋਗਰਾਮ" ਅਤੇ ਵੱਡੇ ਪੱਧਰ 'ਤੇ ਰੁੱਖ ਲਗਾਉਣ ਦੇ ਅਭਿਆਨ ਇਸ ਦੀਆਂ ਉਦਾਹਰਨਾਂ ਹਨ। ਨਵਿਆਉਣਯੋਗ ਊਰਜਾ, ਖਾਸ ਤੌਰ 'ਤੇ ਸੂਰਜੀ ਊਰਜਾ ਦੇ ਖੇਤਰ ਵਿੱਚ ਭਾਰਤ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ। ਅੰਤਰਰਾਸ਼ਟਰੀ ਸੂਰਜੀ ਗਠਜੋੜ ਵਰਗੀਆਂ ਪਹਿਲਕਦਮੀਆਂ ਵਿੱਚ ਵੀ ਭਾਰਤ ਦੀ ਮਹੱਤਵਪੂਰਨ ਭੂਮਿਕਾ ਰਹੀ ਹੈ।

ਪਰ ਸਿਰਫ਼ ਸਰਕਾਰੀ ਯਤਨ ਹੀ ਕਾਫ਼ੀ ਨਹੀਂ ਹਨ। ਜਦੋਂ ਤੱਕ ਆਮ ਨਾਗਰਿਕ ਆਪਣੀ ਜੀਵਨ ਸ਼ੈਲੀ ਵਿੱਚ ਬਦਲਾਅ ਨਹੀਂ ਲਿਆਉਣਗੇ, ਤਦ ਤੱਕ ਵਾਤਾਵਰਣ ਸੰਭਾਲ ਦਾ ਟੀਚਾ ਅਧੂਰਾ ਰਹੇਗਾ। ਪਾਣੀ ਅਤੇ ਬਿਜਲੀ ਦੀ ਬਚਤ, ਪਲਾਸਟਿਕ ਦੀ ਘੱਟ ਵਰਤੋਂ, ਜਨਤਕ ਆਵਾਜਾਈ ਦੀ ਵਰਤੋਂ, ਰੁੱਖ ਲਗਾਉਣਾ ਅਤੇ ਸਫ਼ਾਈ ਬਣਾਈ ਰੱਖਣਾ ਵਰਗੇ ਛੋਟੇ ਕਦਮ ਵੀ ਵੱਡਾ ਬਦਲਾਅ ਲਿਆ ਸਕਦੇ ਹਨ।

ਮਾਹਿਰਾਂ ਦਾ ਮੰਨਣਾ ਹੈ ਕਿ ਆਉਣ ਵਾਲਾ ਸਮਾਂ "ਗ੍ਰੀਨ ਡਿਵੈਲਪਮੈਂਟ" ਦਾ ਹੋਵੇਗਾ, ਜਿੱਥੇ ਵਿਕਾਸ ਅਤੇ ਵਾਤਾਵਰਣ ਵਿਚਕਾਰ ਸੰਤੁਲਨ ਸਭ ਤੋਂ ਮਹੱਤਵਪੂਰਨ ਹੋਵੇਗਾ। ਜੇਕਰ ਕੁਦਰਤ ਸੁਰੱਖਿਅਤ ਰਹੇਗੀ ਤਾਂ ਹੀ ਮਨੁੱਖੀ ਸਭਿਆਚਾਰ ਵੀ ਸੁਰੱਖਿਅਤ ਰਹਿ ਸਕੇਗਾ। ਧਰਤੀ ਕੇਵਲ ਮੌਜੂਦਾ ਪੀੜ੍ਹੀ ਦੀ ਜਾਇਦਾਦ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੀ ਅਮਾਨਤ ਵੀ ਹੈ।

ਵਿਸ਼ਵ ਵਾਤਾਵਰਣ ਦਿਵਸ ਸਾਨੂੰ ਇਹੀ ਸੰਦੇਸ਼ ਦਿੰਦਾ ਹੈ ਕਿ ਕੁਦਰਤ ਤੋਂ ਬਿਨਾਂ ਮਨੁੱਖੀ ਜੀਵਨ ਦੀ ਕਲਪਨਾ ਸੰਭਵ ਨਹੀਂ। ਜੇ ਅੱਜ ਅਸੀਂ ਵਾਤਾਵਰਣ ਦੀ ਰੱਖਿਆ ਲਈ ਗੰਭੀਰ ਯਤਨ ਨਾ ਕੀਤੇ ਤਾਂ ਭਵਿੱਖ ਸੰਕਟਾਂ ਨਾਲ ਘਿਰ ਜਾਵੇਗਾ। ਇਸ ਲਈ ਲੋੜ ਇਸ ਗੱਲ ਦੀ ਹੈ ਕਿ ਵਾਤਾਵਰਣ ਸੰਭਾਲ ਨੂੰ ਕੇਵਲ ਇੱਕ ਦਿਨ ਤੱਕ ਸੀਮਿਤ ਨਾ ਰੱਖਿਆ ਜਾਵੇ, ਸਗੋਂ ਇਸ ਨੂੰ ਜੀਵਨ ਦਾ ਸੰਸਕਾਰ ਬਣਾਇਆ ਜਾਵੇ। ਇਹੀ ਮਨੁੱਖਤਾ ਅਤੇ ਧਰਤੀ ਦੇ ਸੁਰੱਖਿਅਤ ਭਵਿੱਖ ਦੀ ਸਭ ਤੋਂ ਵੱਡੀ ਗਾਰੰਟੀ ਹੈ।



ਮੋਹਿਤ ਸਿੰਗਲਾ
ਤਪਾ ਮੰਡੀ
ਮੋ: 90412-95900

**ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886'ਤੇ ਸੰਪਰਕ ਕਰਨ।**

ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ।
- ਸੰਪਾਦਕ

# ਕਥਲੌਰ ਪੁਲ ਨੇੜੇ ਰਾਵੀ ਦਰਿਆ 'ਤੇ ਧੁੱਸੀ ਬੰਨ੍ਹ ਪ੍ਰੋਜੈਕਟ ਨੂੰ ਜਲਦ ਨੇਪਰੇ ਚਾੜ੍ਹਨ ਲਈ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਮੌਕੇ ਦਾ ਲਿਆ ਜਾਇਜ਼ਾ



**ਆਜ਼ਾਦ ਸੋਚ, ਅਸ਼ਵਨੀ ਭਗਤ, ਪਠਾਨਕੋਟ, 4 ਜੂਨ :**

ਵਿਧਾਨ ਸਭਾ ਹਲਕਾ ਭੋਆ ਅਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਨੂੰ ਰਾਵੀ ਦਰਿਆ ਦੇ ਹੜ੍ਹ ਦੇ ਖਤਰੇ ਤੋਂ ਬਚਾਉਣ ਲਈ ਕੋਹਲੀਆਂ ਮੋੜ ਨਜ਼ਦੀਕ ਪ੍ਰਸਤਾਵਿਤ ਧੁੱਸੀ ਬੰਨ੍ਹ ਪ੍ਰੋਜੈਕਟ ਨੂੰ ਜਲਦ ਅਮਲੀ ਜਾਮਾ ਪਹਿਨਾਉਣ ਦੇ ਉਦੇਸ਼ ਨਾਲ ਅੱਜ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕੱਟਾਰੁਚਕ ਵੱਲੋਂ ਰਾਵੀ ਦਰਿਆ ਦੇ ਕਥਲੌਰ ਪੁਲ ਨੇੜੇ ਬਣਨ ਵਾਲੇ ਧੁੱਸੀ ਬੰਨ੍ਹ ਦੀ ਜਗ੍ਹਾ ਦਾ ਉੱਚ-ਪੱਧਰੀ ਜਾਂਚ ਟੀਮਾਂ ਨਾਲ ਬਾਰੀਕੀ ਨਾਲ ਜਾਇਜ਼ਾ ਲਿਆ ਗਿਆ। ਇਸ ਦੌਰਾਨ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਤਕਨੀਕੀ ਮਾਹਿਰਾਂ ਵੱਲੋਂ ਮੌਕੇ ਦੀ ਭੂਗੋਲਿਕ ਸਥਿਤੀ, ਦਰਿਆ ਦੇ ਵਹਾਅ ਅਤੇ ਹੋਰ ਤਕਨੀਕੀ ਪੱਖਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਕੈਬਨਿਟ ਮੰਤਰੀ ਨੇ ਟੀਮਾਂ ਨਾਲ ਮੌਕੇ 'ਤੇ ਪਹੁੰਚ ਕੇ ਦਰਿਆ ਦੇ ਵਹਾਅ ਦੀ ਦਿਸ਼ਾ, ਪਾਣੀ ਦੇ ਪੱਧਰ ਅਤੇ ਹੜ੍ਹ ਦੌਰਾਨ ਪ੍ਰਭਾਵਿਤ ਹੋ ਸਕਣ ਵਾਲੇ ਇਲਾਕਿਆਂ ਦੀ ਸਮੀਖਿਆ ਕੀਤੀ। ਇਸ ਦੇ ਨਾਲ ਹੀ ਪ੍ਰੋਜੈਕਟ ਨੂੰ ਜਲਦ ਤੋਂ ਜਲਦ ਸ਼ੁਰੂ ਕਰਨ ਲਈ ਲੋੜੀਂਦੀਆਂ ਸੰਭਾਵਨਾਵਾਂ ਅਤੇ ਤਕਨੀਕੀ ਹੱਲਾਂ 'ਤੇ ਵੀ ਚਰਚਾ ਕੀਤੀ ਗਈ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪ੍ਰੋਜੈਕਟ ਨਾਲ ਜੁੜੀਆਂ ਸਾਰੀਆਂ ਤਕਨੀਕੀ ਰਿਪੋਰਟਾਂ ਅਤੇ ਕਾਨੂੰਨੀ ਕਾਰਵਾਈਆਂ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਇਸ ਮਹੱਤਵਪੂਰਨ ਯੋਜਨਾ ਦਾ ਲਾਭ ਜਲਦ ਮਿਲ ਸਕੇ। ਇਸ ਮੌਕੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਅਤੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਸ ਮਹੱਤਵਪੂਰਨ ਧੁੱਸੀ ਬੰਨ੍ਹ ਪ੍ਰੋਜੈਕਟ ਲਈ ਕਰੀਬ 8 ਕਰੋੜ ਰੁਪਏ ਦੀ ਰਾਸ਼ੀ ਕਈ ਮਹੀਨੇ ਪਹਿਲਾਂ ਹੀ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕੁਝ ਤਕਨੀਕੀ ਅਤੇ ਕਾਨੂੰਨੀ ਅੜਚਨਾਂ ਕਾਰਨ ਪ੍ਰੋਜੈਕਟ ਦੀ ਪ੍ਰਕਿਰਿਆ ਵਿੱਚ ਦੇਰੀ ਆਈ ਹੈ, ਪਰ ਸਰਕਾਰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਸਾਰੀਆਂ ਰੁਕਾਵਟਾਂ ਨੂੰ ਜਲਦ ਦੂਰ ਕਰਨ ਲਈ ਯਤਨਸ਼ੀਲ ਹੈ।

ਕਟਾਰੂਚੱਕ ਨੇ ਕਿਹਾ ਕਿ ਰਾਵੀ ਦਰਿਆ ਨਾਲ ਲੱਗਦੇ ਕਈ ਪਿੰਡਾਂ ਨੂੰ ਪਿੱਛਲੇ ਸਾਲ ਬਰਸਾਤੀ ਮੌਸਮ ਦੌਰਾਨ ਹੜ੍ਹ ਦੇ ਖਤਰੇ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਲੋਕਾਂ ਦਾ ਬਹੁਤ ਨੁਕਸਾਨ ਹੋਇਆ ਸੀ , ਜਿਸ ਕਾਰਨ ਲੋਕਾਂ ਨੂੰ ਜਾਨੀ ਅਤੇ ਮਾਲੀ ਨੁਕਸਾਨ ਦਾ ਡਰ ਬਣਿਆ ਰਹਿੰਦਾ ਹੈ। ਇਸ ਧੁੱਸੀ ਬੰਨ੍ਹ ਦੇ ਨਿਰਮਾਣ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਹੜ੍ਹ ਦੇ ਖਤਰੇ ਨੂੰ ਕਾਫੀ ਹੱਦ ਤੱਕ ਘਟਾਇਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਨਿਰਮਾਣ ਪ੍ਰੋਜੈਕਟ ਨਹੀਂ, ਸਗੋਂ ਇਲਾਕੇ ਦੀ ਸੁਰੱਖਿਆ ਅਤੇ ਭਵਿੱਖ ਨਾਲ ਜੁੜੀ ਇੱਕ ਦੂਰਅੰਦੇਸ਼ੀ ਯੋਜਨਾ ਹੈ।

ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਇਲਾਕੇ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਇਸ ਪ੍ਰੋਜੈਕਟ ਨੂੰ ਜਲਦ ਹਕੀਕਤ ਵਿੱਚ ਬਦਲੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਰਾਦਾ ਅਟੱਲ ਹੈ ਅਤੇ ਸਾਰੀਆਂ ਕਾਨੂੰਨੀ ਤੇ ਤਕਨੀਕੀ ਰੁਕਾਵਟਾਂ ਨੂੰ ਦੂਰ ਕਰਕੇ ਧੁੱਸੀ ਬੰਨ੍ਹ ਦਾ ਕੰਮ ਜਲਦ ਸ਼ੁਰੂ ਕਰਵਾਇਆ ਜਾਵੇਗਾ, ਤਾਂ ਜੋ ਲੋਕਾਂ ਦੀ ਸੁਰੱਖਿਆ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਇਆ ਜਾ ਸਕੇ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵ ਸ਼੍ਰੀ ਨਰੇਸ਼ ਸੈਣੀ ਸਕੱਤਰ ਮਾਝਾ ਜੋਨ ਪੰਜਾਬ ਬੀ ਸੀ ਸੈਲ, ਚੇਅਰਮੈਨ ਖੁਸ਼ਬੀਰ ਕਾਟਰ, ਬਮਿਆਲ ਸਰਪੰਚ ਮਨੀਸ਼ ਗੁਪਤਾ, ਮੰਜੀਰੀ ਸਰਪੰਚ ਲਵਲੀ ਮੰਜੀਰੀ, ਐਡਵੋਕੇਟ ਰਮੇਸ਼ ਚੰਦਰ, ਬਲਾਕ ਪ੍ਰਧਾਨ ਸੂਬੇਦਾਰ ਕੁਲਵੰਤ ਸਿੰਘ,ਅਸ਼ਵਨੀ ਕੁਮਾਰ ਲਾਡੀ ਸਰਪੰਚ ਬਹਾਦੁਰਪੁਰ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਕਾਰਜਕਰਤਾ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੀ ਇੰਚਾਰਜ ਅਰਵਿੰਦ ਖੰਨਾ ਨੇ ਚੋਣ ਲੜਨ ਵਾਲੇ ਕੌਂਸਲਰਾਂ ਦਾ ਕੀਤਾ ਸਨਮਾਨ



**ਆਜ਼ਾਦ ਸੋਚ, ਸੰਜੀਵ ਝਨੇੜੀ, ਜਗਵਿੰਦਰ ਸਿੰਘ, ਭਵਾਨੀਗੜ੍ਹ, 4 ਜੂਨ :**

ਸ਼੍ਰੋਮਣੀ ਅਕਾਲੀ ਦਲ ਦੀ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਾਰਟੀ ਦੇ ਵੱਡੀ ਗਿਣਤੀ ਵਿੱਚ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਸਬੰਧੀ ਵਿਚਾਰ—ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਅਰਵਿੰਦ ਖੰਨਾ ਨੇ ਪਾਰਟੀ ਵਰਕਰਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਕਿਹਾ ਕਿ ਚੋਣ ਨਤੀਜੇ ਜੋ ਵੀ ਰਹੇ ਹੋਣ ਪ੍ਰੰਤੂ ਵਰਕਰਾਂ ਦੀ ਮਿਹਨਤ ਅਤੇ ਜਜ਼ਬਾ ਕਾਬਿਲ—ਏ— ਤਾਰੀਫ਼ ਹੈ। ਉਨ੍ਹਾਂ ਵਰਕਰਾਂ ਨੂੰ ਭਵਿੱਖ ਵਿੱਚ ਵੀ ਲੋਕਾਂ ਦੀ ਸੇਵਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਇਸੇ ਤਰ੍ਹਾਂ ਇਕਜੁੱਟ ਹੋ ਕੇ ਕੰਮ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਹਮੇਸ਼ਾ ਹੀ ਆਪਣਾ ਜੋਸ਼ ਬਣਾਈ ਰੱਖਣਾ ਹੈ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਮੀਟਿੰਗ ਵਿੱਚ ਪਾਰਟੀ ਦੀਆਂ ਭਵਿੱਖੀ ਗਤੀਵਿਧੀਆਂ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਸਬੰਧੀ ਵਿਚਾਰ—ਚਰਚਾ ਕੀਤੀ।ਅਰਵਿੰਦ ਖੰਨਾ ਨੇ ਕਿਹਾ ਕਿ ਵਰਕਰ ਕਿਸੇ ਵੀ ਪਾਰਟੀ ਦੀ ਰੀੜ ਦੀ ਹੱਡੀ ਹੁੰਦੇ ਹਨ ਅਤੇ ਵਰਕਰਾਂ ਦੇ ਸਹਿਯੋਗ ਸਦਕਾ ਹੀ ਪਾਰਟੀ ਮਜ਼ਬੂਤ ਹੁੰਦੀ ਹੈ। ਇਸ ਲਈ ਹਰ ਇੱਕ ਵਰਕਰ ਨੂੰ ਆਪਣੀ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਾ ਚਾਹੀਦਾ ਹੈ। ਵਰਕਰਾਂ ਨੇ ਪਾਰਟੀ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ ਆਉਣ ਵਾਲੇ ਸਮੇਂ ਵਿੱਚ ਹੋਰ ਮਿਹਨਤ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਅਤੇ ਆਗੂ ਮੌਜੂਦ ਸਨ।

# ਸੇਵਾ ਕੇਂਦਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਜਲਦ ਹੱਲ ਕੀਤਾ ਜਾਵੇ : ਅਰਸ਼ ਸੱਚਰ

**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 4 ਜੂਨ :**

ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਪੰਜਾਬ ਦੇ ਸੇਵਾ ਕੇਂਦਰਾਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਨੂੰ ਇੱਕ ਸਿਫ਼ਾਰਸ਼ੀ ਪੱਤਰ ਭੇਜਿਆ ਹੈ। ਅਰਸ਼ ਸੱਚਰ ਨੇ ਕਿਹਾ ਕਿ ਸੇਵਾ ਕੇਂਦਰ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਸੇਵਾਵਾਂ ਦਾ ਮੁੱਖ ਆਧਾਰ ਹਨ ਅਤੇ ਆਮ ਨਾਗਰਿਕ ਦਾ ਸਰਕਾਰ ਨਾਲ ਪਹਿਲਾ ਸੰਪਰਕ ਇਨ੍ਹਾਂ ਕੇਂਦਰਾਂ ਰਾਹੀਂ ਹੀ ਹੁੰਦਾ ਹੈ। ਪਿਛਲੇ ਕਈ ਸਾਲਾਂ ਤੋਂ ਸੇਵਾ ਕੇਂਦਰਾਂ ਦੇ ਮੁਲਾਜ਼ਮ ਘੱਟ ਤਨਖਾਹਾਂ, ਨੌਕਰੀ ਦੀ ਅਸੁਰੱਖਿਆ, ਠੇਕੇਦਾਰੀ ਪ੍ਰਣਾਲੀ ਅਤੇ ਤਨਖਾਹਾਂ ਦੇ ਸਮੇਂ ਸਿਰ ਭੁਗਤਾਨ ਨਾ ਹੋਣ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਜ਼ਮਾਂ ਨੇ ਕਰੋੜਾਂ ਅਰਜ਼ੀਆਂ ਅਤੇ ਲੱਖਾਂ ਸਰਕਾਰੀ ਸੇਵਾਵਾਂ ਨੂੰ ਸਫਲਤਾਪੂਰਵਕ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਇਨ੍ਹਾਂ ਦੀ ਮਿਹਨਤ ਅਤੇ ਸਮਰਪਣ ਸਦਕਾ ਸਰਕਾਰੀ ਸੇਵਾਵਾਂ ਨੂੰ ਪਿੰਡਾਂ ਅਤੇ ਸ਼ਹਿਰਾਂ ਦੇ ਲੋਕਾਂ ਤੱਕ ਆਸਾਨੀ ਨਾਲ ਪਹੁੰਚਾਇਆ ਜਾ ਸਕਿਆ ਹੈ। ਇਸ ਲਈ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਅਤੇ ਗੰਭੀਰਤਾ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ। ਅਰਸ਼ ਸੱਚਰ ਨੇ ਮੰਗ ਕੀਤੀ ਕਿ ਸੇਵਾ ਕੇਂਦਰ ਮੁਲਾਜ਼ਮਾਂ ਦੀਆਂ ਤਨਖਾਹਾਂ ਦੀ ਤੁਰੰਤ ਸਮੀਖਿਆ ਕਰਕੇ ਵਾਧਾ ਕੀਤਾ ਜਾਵੇ, ਤਨਖਾਹਾਂ ਸਮੇਂ ਸਿਰ ਜਾਰੀ ਕਰਨ ਲਈ ਸਖ਼ਤ ਪ੍ਰਬੰਧ ਕੀਤੇ ਜਾਣ, ਠੇਕੇਦਾਰੀ ਪ੍ਰਣਾਲੀ ਦੀ ਸਮੀਖਿਆ ਕਰਕੇ ਨੌਕਰੀ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਮੁਲਾਜ਼ਮ ਯੂਨੀਅਨ ਦੇ ਨੁਮਾਇੰਦਿਆਂ ਨਾਲ ਉੱਚ ਪੱਧਰੀ ਮੀਟਿੰਗ ਕਰਕੇ ਆਪਸੀ ਸਹਿਮਤੀ ਨਾਲ ਹੱਲ ਕੱਢਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਲੋਕਾਂ ਦੀ ਸਰਕਾਰ ਵਜੋਂ ਦੇਖਿਆ ਜਾਂਦਾ ਹੈ ਅਤੇ ਉਮੀਦ ਹੈ ਕਿ ਸਰਕਾਰ ਲੋਕਾਂ ਦੀ ਸੇਵਾ ਕਰਨ ਵਾਲੇ ਇਨ੍ਹਾਂ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਜਲਦ ਅਤੇ ਸਕਾਰਾਤਮਕ ਹੱਲ ਕਰੇਗੀ। ਇਸ ਨਾਲ ਨਾ ਸਿਰਫ਼ ਕਰਮਚਾਰੀਆਂ ਦਾ ਮਨੋਬਲ ਵਧੇਗਾ, ਸਗੋਂ ਪੰਜਾਬ ਦੇ ਲੋਕਾਂ ਨੂੰ ਮਿਲ ਰਹੀਆਂ ਸਰਕਾਰੀ ਸੇਵਾਵਾਂ ਵੀ ਹੋਰ ਪ੍ਰਭਾਵਸ਼ਾਲੀ ਅਤੇ ਮਜ਼ਬੂਤ ਹੋਣਗੀਆਂ।

# ਖਾਲਸਾ ਕਾਲਜ ਵਿਖੇ 12ਵੀਂ ਪਾਸ ਵਿਦਿਆਰਥੀਆਂ ਲਈ ਬਰਿੱਜ ਕੋਰਸ ਸਫਲਤਾਪੂਰਵਕ ਸੰਪੰਨ

## 250 ਤੋਂ ਵੱਧ ਵਿਦਿਆਰਥੀਆਂ ਨੇ ਲਿਆ ਹਿੱਸਾ; ਸਮਾਪਤੀ ਸਮਾਰੋਹ ਦੌਰਾਨ ਵੰਡੇ ਗਏ ਸਰਟੀਫਿਕੇਟ



**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 4 ਜੂਨ :**

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ 12ਵੀਂ ਪਾਸ ਵਿਦਿਆਰਥੀਆਂ ਲਈ ਚਲਾਇਆ ਜਾ ਰਿਹਾ ਬਰਿੱਜ ਕੋਰਸ ਮਿਤੀ 04 ਜੂਨ ਨੂੰ ਸਫਲਤਾਪੂਰਵਕ ਸੰਪੰਨ ਹੋ ਗਿਆ। ਇਸ ਕੋਰਸ ਵਿੱਚ 250 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਵੱਖ-ਵੱਖ ਵਿਸ਼ਿਆਂ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕੀਤੀ ਅਤੇ ਹੁਨਰ ਹਾਸਲ ਕੀਤਾ।

ਸਮਾਪਤੀ ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਬਰਿੱਜ ਕੋਰਸ ਦੌਰਾਨ ਪ੍ਰਾਪਤ ਕੀਤੀ ਸਿੱਖਿਆ ਸੰਬੰਧੀ ਆਪਣੇ ਤਜਰਬੇ ਨੂੰ ਸਾਂਝਾ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਬਰਿੱਜ ਕੋਰਸ ਦੀ ਸਫਲਤਾ 'ਤੇ ਵਿਦਿਆਰਥੀਆਂ ਅਤੇ ਕਾਲਜ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਦੀ ਅਕਾਦਮਿਕ ਤੇ ਬੌਧਿਕ ਤਰੱਕੀ ਅਤੇ ਸਰਵਪੱਖੀ ਵਿਕਾਸ ਲਈ ਲਾਹੇਵੰਦ ਹਨ।

ਇਸ ਮੌਕੇ ਕਾਲਜ ਦੇ ਵਾਇਸ ਪ੍ਰਿੰਸੀਪਲ ਡਾ. ਮਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਬਰਿੱਜ ਕੋਰਸ ਵਿਦਿਆਰਥੀਆਂ ਦੇ ਵਿਅਕਤੀਗਤ ਅਤੇ ਅਕਾਦਮਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਉੱਚੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕਰਦੇ ਹਨ। ਇਸ ਉਪਰੰਤ ਡਾ. ਮਨਜੀਤ ਸਿੰਘ ਵੱਲੋਂ ਕੋਰਸ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ।ਸਮਾਗਮ ਦੌਰਾਨ ਪ੍ਰੋ. ਦਿਲਸ਼ੇਰਬੀਰ ਸਿੰਘ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਇਸ ਮੌਕੇ ਕਾਲਜ ਸਟਾਫ਼ ਵਿੱਚੋਂ ਪ੍ਰੋ. ਤਜਿੰਦਰ ਕੌਰ, ਡਾ. ਦਵਿੰਦਰ ਸਿੰਘ, ਡਾ. ਸ਼ਵੇਤਾ ਕੌਸ਼ਲ, ਡਾ. ਵੀਰਪਾਲ ਸਿੰਘ, ਪ੍ਰੋ. ਸੁਖਵਿੰਦਰ ਸਿੰਘ, ਡਾ. ਕਮਲਦੀਪ ਕੌਰ, ਡਾ. ਅਮਨਪ੍ਰੀਤ ਕੌਰ, ਡਾ. ਹਰਪ੍ਰੀਤ ਕੌਰ ਅਤੇ ਡਾ. ਰਵਿੰਦਰ ਸਿੰਘ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸਾਦਿਕ ਵੱਲੋਂ ਕਲੀਨਿਕਾਂ ਦੀ ਅਚਨਚੇਤ ਚੈਕਿੰਗ




**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 4 ਜੂਨ :**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 295 ਬਲਾਕ ਸਾਦਿਕ ਵੱਲੋਂ ਸਿਹਤ ਸੇਵਾਵਾਂ ਦੇ ਮਿਆਰ ਨੂੰ ਹੋਰ ਬਿਹਤਰ ਬਣਾਉਣ ਅਤੇ ਕਲੀਨਿਕਾਂ ਵਿੱਚ ਸਾਫ਼-ਸੁਥਰੇ ਮਾਹੌਲ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਹ ਮੁਹਿੰਮ ਜ਼ਿਲਾ ਜਨਰਲ ਸਕੱਤਰ ਡਾ. ਗੁਰਤੇਜ ਸਿੰਘ ਮਚਾਕੀ ਅਤੇ ਬਲਾਕ ਪ੍ਰਧਾਨ ਡਾ. ਭਾਰਤ ਭੂਸ਼ਨ ਦੀ ਅਗਵਾਈ ਹੇਠ ਦੋ ਟੀਮਾਂ ਬਣਾ ਕੇ ਚਲਾਈ ਗਈ, ਜਿਨਾਂ ਵੱਲੋਂ ਬਲਾਕ ਦੇ ਡਾਕਟਰ ਸਾਥੀਆਂ ਅਤੇ ਨਵੇਂ ਮੈਂਬਰਾਂ ਦੀਆਂ ਕਲੀਨਿਕਾਂ ਦਾ ਦੌਰਾ ਕਰਕੇ ਬਰੀਕੀ ਨਾਲ ਨਿਰੀਖਣ ਕੀਤਾ ਗਿਆ। ਚੈਕਿੰਗ ਦੌਰਾਨ ਕਲੀਨਿਕਾਂ ਦੀ ਸਾਫ਼-ਸਫ਼ਾਈ, ਵਰਤੀਆਂ ਗਈਆਂ ਸਰਿੰਜਾਂ ਦੇ ਵਿਗਿਆਨਕ ਢੰਗ ਨਾਲ ਨਿਪਟਾਰੇ, ਐਕਸਪਾਇਰੀ ਦਵਾਈਆਂ ਦੀ ਉਪਲਬਧਤਾ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਜਾਂਚ ਕੀਤੀ ਗਈ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਸਾਰੇ ਮੈਂਬਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੀਆਂ ਕਲੀਨਿਕਾਂ ਵਿੱਚ ਸਿਹਤ ਵਿਭਾਗ ਵੱਲੋਂ ਨਿਰਧਾਰਤ ਮਾਪਦੰਡਾਂ ਦੀ ਪੂਰੀ ਤਰਾਂ ਪਾਲਣਾ ਕਰਨ ਅਤੇ ਮਰੀਜ਼ਾਂ ਨੂੰ ਸੁਰੱਖਿਅਤ ਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ। ਅਹੁਦੇਦਾਰਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਵੀ ਮੈਂਬਰ ਦੀ ਕਲੀਨਿਕ ਵਿੱਚ ਗੰਦਗੀ, ਐਕਸਪਾਇਰੀ ਦਵਾਈਆਂ ਜਾਂ ਕਿਸੇ ਹੋਰ ਕਿਸਮ ਦੀ ਅਣਗਹਿਲੀ ਪਾਈ ਗਈ ਤਾਂ ਉਸ ਨੂੰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਉਨਾਂ ਕਿਹਾ ਕਿ ਭਵਿੱਖ ਵਿੱਚ ਕੋਈ ਵੀ ਮੈਂਬਰ ਜੇਕਰ ਐਸੋਸੀਏਸ਼ਨ ਦੇ ਨਿਯਮਾਂ ਦੀ ਉਲੰਘਣਾ ਕਰਦਾ ਜਾਂ ਕਲੀਨਿਕ ਦੇ ਪ੍ਰਬੰਧ ਵਿੱਚ ਲਾਪਰਵਾਹੀ ਵਰਤਦਾ ਪਾਇਆ ਗਿਆ ਤਾਂ ਉਸ ਦੀ ਐਸੋਸੀਏਸ਼ਨ ਮੈਂਬਰਸ਼ਿਪ ਰੱਦ ਕਰਨ ਤੱਕ ਦੀ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਮੌਕੇ ਬਲਾਕ ਜਨਰਲ ਸਕੱਤਰ ਡਾ. ਜਗਰੂਪ ਸਿੰਘ ਸੰਧੂ ਬਲਾਕ ਜਨਰਲ ਸਕੱਤਰ, ਬਲਾਕ ਖਜ਼ਾਨਚੀ ਡਾ. ਪਰਮੇਸ਼ਰ ਸਿੰਘ, ਡਾ. ਟੇਕ ਸਿੰਘ ਬੱਬੂ (ਦੀਪ ਸਿੰਘ ਵਾਲਾ), ਡਾ. ਇਕਬਾਲ ਸਿੰਘ (ਗੋਲੇਵਾਲਾ), ਡਾ. ਤਰਸੇਮ ਸਿੰਘ (ਕਿਲੀ), ਡਾ. ਗੁਰਪ੍ਰੀਤ ਸਿੰਘ (ਗੁੱਜਰ) ਅਤੇ ਹੋਰ ਮੈਂਬਰ ਹਾਜ਼ਰ ਸਨ।

# ਐਸ.ਐਸ.ਪੀ ਫਰੀਦਕੋਟ ਵੱਲੋਂ ਜਿਲ੍ਹੇ ਦੇ ਸਮੂਹ ਦੁਕਾਨਦਾਰਾਂ ਅਤੇ ਕਾਰੋਬਾਰੀਆਂ ਨਾਲ ਕੀਤੀ ਅਹਿਮ ਮੀਟਿੰਗ

## ਫਰੀਦਕੋਟ ਪੁਲਿਸ ਪਬਲਿਕ ਦੇ ਸਹਿਯੋਗ ਨਾਲ ਨਸ਼ਿਆਂ, ਅਪਰਾਧ ਖ਼ਿਲਾਫ਼ ਆਪਣੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰੱਖੇਗੀ: ਐਸ.ਐਸ.ਪੀ

**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 4 ਜੂਨ :**

ਸ਼੍ਰੀ ਗੁਰਬੰਸ ਸਿੰਘ ਬੈਂਸ, ਐਸ.ਐਸ.ਪੀ ਫਰੀਦਕੋਟ ਵੱਲੋਂ ਅੱਜ ਜ਼ਿਲ੍ਹਾ ਫਰੀਦਕੋਟ ਦੇ ਆੜਤੀਆਂ, ਕਾਰੋਬਾਰੀਆਂ, ਦੁਕਾਨਦਾਰਾਂ ਅਤੇ ਵੱਖ-ਵੱਖ ਐਨ.ਜੀ.ਓਜ਼ ਦੇ ਮੁਖੀਆਂ ਅਤੇ ਹੋਰ ਮੋਹਤਬਾਰ ਵਿਅਕਤੀਆਂ ਨਾਲ ਇੱਕ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੁਲਿਸ ਵਿਭਾਗ ਦੀ ਕਾਰਗੁਜ਼ਾਰੀ ਅਤੇ ਵੱਖ-ਵੱਖ ਲੋਕ-ਭਲਾਈ, ਪਹਿਲਕਦਮੀਆਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਉਹਨਾ ਨਾਲ ਸ਼੍ਰੀ ਤਰਲੋਚਨ ਸਿੰਘ ਡੀ.ਐਸ.ਪੀ (ਸਬ-ਡਵੀਜਨ) ਫਰੀਦਕੋਟ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਐਸ.ਐਸ.ਪੀ, ਫਰੀਦਕੋਟ ਸ਼੍ਰੀ ਗੁਰਬੰਸ ਸਿੰਘ ਬੈਂਸ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲੋਕਾਂ ਤੋਂ ਵੱਧ ਤੋਂ ਵੱਧ ਸਹਿਯੋਗ ਦੀ ਮੰਗ ਕੀਤੀ। ਉਨ੍ਹਾਂ ਨੇ ਹਾਜ਼ਰ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਪ੍ਰਸ਼ਾਸਨ, ਵੀ.ਡੀ.ਸੀ. ਅਤੇ ਡਬਲਯੂ.ਡੀ.ਸੀ. ਮੈਂਬਰਾਂ ਦੇ ਸਹਿਯੋਗ ਨਾਲ ਨਸ਼ਿਆਂ ਦੀ ਲਤ ਤੋਂ ਪ੍ਰਭਾਵਿਤ ਵੱਧ ਤੋਂ ਵੱਧ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਅਤੇ ਓ.ਏ.ਟੀ. ਸੈਂਟਰਾਂ ਵਿੱਚ ਦਾਖ਼ਲ ਕਰਵਾਉਣ ਲਈ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ। ਇਸ ਦੇ ਨਾਲ ਹੀ ਉਹਨਾਂ ਸਪੱਸ਼ਟ ਕੀਤਾ ਕਿ ਫਰੀਦਕੋਟ ਪੁਲਿਸ ਪਬਲਿਕ ਦੇ ਸਹਿਯੋਗ ਨਾਲ ਨਸ਼ਿਆਂ, ਅਪਰਾਧ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਆਪਣੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰੱਖੇਗੀ। ਇਸ ਮੀਟਿੰਗ ਵਿੱਚ ਸ਼੍ਰੀ ਰਾਜਨ ਠਾਕੁਰ (ਪ੍ਰਧਾਨ, ਵਪਾਰ ਮੰਡਲ, ਫਰੀਦਕੋਟ ਅਤੇ ਪ੍ਰਧਾਨ ਸਵਰਨਕਾਰ ਯੂਨੀਅਨ, ਫਰੀਦਕੋਟ), ਉੱਘੇ ਸਮਾਜਸੇਵੀ ਸ਼੍ਰੀ ਪ੍ਰਵੀਨ ਕਾਲਾ, ਸ਼੍ਰੀ ਲੱਕੀ ਕਟਾਰੀਆ (ਸਰਪ੍ਰਸਤ ਆਪਣਾ ਘਰ ਆਪਣਾ ਆਸ਼ਰਮ), ਸ਼੍ਰੀ ਰਿਸ਼ਬ ਜੈਨ (ਪ੍ਰਧਾਨ ਐਸ.ਐਸ. ਜੈਨ ਸਭਾ, ਫਰੀਦਕੋਟ), ਸਤਵਿੰਦਰ ਸਿੰਘ (ਸਲਾਹਕਾਹ, ਵਪਾਰ ਮੰਡਲ), ਸਮਾਜਸੇਵੀ ਰਾਜੂ ਜੈਨ, ਸ਼੍ਰੀ ਪ੍ਰਦੀਪ ਕੁਮਾਰ (ਪੀ.ਆਰ.ਓ ਵਪਾਰ ਮੰਡਲ),ਕੇ.ਪੀ.ਸਿੰਘ ਸਰਾਂ ਮੈਂਬਰ ਰੋਟਰੀ ਕਲੱਬ ਫ਼ਰੀਦਕੋਟ, ਦਵਿੰਦਰ ਸਿੰਘ ਪੰਜਾਬ ਮੋਟਰਜ਼ ਪ੍ਰਧਾਨ ਸੁਖਮਨੀ ਸੇਵਾ ਸੋਸਾਇਟੀ ਫਰੀਦਕੋਟ, ਜਸਵੀਰ ਜੱਸੀ ਮੰਚ ਸੰਚਾਲਨ,ਰਵੀ ਬਾਂਸਲ ਪ੍ਰਧਾਨ ਲਾਇਨ ਕਲੱਬ ਫਰੀਦਕੋਟ ਵਿਸ਼ਾਲ ਸਮੇਤ ਸਹਾਰਾ ਕਲੱਬ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਵਰਗ ਨੇ ਭਾਗ ਲਿਆ। ਇਸ ਦੌਰਾਨ ਐਸ.ਐਸ.ਪੀ ਫਰੀਦਕੋਟ ਵੱਲੋਂ ਸਮੂਹ ਦੁਕਾਨਦਾਰਾ, ਕਾਰੋਬਾਰੀਆ ਅਤੇ ਮੋਹਤਬਰ ਵਿਅਕਤੀਆਂ ਦਾ ਇਸ ਮੀਟਿੰਗ ਵਿੱਚ ਪਹੁੰਚਣ ਅਤੇ ਪੁਲਿਸ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਮੌਜੂਦ ਕਾਰੋਬਾਰੀਆਂ ਅਤੇ ਹੋਰਨਾ ਵੱਲੋਂ ਪੁਲਿਸ ਵੱਲੋਂ ਇਹ ਮੀਟਿੰਗ ਕਰਨ ਤੇ ਧੰਨਵਾਦ ਕੀਤਾ ਗਿਆ ਅਤੇ ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਅਤੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਲਈ ਫਰੀਦਕੋਟ ਪੁਲਿਸ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।



# ਹਾਰੇ ਕਾ ਸਹਾਰਾ ਵੈਲਫੇਅਰ ਸੋਸਾਇਟੀ ਵੱਲੋਂ ਆਮ ਆਦਮੀ ਕਲੀਨਿਕ ਵਾਰਡ ਨੰ 6 ਦੇ ਡਾਕਟਰਾਂ ਤੇ ਸਟਾਫ ਦਾ ਸਨਮਾਨ ਕੀਤਾ



**ਆਜ਼ਾਦ ਸੋਚ, ਵਰਮਾ, ਧੂਰੀ, 4 ਜੂਨ :**

ਹਾਰੇ ਕਾ ਸਹਾਰਾ ਵੈਲਫੇਅਰ ਸੋਸਾਇਟੀ ਧੂਰੀ ਵੱਲੋਂ ਵਾਰਡ ਨੰਬਰ 6 ਵਿੱਚ ਚੱਲ ਰਹੀ ਆਮ ਆਦਮੀ ਕਲੀਨਿਕ ਦੇ ਡਾਕਟਰਾਂ ਅਤੇ ਸਟਾਫ ਦੀ ਸ਼ਾਨਦਾਰ ਕਾਰਗੁਜ਼ਾਰੀ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਬਿਹਤਰੀਨ ਸਿਹਤ ਸੇਵਾਵਾਂ ਨੂੰ ਦੇਖਦਿਆਂ ਸਨਮਾਨ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਮੈਂਬਰਾਂ ਵੱਲੋਂ ਡਾ. ਰਿਮਸ਼ਾ ਫਾਰੂਕੀ (ਮੈਡੀਕਲ ਅਫ਼ਸਰ), ਨਿਤਿਸ਼ ਜਿੰਦਲ (ਫਾਰਮੇਸੀ ਅਫ਼ਸਰ), ਅਮਨਦੀਪ ਕੌਰ (ਕਲੀਨਿਕਲ ਅਸਿਸਟੈਂਟ) ਅਤੇ ਮੀਨਾਕਸ਼ੀ (ਸਫਾਈ ਸੇਵਿਕਾ) ਨੂੰ ਸਨਮਾਨਿਤ ਕੀਤਾ ਗਿਆ। ਸੋਸਾਇਟੀ ਮੈਂਬਰਾਂ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਦਾ ਫਾਇਦਾ ਵਾਰਡ ਨੰਬਰ 6,5,4 ਤੋਂ ਇਲਾਵਾ ਹੋਰ ਵੀ ਏਰੀਏ ਨੂੰ ਮਿਲ ਰਿਹਾ ਹੈ ਅਤੇ ਸਮੂਹ ਸਟਾਫ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਜਿਸ ਕਾਰਨ ਇਲਾਕੇ ਦੇ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਸੋਸਾਇਟੀ ਵੱਲੋਂ ਸਨਮਾਨਿਤ ਕੀਤੇ ਗਏ ਸਿਹਤ ਕਰਮਚਾਰੀਆਂ ਨੇ ਵੀ ਇਸ ਮਾਣ ਲਈ ਧੰਨਵਾਦ ਪ੍ਰਗਟ ਕਰਦਿਆਂ ਭਵਿੱਖ ਵਿੱਚ ਵੀ ਲੋਕਾਂ ਦੀ ਸੇਵਾ ਨੂੰ ਪੂਰੀ ਤਨਦੇਹੀ ਨਾਲ ਜਾਰੀ ਰੱਖਣ ਦਾ ਭਰੋਸਾ ਦਿੱਤਾ। ਇਸ ਮੌਕੇ ਸੋਸਾਇਟੀ ਦੇ ਅਮਿਤ ਜਿੰਦਲ, ਵਰੁਣ ਗਰਗ, ਵਿੱਕੀ ਕੁਮਾਰ, ਵਿਕਾਸ ਜਿੰਦਲ ਅਤੇ ਲੋਵੇਸ਼ ਗਰਗ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

# ਮੁਲਾਜ਼ਮਾਂ ਦੀਆਂ ਬਦਲੀਆਂ ਸਬੰਧੀ ਵਫ਼ਦ ਡਾਇਰੈਕਟਰ ਪ੍ਰਸੋਨਲ ਨੂੰ ਮਿਲਿਆ



**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 4 ਜੂਨ:**

ਬਿਜਲੀ ਮੁਲਾਜ਼ਮਾਂ ਦੀ ਪ੍ਰਮੱਖ ਜਥੇਬੰਦੀ ਇੰਪਲਈਜ਼ ਫੈਡਰੇਸ਼ਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਚਾਹਲ ਦਾ ਸੁਬਾਈ ਵਫਦ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਪੂਰਨ ਸਿੰਘ ਖਾਈ ਲਹਿਰਾ ਦੀ ਪ੍ਰਧਾਨਗੀ ਹੇਠ ਬਿਜਲੀ ਨਿਗਮ ਦੇ ਨਵੇ ਜੁਆਇਨ ਕੀਤੇ ਡਾਇਰੈਕਟਰ ਪ੍ਰਸੋਨਲ ਇੰਜ:ਬਲਰਾਜ ਸਿੰਘ ਨੂੰ ਮਿਲਆਂ ਅਤੇ ਉਨਾਂ ਨੂੰ ਨਵਾਂ ਅਹੁਦਾ ਸੰਭਾਲਣ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਡਾਇਰੈਕਟਰ ਪ੍ਰਸੋਨਲ ਨੂੰ ਤੋ ਮੰਗ ਕੀਤੀ ਕਿ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਅੰਗਹੀਣ ਤੇ ਤਰਸ ਦੇ ਅਧਾਰ ਤੇ ਭਰਤੀ ਹੋਏ ਅਤੇ ਹੋਰ ਲੋੜਵੰਦ ਮੁਲਾਜਮਾਂ ਦੀਆਂ ਬਦਲੀਆਂ ਕੀਤੀਆਂ ਜਾਣ।ਸਾਰੇ ਵਰਗਾਂ ਦੇ ਮੁਲਾਜਮਾਂ ਦੀਆਂ ਤਰੱਕੀ ਵਾਲੀਆਂ ਅਸਾਮੀਆਂ ਭਰੀਆਂ ਜਾਣ। ਇੰਜ: ਬਲਰਾਜ ਸਿੰਘ ਨੇ ਕਿਹਾ, ਕਿ ਉਹ ਮੁਲਾਜਮਾਂ ਦੀਆਂ ਮੁਸਕਲਾਂ ਅਤੇ ਮੰਗਾਂ ਵੱਲ ਵਿਸੇਸ਼ ਧਿਆਨ ਦੇਣਗੇ।ਉਨਾਂ ਮੁਲਾਜਮਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਪੰਜਾਬ ਦੇ ਖਪਤਕਾਰਾਂ ਦੀ ਵੱਧ ਤੋ ਵੱਧ ਸੇਵਾ ਕਰਨ। ਵਫਦ ਵਿੱਚ ਹੋਰਨਾਂ ਤੋ ਇਲਾਵਾ ਜਥੇਬੰਦੀ ਦੇ ਸੁਬਾਈ ਆਗੂ ਮਨਜੀਤ ਸਿੰਘ ਚਾਹਲ, ਹਰਵਿੰਦਰ ਸਿੰਘ ਚੱਠਾ, ਰਾਜਿੰਦਰ ਸਿੰਘ ਨਿੰਮਾ, ਰਾਮਚੰਦਰ ਸਿੰਘ ਖਾਈ ਲਹਿਰਾ, ਗੁਰਦੀਪ ਸਿੰਘ ,ਜਗਜੀਤ ਸਿੰਘ ਮੱਤੀ,ਰਿਸ਼ੂ ਅਰੋੜਾ, ਪ੍ਰਿਤਪਾਲ ਸਿੰਘ ਲਾਡੀ, ਗੁਰਬਖਸੀਸ਼ ਸਿੰਘ ਆਦਿ ਹਾਜਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਲੌਂਗੋਵਾਲ ਵਿਖੇ ਵਿਸ਼ਾਲ ਸੂਬਾਈ ਕਨਵੈਨਸ਼ਨ ਆਯੋਜਿਤ



**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ,4 ਜੂਨ:**

ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਕਸਬਾ ਲੌਂਗੋਵਾਲ ਵਿਖੇ ਵਿਸ਼ਾਲ ਸੂਬਾਈ ਕਨਵੈਨਸ਼ਨ ਸੂਬਾਈ ਆਗੂ ਦਿਲਬਾਗ ਸਿੰਘ ਹਰੀਗੜ ਦੀ ਅਗਵਾਈ ਹੇਠ ਕੀਤੀ ਗਈ ।ਇਸ ਵਿੱਚ ਸੈਂਕੜੇ ਸਰਗਰਮ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਬੀਬੀਆਂ ਨੇ ਸ਼ਮੂਲੀਅਤ ਕੀਤੀ ।ਕਿਸਾਨਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਤੇ ਮਨਜੀਤ ਸਿੰਘ ਨਿਆਲ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਹਿੱਤ ਪੂਰਨ ਲਈ ਪੰਜਾਬ ਦੇ ਸਮੁੱਚੇ ਲੋਕਾਂ ਨਾਲ ਗਦਾਰੀ ਕਰ ਰਹੀਆਂ ਹਨ ।ਜਨਤਕ ਖੇਤਰ ਦੇ ਸਾਰੇ ਅਦਾਰੇ ਤੇ ਖੇਤੀਬਾੜੀ ਸੈਕਟਰ ਦੇ ਬੂਹੇ ਦੇਸੀ ਤੇ ਵਿਦੇਸ਼ੀ ਬਹੁ ਕੌਮੀ ਕੰਪਨੀਆਂ ਲਈ ਲਗਾਤਾਰ ਖੋਲ੍ਹੇ ਜਾ ਰਹੇ ਹਨ ।ਜਿਸ ਤਹਿਤ ਭਾਰਤ ਅਮਰੀਕਾ ਟਰੇਡ ਡੀਲ,ਬਿਜਲੀ ਬਿੱਲ 2025,ਬੀਜ ਐਕਟ 2025, ਆਦਿ ਨੂੰ ਲਾਗੂ ਕਰਨਾਂ ਤੇ ਐਮ ਐਸ ਪੀ ਦੀ ਖਰੀਦ ਲਈ ਗਰੰਟੀ ਕਾਨੂੰਨ ਬਣਾਉਣ ਤੋ ਭੱਜਣਾਂ , ਸਰਕਾਰੀ ਖ਼ਰੀਦ ਦੇ ਮਾਪਦੰਡਾਂ ਨੂੰ ਹੋਰ ਸਖ਼ਤ ਕਰਨਾ ਤੇ ਕਿਸਾਨਾਂ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਖ਼ਤਮ ਕਰਨ ਵਾਲੇ ਵਾਅਦੇ ਤੋਂ ਭੱਜਣਾ ਸਾਬਤ ਕਰਦਾ ਹੈ ਕਿ ਦੋਵੇਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਭੁਗਤ ਰਹੀਆਂ ਹਨ । ਸੂਬਾਈ ਆਗੂ ਲਖਵੀਰ ਸਿੰਘ ਦੌਧਰ,ਗੁਰਮੇਲ ਸਿੰਘ ਮਹੌਲੀ,ਕਰਨੈਲ ਸਿੰਘ ਲੰਗ,ਗੁਰਦੇਵ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਪੰਜਾਬ ਅੰਦਰ ਡੀ ਏ ਪੀ ਯੂਰੀਆ ਖਾਦ ਸਮੇਤ ਵੱਖ-ਵੱਖ ਖੇਤੀ ਸਮੱਗਰੀ ਦੀ ਭਾਰੀ ਕਿੱਲਤ ਹੈ । ਜਿਸ ਕਾਰਨ ਕਿਸਾਨਾਂ ਨੂੰ ਭਾਰੀ ਮੁਸ਼ਕਿਲਾਂ ਝੱਲਣੀਆਂ ਪੈ ਰਹੀਆਂ ਹਨ ।ਪਰ ਪੰਜਾਬ ਦੇ ਮੁੱਖ ਮੰਤਰੀ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਭੱਜ ਰਹੇ ਹਨ ।ਜਿਸ ਕਾਰਨ ਆਏ ਦਿਨ ਪੁਲਿਸ ਜਬਰ ਕਰਕੇ ਕਿਸਾਨਾਂ ਦੀ ਅਵਾਜ਼ ਬੰਦ ਕਰ ਰਹੀ ਹੈ । ਕਿਸਾਨ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੁਲਿਸ ਜਬਰ ਦਾ ਸ਼ਾਂਤਮਈ ਢੰਗ ਨਾਲ ਟਾਕਰਾ ਕੀਤਾ ਜਾਵੇਗਾ । ਔਰਤ ਵਿੰਗ ਦੀ ਸੂਬਾਈ ਆਗੂ ਭੈਣ ਬਲਜੀਤ ਕੌਰ ਕਿਲਾਭਰੀਆਂ,ਗੁਰਪ੍ਰੀਤ ਕੌਰ ਬਰਾਸ ਤੇ ਦਵਿੰਦਰ ਕੌਰ ਹਰਦਾਸਪੁਰ ਨੇ ਵੀ ਕਿਸਾਨਾਂ ਦੀ ਵਿਸ਼ਾਲ ਕੰਨਵੈਨਸਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਹਲਕਾ ਵਿਧਾਇਕ,ਮੰਤਰੀਆਂ ਤੇ ਮੁੱਖ ਮੰਤਰੀ ਨੂੰ ਸਵਾਲ ਕਰਨ ਦੇ ਨਾਲ ਨਾਲ ਕਿਸਾਨ ਪੱਖੀ ਅਤੇ ਸਰਕਾਰ ਵਿਰੋਧੀ ਵੱਡੇ ਵੱਡੇ ਫਲੈਕਸ ਪੰਜਾਬ ਦੇ ਸਾਰੇ ਪਿੰਡਾਂ ਵਿੱਚ ਲਗਾਏ ਜਾਣਗੇ ।ਕਿਸਾਨ ਆਗੂਆਂ ਨੇ ਕਿਹਾ ਕਿ ਕੇ ਐਮ ਐਮ ਦੇ ਸੱਦੇ ਉੱਤੇ 8 ਜੂਨ ਨੂੰ ਜ਼ਿਲ੍ਹੇ ਪੱਧਰੇ ਵੱਡੇ ਇਕੱਠ ਕਰਕੇ ਕੇਂਦਰ ਅਤੇ ਸੂਬਾ ਸਰਕਾਰ ਦੇ ਵੱਡ ਅਕਾਰੀ ਪੁਤਲੇ ਸਾਰੇ ਪੰਜਾਬ ਵਿੱਚ ਫੂਕੇ ਜਾਣਗੇ ।ਕਿਸਾਨ ਆਗੂਆਂ ਨੇ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੇ ਐਸ ਐਸ ਪੀ ਨੇ ਕਿਹਾ ਸੀ ਕਿ ਕਿਸਾਨਾਂ ਕੋਲੋਂ ਫੋਨ ਖੋਹ ਕੇ ਡਾਟਾ ਡਲੀਟ ਕਰਨ ਤੇ ਬਦਤਮੀਜ਼ੀ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ,ਪਰ ਅੱਜ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ ਜਿਸ ਦੇ ਰੋਸ ਵੱਜੋਂ ਕੇਐਮਐਮ ਨਾਲ ਮੀਟਿੰਗ ਤੋਂ ਬਾਅਦ 8 ਜੂਨ ਨੂੰ ਐਸ਼ ਐਸ ਪੀ ਦਫ਼ਤਰ ਸੰਗਰੂਰ ਅੱਗੇ ਰੋਸ ਧਰਨਾ ਦਿੱਤਾ ਜਾਵੇਗਾ ਤੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ । ਕਿਸਾਨ ਆਗੂਆਂ ਨੇ ਕਿਸਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਸੰਭੂ,ਖਨੌਰੀ ਮੋਰਚੇ ਦੇ ਨੁਕਸਾਨ ਦੀ ਭਰਪਾਈ ਕਰਾਉਣ ਲਈ ਕਿਸਾਨਾਂ ਦੀਆਂ ਅਧੂਰੀਆਂ ਮੰਗਾਂ ਨੂੰ ਪੂਰਾ ਕਰਾਉਣ ਲਈ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਤੇਜ਼ ਕਰਨ ਲਈ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਹੈ । ਅੱਜ ਦੀ ਕਨਵੈਨਸ਼ਨ ਵਿੱਚ ਜ਼ਿਲ੍ਹਾ ਆਗੂ ਕੁਲਵਿੰਦਰ ਸਿੰਘ ਸੋਨੀ ਲੌਂਗੋਵਾਲ,ਰਾਜ ਸਿੰਘ ਥੇੜੀ,ਸੁਖਦੇਵ ਸ਼ਰਮਾਂ ਭੁਟਾਲ, ਸੰਤਰਾਮ ਛਾਜਲੀ, ਜਸਵੀਰ ਸਿੰਘ ਮੈਦੇਵਾਸ,ਹਰਦੇਵ ਸਿੰਘ ਕੁਲਾਰ,ਜਗਰਾਜ ਸਿੰਘ ਦੱਧਾਹੂਰ,ਸ਼ੇਰ ਸਿੰਘ ਮਹੌਲੀ, ਬਲਜਿੰਦਰ ਸਿੰਘ ਲੌਂਗੋਵਾਲ,ਮਨਜੀਤ ਸਿੰਘ ਧਾਲੀਵਾਲ,ਤਪਿੰਦਰ ਸਿੰਘ ਲੁਧਿਆਣਾ, ਜਗਦੇਵ ਸਿੰਘ ਭੈਣੀਬਾਘਾ,ਆਦਿ ਹਾਜ਼ਰ ਸਨ।

# ਅੱਤ ਦੀ ਗਰਮੀ ਵਿੱਚ ਨਾਗਪਾਲ ਪਰਿਵਾਰ ਵਲੋ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ




**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 4 ਜੂਨ :**

ਅੱਤ ਦੀ ਗਰਮੀ ਨੂੰ ਦੇਖਦੇ ਹੋਏ ਨਾਗਪਾਲ ਪਰਿਵਾਰ ਵਲੋ ਨਾਗਪਾਲ ਡਿਪਾਰਟਮੈਂਟ ਸਟੋਰ ਦੇ ਬਾਹਰ ਰਾਹਗੀਰਾਂ ਅਤੇ ਆਮ ਲੋਕਾਂ ਦੀ ਸੇਵਾ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਛਬੀਲ ਦਾ ਪ੍ਰਸਾਦ ਗ੍ਰਹਿਣ ਕੀਤਾ ਅਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਕਰਨ ਨਾਗਪਾਲ ਨੇ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਪਿਆਸੇ ਲੋਕਾਂ ਨੂੰ ਠੰਡਾ ਅਤੇ ਮਿੱਠਾ ਜਲ ਪਿਲਾਉਣਾ ਇੱਕ ਵੱਡੀ ਮਨੁੱਖਤਾ ਦੀ ਸੇਵਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਜ ਸੇਵੀ ਕਾਰਜ ਅੱਗੇ ਵੀ ਜਾਰੀ ਰਹਿਣਗੇ।ਇਸ ਮੌਕੇ ਰੀਨਾ ਨਾਗਪਾਲ, ਧਾਨਵੀ ਨਾਗਪਾਲ, ਮਯੰਕ ਨਾਗਪਾਲ, ਲਖਵਿੰਦਰ ਸਿੰਘ, ਸਿਮਰਨ, ਅਗਮਜੋਤ ਸਿੰਘ, ਹਨੀ ਸਿੰਘ, ਕੁਲਦੀਪ ਕੁਮਾਰ, ਰੀਆ, ਮੋਹਿਤ, ਰੋਜ਼ੀ ਰਾਣੀ, ਦੀਪਾ ਰਾਣੀ, ਲਵਲੀਨ ਕੌਰ, ਭਾਵਿਕਾ, ਸਮਰ, ਅਮਨ ਰੰਧਾਵਾ, ਅਮਨਜੋਤ ਸਿੰਘ, ਚਾਂਦਨੀ ਅਤੇ ਬੌਬੀ ਸਮੇਤ ਹੋਰ ਸੇਵਾਦਾਰ ਹਾਜ਼ਰ ਸਨ ਅਤੇ ਉਨ੍ਹਾਂ ਨੇ ਛਬੀਲ ਦੀ ਸੇਵਾ ਨਿਭਾਈ।ਆਉਣ-ਜਾਣ ਵਾਲੇ ਲੋਕਾਂ ਨੇ ਨਾਗਪਾਲ ਡਿਪਾਰਟਮੈਂਟ ਸਟੋਰ ਅਤੇ ਕਰਨ ਨਾਗਪਾਲ ਵੱਲੋਂ ਕੀਤੇ ਗਏ ਇਸ ਲੋਕ ਭਲਾਈ ਦੇ ਕਾਰਜ ਦੀ ਸ਼ਲਾਘਾ ਕੀਤੀ।

# ਭਾਜਪਾ ਨੂੰ ਹਲਕਾ ਘਨੌਰ ਤੋਂ ਵੱਡਾ ਸਿਆਸੀ ਹੁਲਾਰਾ, ਕਈ ਪ੍ਰਮੁੱਖ ਆਗੂ ਤੇ ਵਰਕਰ ਪਾਰਟੀ ਵਿੱਚ ਸ਼ਾਮਲ

## ਭਾਜਪਾ ਦਾ ਪਰਿਵਾਰ ਹੋਇਆ ਹੋਰ ਵਿਸ਼ਾਲ : ਜਸਪਾਲ ਗੰਗਰੋਲੀ



**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 4 ਜੂਨ :**

ਭਾਰਤੀ ਜਨਤਾ ਪਾਰਟੀ ਨੂੰ ਜ਼ਿਲ੍ਹਾ ਪਟਿਆਲਾ ਦੇ ਹਲਕਾ ਘਨੌਰ ਤੋਂ ਉਸ ਸਮੇਂ ਵੱਡਾ ਸਿਆਸੀ ਹੁਲਾਰਾ ਮਿਲਿਆ ਜਦੋਂ ਵੱਖ-ਵੱਖ ਪਿੰਡਾਂ ਅਤੇ ਸਮਾਜਿਕ ਖੇਤਰਾਂ ਨਾਲ ਸੰਬੰਧਤ ਕਈ ਪ੍ਰਮੁੱਖ ਆਗੂਆਂ ਅਤੇ ਵਰਕਰਾਂ ਨੇ ਸਾਬਕਾ ਵਿਦੇਸ਼ ਰਾਜ ਮੰਤਰੀ ਮਹਾਰਾਣੀ ਪਰਨੀਤ ਕੌਰ ਦੀ ਅਗਵਾਈ ਹੇਠ ਭਾਜਪਾ ਦਾ ਪੱਲਾ ਫੜ ਲਿਆ। ਇਹ ਜੁਆਇਨਿੰਗ ਸਮਾਗਮ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਗੰਗਰੋਲੀ ਦੀ ਹਾਜ਼ਰੀ ਵਿੱਚ ਕਰਵਾਇਆ ਗਿਆ, ਜਿਨ੍ਹਾਂ ਵੱਲੋਂ ਨਵੇਂ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪਟਿਆਲਾ ਦਿਹਾਤੀ ਦੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ, ਪਿੰਡ ਸੰਧਾਰਸੀ, ਸਾਬਕਾ ਐੱਸ.ਡੀ.ਓ. ਵਾਟਰ ਸਪਲਾਈ ਦਰਸ਼ਨ ਸਿੰਘ ਵਾਲੂ, ਪਿੰਡ ਸਨੌਲੀਆਂ, ਹਰੀਸ਼ ਕੁਮਾਰ, ਸੰਦੀਪ ਕੁਮਾਰ, ਦਕਸ਼ ਸ਼ਰਮਾ, ਮਨੀਸ਼ ਕੁਮਾਰ, ਗੁਰਮੇਲ ਸਿੰਘ ਸੰਧਾਰਸੀ, ਸਿਵਰੂ ਸਿੰਘ ਸੰਧਾਰਸੀ ਅਤੇ ਸੋਨੀ ਨੰਨ੍ਹੇੜਾ ਸਮੇਤ ਕਈ ਹੋਰ ਆਗੂਆਂ ਅਤੇ ਸਮਰਥਕਾਂ ਨੇ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ, ਵਿਕਾਸ ਅਤੇ ਰਾਸ਼ਟਰਹਿਤ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਨਾਲ ਜੁੜੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਹੀ ਇੱਕ ਅਜਿਹੀ ਪਾਰਟੀ ਹੈ ਜੋ ਦੇਸ਼ ਦੇ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਦੀ ਰੱਖਿਆ ਕਰਦਿਆਂ ਵਿਕਾਸ ਨੂੰ ਪਹਿਲ ਦੇ ਰਹੀ ਹੈ ਅਤੇ ਇਸੇ ਕਾਰਨ ਦੇਸ਼ ਭਰ ਵਿੱਚ ਲੋਕਾਂ ਦਾ ਭਰੋਸਾ ਲਗਾਤਾਰ ਪਾਰਟੀ ਪ੍ਰਤੀ ਵਧ ਰਿਹਾ ਹੈ। ਇਸ ਮੌਕੇ ਮਹਾਰਾਣੀ ਪਰਨੀਤ ਕੌਰ ਨੇ ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਜਪਾ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸਮੁਖੀ ਸੋਚ ਕਾਰਨ ਹਰ ਵਰਗ ਦੇ ਲੋਕ ਪਾਰਟੀ ਨਾਲ ਜੁੜ ਰਹੇ ਹਨ ਅਤੇ ਪੰਜਾਬ ਵਿੱਚ ਵੀ ਭਾਜਪਾ ਦਾ ਆਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਿਅਕਤੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਂਦਾ ਹੈ ਅਤੇ ਉਸ ਦੀ ਯੋਗਤਾ ਅਨੁਸਾਰ ਜ਼ਿੰਮੇਵਾਰੀ ਸੌਂਪੀ ਜਾਂਦੀ ਹੈ। ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਗੰਗਰੋਲੀ ਨੇ ਕਿਹਾ ਕਿ ਹਲਕਾ ਘਨੌਰ ਵਿੱਚ ਭਾਜਪਾ ਨੂੰ ਮਿਲੀ ਇਹ ਵੱਡੀ ਜੁਆਇਨਿੰਗ ਪਾਰਟੀ ਲਈ ਨਵੀਂ ਤਾਕਤ ਸਾਬਤ ਹੋਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਸੰਗਠਨ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਵੱਖ-ਵੱਖ ਰਾਜਨੀਤਿਕ ਪਾਰਟੀਆਂ ਅਤੇ ਸਮਾਜਿਕ ਖੇਤਰਾਂ ਨਾਲ ਜੁੜੇ ਲੋਕਾਂ ਦਾ ਭਾਜਪਾ ਵੱਲ ਰੁਝਾਨ ਇਸ ਗੱਲ ਦਾ ਸਬੂਤ ਹੈ ਕਿ ਲੋਕ ਕੇਂਦਰ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਸੰਤੁਸ਼ਟ ਹਨ। ਸਮਾਗਮ ਦੌਰਾਨ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਨਵੇਂ ਮੈਂਬਰਾਂ ਨੇ ਭਾਜਪਾ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਵਿਸ਼ਵਾਸ ਦਿਵਾਇਆ।ਸਰਦਾਰ ਅਵਤਾਰ ਸਿੰਘ ਜੰਡ ਮਗੌਲੀ ਜ਼ਿਲਾ ਮੀਤ ਪ੍ਰਧਾਨ ਭਾਰਤੀ ਜਨਤਾ ਪਾਰਟੀ ਸ੍ਰ ਤੇਜਿੰਦਰ ਸਿੰਘ ਰਾਏਪੁਰ ਜ਼ਿਲਾ ਪ੍ਰਧਾਨ ਕਿਸਾਨ ਮੋਰਚਾ ਭਾਰਤੀ ਜਨਤਾ ਪਾਰਟੀ ਪਟਿਆਲਾ ਸਰਦਾਰ ਹੀਰਾ ਸਿੰਘ ਸਾਬਕਾ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਹਾਸ਼ਮਪੁਰ ਸਰਦਾਰ ਜਸਵੰਤ ਸਿੰਘ ਨੰਬਰਦਾਰ ਹਾਸ਼ਮਪੁਰ ਕੁਲਵਿੰਦਰ ਸਿੰਘ ਹਾਸਮਪੁਰ ਰਾਹੁਲ ਸ਼ਰਮਾ ਘਨੌਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ।

# ਭਾਰਤ ਵਿਕਾਸ ਪਰੀਸ਼ਦ ਪੰਜਾਬ ਸਾਊਥ ਦੇ ਪ੍ਰਧਾਨ ਤੇ ਰੀਜ਼ਨ ਆਰਗੇਨਾਈਜਿੰਗ ਸਕੱਤਰ ਪਹੁੰਚੇ ਫਰੀਦਕੋਟ ਵਿਖੇ



**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 4 ਜੂਨ :**
============

ਭਾਰਤ ਵਿਕਾਸ ਪਰਿਸ਼ਦ ਫਰੀਦਕੋਟ ਦੇ ਪੰਜਾਬ ਸਾਊਥ ਦੇ ਪ੍ਰਧਾਨ ਮਨੋਜ ਕੁਮਾਰ ਮੌਂਗਾ ਅਤੇ ਰੀਜਨ ਦੇ ਆਰਗੇਨਾਈਜਿੰਗ ਸਕੱਤਰ ਸੁਨੀਲ ਜੈਨ ਜੀ, ਪਰੀਸ਼ਦ ਦੀਆਂ ਨਵੀਆਂ ਦਿਸ਼ਾ ਨਿਰਦੇਸ਼ ਦੱਸਣ ਲਈ ਪਹੁੰਚੇ, ਪੰਜਾਬ ਸਾਊਥ ਦੇ ਜਿਲਾ ਪ੍ਰੈਜੀਡੈਂਟ ਅਤੇ ਬ੍ਰਾਂਚ ਫਰੀਦਕੋਟ ਦੇ ਕਨਵੀਨਰ ਸਰੇਸ਼ ਕੁਮਾਰ ਗੋਇਲ ਦੇ ਗ੍ਰਹਿ ਵਿਖੇ।ਉਨਾਂ ਦੀ ਆਮਦ ਤੋਂ ਪਹਿਲਾਂ ਫਰੀਦਕੋਟ ਬਰਾਂਚ ਦੇ ਅਹੁਦੇਦਾਰ ਆਲ ਪ੍ਰੋਜੈਕਟ ਆਰਗੇਨਾਈਜਰ ਚੇਅਰਮੈਨ ਐਡਵੋਕੇਟ ਰਾਜ ਕੁਮਾਰ ਗੁਪਤਾ, ਸਕੱਤਰ ਦਰਸ਼ਨ ਲਾਲ ਚੁੱਘ, ਕੈਸ਼ੀਅਰ ਧੀਰਜ ਪਾਲ ਸਿੰਘ, ਦਿਨੇਸ਼ ਮਖੀਜਾ ਕੋ- ਕੈਸ਼ੀਅਰ, ਪ੍ਰਿੰਸੀਪਲ ਵਿਨੋਦ ਕੁਮਾਰ ਸਿੰਗਲਾ ਕਨਵੀਨਰ ,ਮੀਤ ਪ੍ਰਧਾਨ ਐਡਵੋਕੇਟ ਗੋਪਾਲ ਕ੍ਰਿਸ਼ਨ ਗੋਲਡੀ, ਸੀਨੀਅਰ ਮੈਂਬਰ ਪ੍ਰੋਫੈਸਰ ਐਨ ਕੇ ਗੁਪਤਾ ਅਸ਼ੋਕ ਕੁਮਾਰ ਅਰੋੜਾ ਉਹਨਾਂ ਦੇ ਵਿਚਾਰ ਸੁਣਨ ਲਈ ਹਾਜ਼ਰ ਸਨ। ਐਡਵੋਕੇਟ ਰਾਜ ਕੁਮਾਰ ਗੁਪਤਾ ਵੱਲੋਂ ਆਏ ਅਹੁਦੇਦਾਰਾਂ ਨੂੰ ਜੀ ਆਇਆ ਕਹਿੰਦਿਆਂ ਹੋਇਆ ਹਾਜਰ ਪਰਿਸ਼ਦ ਮੈਂਬਰਾਂ ਦੀ ਜਾਨ ਪਹਿਚਾਣ ਕਰਵਾਈ। ਪੰਜਾਬ ਸਾਊਥ ਪ੍ਰਧਾਨ ਮਨੋਜ ਕੁਮਾਰ ਮੌਂਗਾ ਜੀ ਨੇ ਦੱਸਿਆ, ਕਿ ਇਸ ਸਾਲ ਕੇਂਦਰ ਅਤੇ ਪੰਜਾਬ ਵੱਲੋਂ ਜੋ ਪ੍ਰੋਜੈਕਟ ਜਿਵੇਂ ਗੁਰੂ ਤੇਗ ਬਹਾਦਰ ਸ਼ਹੀਦੀ ਦਿਵਸ, ਭਾਰਤ ਕੋ ਜਾਨੋ ਮੁਕਾਬਲਾ, ਰਾਸ਼ਟਰੀ ਸਮੂਹ ਗਾਣ ਪ੍ਰਤੀ ਯੋਗਤਾ, ਗੁਰੂ ਵੰਦਨ ਛਾਤਰ ਅਭਿਨੰਦਨ ਦੇ ਜੋ ਪ੍ਰੋਜੈਕਟ ਕੀਤੇ ਜਾਣੇ ਹਨ, ਉਹਨਾਂ ਵਿੱਚ ਨਵੀਨਤਾ ਲਿਆਉਂਦਿਆਂ ਹੋਇਆ ਬੱਚਿਆਂ ਨੂੰ ਪਰਿਸ਼ਦ ਦੇ ਉਦੇਸ਼ ਸੰਪਰਕ, ਸਹਿਯੋਗ, ਸੰਸਕਾਰ ,ਸੇਵਾ ਅਤੇ ਸਮਰਪਣ ਦੇ ਬਾਰੇ ਵਿਸਥਾਰ ਸਹਿਤ ਦਸਿਆ ਜਾਵੇ ਅਤੇ ਲੇਡੀਜ ਮੈਂਬਰਾਂ ਦੀ ਸ਼ਾਮੂਲੀਅਤ ਕਰਦਿਆਂ ਹੋਇਆਂ ਉਹਨਾਂ ਨੂੰ ਅਲੱਗ ਸੇਵਾ ਦੇ ਪ੍ਰੋਜੈਕਟ ਕਰਨ ਦੀ ਪ੍ਰੇਰਨਾ ਵੀ ਦਿੱਤੀ। ਰੀਜਨ ਆਰਗਨਾਈਜਿੰਗ ਸਕੱਤਰ ਸੁਨੀਲ ਜੈਨ ਜੀ ਨੇ ਦੱਸਿਆ ਕਿ ਕੇਂਦਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਰੇ ਪ੍ਰੋਜੈਕਟਾਂ ਨੂੰ ਗਤੀਵਿਧੀਆਂ ਦਾ ਨਾਮ ਦਿੱਤਾ ਗਿਆ ਹੈ ਤੇ ਗਤੀਵਿਧੀ ਕਰਕੇ ਬੈਠਣ ਦੀ ਬਜਾਏ ਸਕੂਲਾਂ ਵਿੱਚ ਤੇ ਸ਼ਹਿਰ ਵਿੱਚ ਵੱਖ ਵੱਖ ਥਾਵਾਂ ਤੇ ਇਹਨਾਂ ਦਾ ਪ੍ਰਚਾਰ ਕਰਕੇ ਲੋਕਾਂ ਨੂੰ ਭਾਰਤ ਵਿਕਾਸ ਪ੍ਰੀਸ਼ਦ ਨਾਲ ਜੋੜਿਆ ਜਾਵੇ। ਬਰਾਂਚ ਸਕੱਤਰ ਦਰਸ਼ਨ ਲਾਲ ਚੁੱਘ ਵੱਲੋਂ ਵਿਸ਼ਵਾਸ ਦਵਾਇਆ ਕਿ ਜੋ ਜੋ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ, ਬਰਾਂਚ ਉਹਨਾਂ ਦੀ ਪਾਲਣਾ ਕਰਦਿਆਂ ਹੋਇਆਂ ਉਸ ਮੁਤਾਬਕ ਹੀ ਕੰਮ ਕਰੇਗੀ।ਜਿਲਾ ਪ੍ਰੈਜੀਡੈਂਟ ਸੁਰੇਸ਼ ਕੁਮਾਰ ਗੋਇਲ ਵੱਲੋਂ, ਪੰਜਾਬ ਅਤੇ ਰੀਜਨ ਦੇ ਅਹੁਦੇਦਾਰਾਂ ਦਾ ਫਰੀਦਕੋਟ ਪਹੁੰਚਣ ਅਤੇ ਦਿਸ਼ਾ ਨਿਰਦੇਸ਼ ਦੇਣ ਤੇ ਉਹਨਾਂ ਦਾ ਧੰਨਵਾਦ ਕਰਦਿਆਂ ਹੋਇਆ, ਤੁਲਸੀ ਦੇ ਬੂਟੇ ਦੇ ਕੇ ਸਨਮਾਨ ਕੀਤਾ ਗਿਆ।

# ਨੈਸ਼ਨਲ ਯੂਥ ਵੈਲਫੇਅਰ ਕਲੱਬ ਮੈਂਬਰਾਂ ਨੇ ਡਾ.ਪ੍ਰੱਗਿਆ ਜੈਨ ਦੇ ਸਨਮਾਨ ਵਿਚ ਕੀਤੇ ਵਿਦਾਇਗੀ ਸਮਾਰੋਹ ਵਿੱਚ ਸ਼ਿਰਕਤ ਕੀਤੀ




**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 4 ਜੂਨ :**
============

ਬੀਤੇ ਦਿਨੀ ਸਥਾਨਕ ਆਫੀਸਰ ਕਲੱਬ ਫਰੀਦਕੋਟ ਵਿਖੇ ਇੱਕ ਪ੍ਰਭਾਵਸ਼ਾਲੀ ਵਿਦਾਇਗੀ ਸਮਾਰੋਹ ਫਰੀਦਕੋਟ ਦੀਆਂ ਸਮੂਹ ਐਨ.ਜੀ.ਓਜ ਵੱਲੋ ਡਾ.ਪ੍ਰੱਗਿਆ ਜੈਨ ਆਈ.ਪੀ.ਐਸ (ਸੀਨੀਅਰ ਪੁਲਸ ਕਪਤਾਨ ਫਰੀਦਕੋਟ) ਦੀ ਸ਼ਾਨ ਵਿੱਚ ਉਹਨਾਂ ਦੀ ਬਦਲੀ/ਤਰੱਕੀ ਤੇ ਫਰੀਦਕੋਟ ਤੋ ਏ.ਆਈ.ਜੀ ਲਾਅ ਐਂਡ ਆਰਡਰ ਪੰਜਾਬ ਚੰਡੀਗੜ੍ਹ ਵਿਖੇ ਨਿਯੁਕਤੀ ਹੋਣ ਤੇ ਰੱਖਿਆ ਗਿਆ ਸੀ। ਇਸ ਮੌਕੇ ਫਰੀਦਕੋਟ ਸ਼ਹਿਰ ਦੀਆਂ ਸਮੂਹ ਐਨ.ਜੀ.ਓਜ ਨੇ ਇੱਕਤਰ ਹੋ ਕੇ ਉਹਨਾਂ ਨੂੰ ਨਿੱਘੀ ਸਨਮਾਨਪੂਰਵਕ ਤੇ ਭਾਵੁਕ ਵਿਦਾਇਗੀ ਦਿੱਤੀ ਗਈ। ਇਸ ਮੌਕੇ ਤੇ ਨੈਸ਼ਨਲ ਯੂਥ ਵੈਲਫੇਅਰ ਕਲੱਬ ਫਰੀਦਕੋਟ ਦੇ ਸਮੂਹ ਮੈਂਬਰਾਂ ਨੇ ਕਲੱਬ ਪ੍ਰਧਾਨ ਗੁਰਚਰਨ ਧਾਲੀਵਾਲ ਦੀ ਯੋਗ ਅਗਵਾਈ ਵਿੱਚ ਸ਼ਿਰਕਤ ਕੀਤੀ ਤੇ ਡਾ.ਪ੍ਰੱਗਿਆ ਜੈਨ ਜੀ ਨੂੰ ਸਿਰੋਪਾਓ ਭੇਟ ਕਰਕੇ ਉਹਨਾਂ ਨੂੰ ਸਨਮਾਨਿਤ ਕੀਤਾ । ਇਸ ਸਮਾਰੋਹ ਵਿੱਚ ਵਿਸ਼ੇਸ਼ ਤੋਰ ਤੇ ਡਾ.ਪ੍ਰੱਗਿਆ ਜੈਨ ਜੀ ਦੇ ਮਾਤਾ ਜੀ ਵੀ ਮੌਜੂਦ ਸਨ ਕਲੱਬ ਵੱਲੋ ਉਹਨਾਂ ਨੂੰ ਵੀ ਸਿਰੋਪਾਓ ਭੇਟ ਕਰਕੇ ਉਹਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਨੈਸ਼ਨਲ ਯੂਥ ਵੈਲਫੇਅਰ ਕਲੱਬ ਫਰੀਦਕੋਟ ਦੇ ਜਿੰਨਾ ਮੈਂਬਰਾਂ ਨੇ ਸ਼ਿਰਕਤ ਕੀਤੀ ਉਹਨਾਂ ਵਿੱਚ ਇੰਜ: ਬਲਤੇਜ ਸਿੰਘ ਤੇਜੀ ਜੌੜਾ, ਕੇ.ਪੀ.ਸਿੰਘ ਸਰਾਂ ਪੱਤਰ ਪ੍ਰੇਰਕ ਰੋਜ਼ਾਨਾ ਅਕਾਲੀ ਪੱਤ੍ਰਿਕਾ,ਨਾਇਬ ਸਿੰਘ ਪੁਰਬਾ, ਹਰਮਿੰਦਰ ਸਿੰਘ ਮਿੰਦਾ,ਜਸਬੀਰ ਮੰਚ ਸੰਚਾਲਨ ਜੱਸੀ,ਆਦਿ ਮੌਜੂਦ ਸਨ।

# ਐਸ.ਆਈ.ਆਰ ਸਬੰਧੀ ਰਿਵਾਇਜਡ ਸ਼ਡਿਊਲ ਰਾਜਨੀਤਿਕ ਪਾਰਟੀਆਂ ਨਾਲ ਸਾਂਝਾ, 7 ਜੂਨ ਨੂੰ 568 ਬੂਥਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ

**ਆਜ਼ਾਦ ਸੋਚ, ਅਸ਼ਵਨੀ ਭਗਤ, ਪਠਾਨਕੋਟ, 4 ਜੂਨ:**
============



ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਪੱਲਵੀ, ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਸਹਾਇਕ ਕਮਿਸ਼ਨਰ (ਜ) ਪਠਾਨਕੋਟ ਸ਼੍ਰੀ ਸੰਕਰ ਸ਼ਰਮਾ, ਪੀ.ਸੀ.ਐਸ. ਵੱਲੋਂ ਐਸ.ਆਈ.ਆਰ. (ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ) ਸਬੰਧੀ ਸਮੂਹ ਰਾਜਨੀਤਿਕ ਪਾਰਟੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਜਾਰੀ ਅਤੇ ਮੁੱਖ ਚੋਣ ਅਫ਼ਸਰ ਪੰਜਾਬ, ਚੰਡੀਗੜ੍ਹ ਪਾਸੋਂ ਪ੍ਰਾਪਤ ਹੋਏ ਰਿਵਾਇਜਡ ਸ਼ਡਿਊਲ ਨੂੰ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਸਾਂਝਾ ਕੀਤਾ ਗਿਆ। ਮੀਟਿੰਗ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਸ਼ਾਮਿਲ ਹੋਏ, ਜਿਨ੍ਹਾਂ ਨੂੰ ਐਸ.ਆਈ.ਆਰ. ਦੀ ਪ੍ਰਕਿਰਿਆ ਅਤੇ ਰਿਵਾਇਜਡ ਸ਼ਡਿਊਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ 7 ਜੂਨ 2026 ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਜ਼ਿਲ੍ਹੇ ਦੇ ਤਿੰਨਾਂ ਵਿਧਾਨ ਸਭਾ ਚੋਣ ਹਲਕਿਆਂ ਦੇ 568 ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦੌਰਾਨ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਬੈਠ ਕੇ ਵੋਟਰਾਂ ਦੀ ਮੈਪਿੰਗ ਦਾ ਕੰਮ ਕਰਨਗੇ, ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਜ਼ਿਆਦਾ ਸਹੀ ਅਤੇ ਅਪਡੇਟ ਬਣਾਇਆ ਜਾ ਸਕੇ। ਇਸ ਮੌਕੇ ਸਹਾਇਕ ਕਮਿਸ਼ਨਰ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਵਿਧਾਨ ਸਭਾ ਚੋਣ ਹਲਕਿਆਂ ਅਨੁਸਾਰ ਬੂਥ ਲੈਵਲ ਏਜੰਟਾਂ (ਬੀ.ਐਲ.ਏ.) ਦੀਆਂ ਸੂਚੀਆਂ ਜਲਦ ਤੋਂ ਜਲਦ ਜ਼ਿਲ੍ਹਾ ਚੋਣ ਦਫ਼ਤਰ ਪਠਾਨਕੋਟ ਜਾਂ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਜਮ੍ਹਾ ਕਰਵਾਉਣ, ਤਾਂ ਜੋ ਵਿਸ਼ੇਸ਼ ਕੈਂਪਾਂ ਅਤੇ ਘਰ-ਘਰ ਸਰਵੇ ਦੌਰਾਨ ਬੀ.ਐਲ.ਓਜ਼ ਨੂੰ ਉਨ੍ਹਾਂ ਦਾ ਵੱਧ ਤੋਂ ਵੱਧ ਸਹਿਯੋਗ ਮਿਲੇ।

# ਪਠਾਨਕੋਟ ਦੀਆਂ 3 ਦੁਕਾਨਾਂ ਵਿੱਚ ਲੱਗੀ ਅੱਗ

## ਫਾਇਰ ਬ੍ਰਿਗੇਡ ਦੀਆਂ 6 ਗੱਡੀਆਂ ਪਹੁੰਚੀਆਂ, ਦੋ ਘੰਟਿਆਂ ਬਾਅਦ ਪਾਇਆ ਕਾਬੂ, ਲੱਕੜ, ਫਰਨੀਚਰ ਅਤੇ ਇਲੈਕਟ੍ਰਾਨਿਕ ਸਮਾਨ ਸੜ ਕੇ ਸੁਆਹ

**ਆਜ਼ਾਦ ਸੋਚ, ਅਸ਼ਵਨੀ ਭਗਤ, ਪਠਾਨਕੋਟ, 4 ਜੂਨ:**
============

ਪਠਾਨਕੋਟ ਦੇ ਸਰਨਾ ਇਲਾਕੇ ਵਿੱਚ ਅੱਜ ਸਵੇਰੇ ਤਿੰਨ ਦੁਕਾਨਾਂ ਵਿੱਚ ਅਚਾਨਕ ਅੱਗ ਲੱਗ ਗਈ। ਇਨ੍ਹਾਂ ਦੁਕਾਨਾਂ ਵਿੱਚ ਲੱਕੜ, ਫਰਨੀਚਰ ਅਤੇ ਇਲੈਕਟ੍ਰਾਨਿਕ ਸਮਾਨ ਭਰਿਆ ਹੋਇਆ ਸੀ, ਜੋ ਫਾਇਰ ਬ੍ਰਿਗੇਡ ਦੇ ਪਹੁੰਚਣ ਤੋਂ ਪਹਿਲਾਂ ਹੀ ਸੜ ਕੇ ਸੁਆਹ ਹੋ ਗਿਆ। ਇਹ ਘਟਨਾ ਸਵੇਰੇ ਕਰੀਬ 5 ਵਜੇ ਵਾਪਰੀ। ਅੱਗ ਕਾਰਨ ਦੁਕਾਨਦਾਰਾਂ ਨੂੰ ਲੱਖਾਂ ਰੁਪਏ ਦਾ ਨੁਕਸਾਨ ਝੱਲਣਾ ਪਿਆ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਛੇ ਗੱਡੀਆਂ ਦੀ ਮਦਦ ਨਾਲ ਕਰੀਬ ਦੋ ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਸਵੇਰੇ 7 ਵਜੇ ਅੱਗ 'ਤੇ ਕਾਬੂ ਪਾਇਆ ਗਿਆ। ਫਿਲਹਾਲ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ ਅਤੇ ਜਾਂਚ ਜਾਰੀ ਹੈ। ਪ੍ਰਸ਼ਾਸਨ ਤੋਂ ਆਰਥਿਕ ਸਹਾਇਤਾ ਦੀ ਮੰਗ-ਫਰਨੀਚਰ ਕਾਰੋਬਾਰੀ ਬਲਦੇਵ ਰਾਜ ਨੇ ਦੱਸਿਆ ਕਿ ਉਨ੍ਹਾਂ ਦੀ ਦੁਕਾਨ ਵਿੱਚ ਅਚਾਨਕ ਅੱਗ ਲੱਗ ਗਈ, ਜਿਸ ਕਾਰਨ ਦੁਕਾਨ ਵਿੱਚ ਪਿਆ ਕਰੀਬ 3 ਲੱਖ ਰੁਪਏ ਦਾ ਫਰਨੀਚਰ ਅਤੇ ਹੋਰ ਸਮਾਨ ਪੂਰੀ ਤਰ੍ਹਾਂ ਸੜ ਗਿਆ। ਉਨ੍ਹਾਂ ਨੂੰ ਸਵੇਰੇ ਸਾਡੇ ਚਾਰ ਤੋਂ ਪੰਜ ਵਜੇ ਦੇ ਵਿਚਕਾਰ ਇਸ ਘਟਨਾ ਦੀ ਜਾਣਕਾਰੀ ਮਿਲੀ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਆਰਥਿਕ ਸਹਾਇਤਾ ਦੇਣ ਦੀ ਮੰਗ ਕੀਤੀ ਹੈ। ਉੱਥੇ ਹੀ ਇਲੈਕਟ੍ਰਾਨਿਕ ਸਮਾਨ ਦੇ ਦੁਕਾਨਦਾਰ ਜੋਗਿੰਦਰ ਪਾਲ ਨੇ ਦੱਸਿਆ ਕਿ ਸਵੇਰੇ ਉਨ੍ਹਾਂ ਨੂੰ ਦੁਕਾਨ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ। ਇਸ ਹਾਦਸੇ ਵਿੱਚ ਉਨ੍ਹਾਂ ਦਾ ਕਰੀਬ ਢਾਈ ਤੋਂ ਤਿੰਨ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਨੇ ਵੀ ਸਰਕਾਰ ਅਤੇ ਪ੍ਰਸ਼ਾਸਨ ਕੋਲ



ਮਦਦ ਦੀ ਅਪੀਲ ਕੀਤੀ ਹੈ। ਗੁਆਂਢੀ ਨੇ ਫੋਨ ਕਰ ਦਿੱਤੀ ਜਾਣਕਾਰੀ-ਮਦਨ ਲਾਲ ਨੇ ਦੱਸਿਆ ਕਿ ਉਹ ਹਾਰਡਵੇਅਰ ਅਤੇ ਭੱਠੇ ਨਾਲ ਸੰਬੰਧਿਤ ਲੱਕੜ ਦੇ ਕਾਰੋਬਾਰ ਨਾਲ ਜੁੜੇ ਹੋਏ ਹਨ। ਅੱਗ ਕਾਰਨ ਉਨ੍ਹਾਂ ਦਾ ਕਰੀਬ 10 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਮੁਤਾਬਕ ਸਵੇਰੇ ਕਰੀਬ 4 ਵਜੇ ਇੱਕ ਗੁਆਂਢੀ ਨੇ ਫੋਨ ਕਰਕੇ ਦੁਕਾਨ ਵਿੱਚ ਅੱਗ ਲੱਗਣ ਦੀ ਸੂਚਨਾ ਦਿੱਤੀ। ਮੌਕੇ 'ਤੇ ਪਹੁੰਚਣ 'ਤੇ ਉਨ੍ਹਾਂ ਨੇ ਦੇਖਿਆ ਕਿ ਦੁਕਾਨ ਅੱਗ ਦੀਆਂ ਲਪਟਾਂ ਵਿੱਚ ਘਿਰੀ ਹੋਈ ਸੀ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ, ਜਿਸ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ। ਉਨ੍ਹਾਂ ਕਿਹਾ ਕਿ ਇਸ ਵੱਡੇ ਨੁਕਸਾਨ ਤੋਂ ਬਾਅਦ ਦੁਬਾਰਾ ਕਾਰੋਬਾਰ ਸ਼ੁਰੂ ਕਰਨਾ ਬਹੁਤ ਮੁਸ਼ਕਲ ਹੋ ਗਿਆ ਹੈ। ਸਰਕਾਰ ਦੇਵੇ ਮੁਆਵਜ਼ਾ ਅਤੇ ਮਦਦ-ਇਸ ਸਬੰਧੀ ਡੇਰਾ ਬਾਬਾ ਸੰਤ ਪੁਰੀ ਦੇ ਸਾਬਕਾ ਸਰਪੰਚ ਮਨੋਹਰ ਲਾਲ ਨੇ ਦੱਸਿਆ ਕਿ ਬਲਦੇਵ ਰਾਜ, ਜੋਗਿੰਦਰ ਪਾਲ ਅਤੇ ਮਦਨ ਲਾਲ ਉਨ੍ਹਾਂ ਦੇ ਪਿੰਡ ਦੇ ਵਸਨੀਕ ਹਨ। ਉਨ੍ਹਾਂ ਕਿਹਾ ਕਿ ਤਿੰਨਾਂ ਦੁਕਾਨਦਾਰਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਰੋਜ਼ੀ-ਰੋਟੀ ਇਨ੍ਹਾਂ ਕਾਰੋਬਾਰਾਂ 'ਤੇ ਹੀ ਨਿਰਭਰ ਹੈ। ਉਨ੍ਹਾਂ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਭਾਵਿਤ ਦੁਕਾਨਦਾਰਾਂ ਨੂੰ ਯੋਗ ਮੁਆਵਜ਼ਾ ਅਤੇ ਆਰਥਿਕ ਸਹਾਇਤਾ ਦਿੱਤੀ ਜਾਵੇ ਤਾਂ ਜੋ ਉਹ ਆਪਣਾ ਕਾਰੋਬਾਰ ਮੁੜ ਸ਼ੁਰੂ ਕਰ ਸਕਣ। 6 ਗੱਡੀਆਂ ਨੇ ਅੱਗ 'ਤੇ ਪਾਇਆ ਕਾਬੂ-ਮੌਕੇ 'ਤੇ ਪਹੁੰਚੇ ਫਾਇਰ ਬ੍ਰਿਗੇਡ ਕਰਮਚਾਰੀ ਮਨੋਜ ਕੁਮਾਰ ਨੇ ਦੱਸਿਆ ਕਿ ਸਵੇਰੇ ਕਰੀਬ ਸਾਡੇ ਚਾਰ ਵਜੇ ਦੁਕਾਨਾਂ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਛੇ ਗੱਡੀਆਂ ਮੌਕੇ 'ਤੇ ਭੇਜੀਆਂ ਗਈਆਂ ਅਤੇ ਅੱਗ ਬੁਝਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਕਾਫੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਫਿਲਹਾਲ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਸਥਾਨਕ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪ੍ਰਭਾਵਿਤ ਦੁਕਾਨਦਾਰਾਂ ਨੂੰ ਜਲਦ ਤੋਂ ਜਲਦ ਆਰਥਿਕ ਸਹਾਇਤਾ ਦਿੱਤੀ ਜਾਵੇ ਤਾਂ ਜੋ ਉਹ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਅਤੇ ਕਾਰੋਬਾਰ ਦੁਬਾਰਾ ਸ਼ੁਰੂ ਕਰ ਸਕਣ।

# ਸੇਵਾ ਕੇਂਦਰ ਮੁਲਾਜ਼ਮਾਂ ਦੇ ਸੰਘਰਸ਼ ਦੀ ਸੀਵਰੇਜ ਬੋਰਡ ਦੇ ਕਾਮੇ ਕਰਨਗੇ ਡਟਵੀ ਹਮਾਇਤ : ਸ਼ੇਰ ਸਿੰਘ ਖੰਨਾ



**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ, 4 ਜੂਨ :**
============

ਸੂਬੇ ਭਰ ਵਿੱਚ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਵੱਲੋਂ ਆਪਣੇ ਰੁਜ਼ਗਾਰ ਨੂੰ ਪੱਕਾ ਕਰਵਾਉਣ ਦੇ ਲਈ ਪੰਜਾਬ ਅੰਦਰ ਹੜਤਾਲ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਖਿਲਾਫ ਮੋਰਚਾ ਖੋਲਿਆ ਹੋਇਆ ਹੈ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਆਗੂ ਅਤੇ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਖੰਨਾ, ਗਗਨਦੀਪ ਸਿੰਘ ਸੁਨਾਮ ਗੁਰਵਿੰਦਰ ਸਿੰਘ ਧਾਲੀਵਾਲ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਾਲ 2016 ਤੋਂ ਲੈਕੇ ਸੇਵਾ ਕੇਂਦਰਾਂ, ਵਿੱਚ 1850 ਦੇ ਕਰੀਬ ਕੰਪਨੀਆਂ ਤੇ ਸੋਸਾਇਟੀਆਂ ਰਾਹੀਂ ਕੱਚੇ ਮੁਲਾਜ਼ਮ ਪਿਛਲੇ 10 ਸਾਲਾਂ ਤੋਂ ਨਿਗੂਣੀਆ ਤਨਖਾਹਾਂ ਤੇ ਲੋਕਾਂ ਨੂੰ ਵਧੀਆ ਸੁਵਿਧਾਵਾਂ ਦਿੰਦੇ ਆ ਰਹੇ ਹਨ। ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਠੇਕਾ ਮੁਲਾਜ਼ਮਾਂ ਨਾਲ ਇਹ ਵਾਅਦਾ ਕੀਤਾ ਸੀ । ਸਾਡੀ ਸਰਕਾਰ ਆਉਣ ਤੇ ਠੇਕੇਦਾਰਾ ਕੰਪਨੀਆਂ ਨੂੰ ਬਾਹਰ ਕਰਕੇ ਠੇਕੇਦਾਰੀ ਸਿਸਟਮ ਅਧੀਨ ਰੱਖੇ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ ਕਰਕੇ ਰੈਗੂਲਰ ਕੀਤਾ ਜਾਵੇਗਾ। ਉਹਨਾਂ ਨੂੰ ਗੁਜਾਰੇ ਜੋਗੀ ਤਨਖਾਹ ਦਿੱਤੀ ਜਾਵੇਗੀ। ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਇਹ ਫੈਸਲਾ ਸਰਕਾਰ ਵੱਲੋਂ ਅੱਜ ਤੱਕ ਲਾਗੂ ਨਹੀਂ ਕੀਤਾ ਗਿਆ। ਜਿਸ ਦੇ ਵਿਰੋਧ ਵਿੱਚ ਸੇਵਾ ਕੇਂਦਰ ਦੇ ਮੁਲਾਜ਼ਮਾਂ ਵੱਲੋਂ 6 ਜੂਨ ਨੂੰ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਤੇ ਕੈਬਿਨਟ ਮੰਤਰੀ ਅਮਨ ਅਰੋੜਾ ਦੇ ਸ਼ਹਿਰ ਸੁਨਾਮ ਵਿਖੇ ਵੱਡੀ ਰੋਸ ਰੈਲੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਇਸ ਰੈਲੀ ਵਿੱਚ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਮੁਲਾਜ਼ਮਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

# ਸਾਡਾ ਉਦੇਸ਼ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਹੋਵੇ ਸ਼ਾਮਿਲ : ਐਸਡੀਐਮ

**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 4 ਜੂਨ:**
============

ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾ ਅਨੁਸਾਰ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਂਸਿਵ ਰਵੀਜਨ 2026 ਜੋ 25 ਜੂਨ 2026 ਤੋਂ 24 ਜੁਲਾਈ 2026 ਤੱਕ ਚੱਲੇਗੀ, ਬੀਐਲਓਜ਼ ਘਰੋਂ-ਘਰੀਂ ਜਾ ਕੇ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਫਾਰਮ ਭਰਵਾਉਣਗੇ ਅਤੇ ਫਾਰਮ ਨੂੰ ਮੁੜ ਪ੍ਰਾਪਤ ਕਰਨ ਲਈ ਵੋਟਰਾਂ ਦੇ ਘਰ ਜਾ ਕੇ ਉਨ੍ਹਾਂ ਨਾਲ ਸੰਪਰਕ ਕਰਨਗੇ। ਇਸ ਸਬੰਧੀ ਐਸਡੀਐਮ ਲਹਿਰਾ ਰਾਕੇਸ਼ ਪ੍ਰਕਾਸ਼ ਗਰਗ ਨੇ ਦੱਸਿਆ, ਕਿ ਐਸ.ਆਈ.ਆਰ. ਦੌਰਾਨ ਆਧਾਰ ਕਾਰਡ ਨੂੰ ਸਿਰਫ ਪਹਿਚਾਣ ਦੇ ਸਰੋਤ ਵਜੋਂ ਹੀ ਮਾਨਤਾ ਦਿੱਤੀ ਗਈ ਹੈ, ਨਾਂ ਕਿ ਪਹਿਚਾਣ ਦੇ ਸਬੂਤ ਵਜੋਂ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀਐਲਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ, 26 ਤੋਂ 24 ਜੂਨ, 26 ਤੱਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ ਵਿਅਕਤੀਆਂ ਨੂੰ ਸੂਚੀ ਵਿੱਚੋਂ



ਬਾਹਰ ਕਰਨਾ ਹੈ। ਉਨਾ ਵੱਲੋਂ ਕਿਹਾ ਕਿ ਦੋਹਰੀ ਵੋਟ ਰੱਖਣਾ ਭਾਰਤੀ ਸੰਵਿਧਾਨ ਅਨੁਸਾਰ ਅਪਰਾਧ ਹੈ, ਜਿਸ ਲਈ ਇੱਕ ਸਾਲ ਤੱਕ ਦੀ ਕੈਦ ਦੀ ਸਜ਼ਾ ਹੈ। ਅੱਗੇ ਜਾਣਕਾਰੀ ਦਿੰਦਿਆਂ ਰਾਕੇਸ਼ ਪ੍ਰਕਾਸ ਗਰਗ ਨੇ ਦੱਸਿਆ, ਕਿ ਹਲਕਾ ਲਹਿਰਾ ਦੀ ਤਕਰੀਬਨ 90 ਫੀਸਦੀ ਮੈਪਿੰਗ ਹੋ ਚੁੱਕੀ ਹੈ ਅਤੇ ਹੁਣ ਮੈਪਿੰਗ ਦੀ ਪ੍ਰਤੀਸ਼ਤਾ ਹੋਰ ਵਧਾਉਣ ਲਈ ਮਿਤੀ 07 ਜੂਨ 2026 ਨੂੰ ਸਪੈਸ਼ਲ ਕੈਂਪ ਲਗਾਇਆ ਜਾਣਾ ਹੈ। ਸਪੈਸ਼ਲ ਕੈਂਪ ਦੌਰਾਨ ਬੀ.ਐਲ.ਓਜ਼ ਆਪਣੇ ਆਪਣੇ ਸਬੰਧਤ ਪੋਲਿੰਗ ਸਟੇਸ਼ਨ ਤੇ ਸਵੇਰੇ 10.00 ਵਜੇ ਤੋਂ 4.00 ਵਜੇ ਤੱਕ ਬੈਠਣਗੇ ਅਤੇ ਅਨਮੈਪਡ ਵੋਟਰਾਂ ਨੂੰ ਮੈਪਿੰਗ ਕਰਨਗੇ।ਉਪ ਮੰਡਲ ਮੈਜਿਸਟਰੇਟ, ਲਹਿਰਾ ਵੱਲੋਂ ਦੱਸਿਆ ਗਿ, ਉਨਾਂ ਨੂੰ ਮੈਪ ਕਰਨ ਲਈ ਮੁੱਖ ਚੋਣ ਅਫਸਰ, ਪੰਜਾਬ ਜੀ ਵੱਲੋਂ ਇੱਕ ਸਪੈਸ਼ਲ ਕੈਂਪ 7 ਜੂਨ 2026 ਨੂੰ ਲਗਾਇਆ ਜਾਵੇਗਾ। ਉਨ੍ਹਾ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾ ਵੱਲੋਂ ਅਜੇ ਤੱਕ ਆਪਣੀ ਵੋਟ ਨੂੰ ਵੋਟਰ ਸੂਚੀ 2003 ਨਾਲ ਮੈਪਿੰਗ ਨਹੀ ਕਰਵਾਈ ਗਈ, ਉਹ ਇਸ ਸਪੈਸ਼ਲ ਕੈਂਪ ਵਿੱਚ ਪਹੁੰਚ ਕੇ ਬੀ.ਐਲ.ਓਜ਼ ਨਾਲ ਸੰਪਰਕ ਕਰਨ ਅਤੇ ਮੈਪਿੰਗ ਦਾ ਕੰਮ ਨੂੰ 100 ਫੀਸਦੀ ਮੁਕੰਮਲ ਕਰਨ ਵਿੱਚ ਸਹਿਯੋਗ ਕਰਨ । ਉਨ੍ਹਾਂ ਦੱਸਿਆ ਕਿ ਇਸ ਦਫਤਰ ਵੱਲੋਂ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ ਦੇ ਹਰੇਕ ਪੜਾਅ 'ਤੇ ਰਾਜਨੀਤਿਕ ਪਾਰਟੀਆਂ ਨੂੰ ਸ਼ਾਮਲ ਕੀਤਾ ਜਾਵੇਗਾ।

# ਆਮ ਆਦਮੀ ਪਾਰਟੀ ਲੋਕਾਂ ਦੀ ਬਣੀ ਪਹਿਲੀ ਪਸੰਦ : ਓਐਸਡੀ ਗੁਪਤਾ

**ਆਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 4 ਜੂਨ:**
============

ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਵਿਕਾਸਮੁਖੀ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕਾਂ ਦੇ ਪਾਰਟੀ ਨਾਲ ਜੁੜਨ ਦਾ ਸਿਲਸਿਲਾ ਦਿਨੋਂ-ਦਿਨ ਤੇਜ਼ੀ ਨਾਲ ਵਧ ਰਿਹਾ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਪੀ.ਏ.



ਰਾਕੇਸ਼ ਕੁਮਾਰ ਗੁਪਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ, ਕਿ ਪੰਜਾਬ ਸਰਕਾਰ ਵੱਲੋਂ ਸਿਹਤ, ਸਿੱਖਿਆ, ਨਹਿਰੀ ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਅਤੇ ਲੋਕ-ਹਿਤੈਸ਼ੀ ਕੰਮਾਂ ਕਾਰਨ ਲੋਕਾਂ ਦਾ ਭਰੋਸਾ ਆਮ ਆਦਮੀ ਪਾਰਟੀ ਪ੍ਰਤੀ ਲਗਾਤਾਰ ਹੋਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਵਿੱਚ ਲੋਕਾਂ ਨੇ ਵੱਡੇ ਪੱਧਰ 'ਤੇ ਆਮ ਆਦਮੀ ਪਾਰਟੀ ਦਾ ਸਮਰਥਨ ਕਰਕੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਆਪਣੀ ਮੋਹਰ ਲਗਾਈ ਹੈ। ਰਾਕੇਸ਼ ਕੁਮਾਰ ਗੁਪਤਾ ਨੇ ਕਿਹਾ ਕਿ ਉਨ੍ਹਾਂ ਕਿਹਾ ਕਿ ਲਹਿਰਾ ਹਲਕੇ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਅਤੇ ਉਨ੍ਹਾਂ ਦਾ ਸਮੁੱਚਾ ਪਰਿਵਾਰ ਪੂਰੀ ਤਨਦੇਹੀ ਨਾਲ ਲੋਕ ਸੇਵਾ ਲਈ ਸਮਰਪਿਤ ਹੈ ਅਤੇ ਹਰ ਵਰਗ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨਾਲ ਜੁੜੇ ਰਹੇ ਹਨ ।ਲੋਕ ਆਮ ਆਦਮੀ ਪਾਰਟੀ ਨੂੰ ਸਿਰਫ਼ ਇੱਕ ਰਾਜਨੀਤਿਕ ਧਿਰ ਨਹੀਂ ਸਗੋਂ ਆਪਣੇ ਪਰਿਵਾਰ ਵਜੋਂ ਮਹਿਸੂਸ ਕਰ ਰਹੇ ਹਨ, ਜਿੱਥੇ ਹਰ ਨਵੇਂ ਸਾਥੀ ਨੂੰ ਪੂਰਾ ਮਾਨ-ਸਤਿਕਾਰ ਅਤੇ ਆਪਣੇਪਣ ਦਾ ਅਹਿਸਾਸ ਕਰਵਾਇਆ ਜਾਂਦਾ ਹੈ।ਇਹੀ ਕਾਰਨ ਹੈ ਕਿ ਦਿਨੋਂ-ਦਿਨ ਆਮ ਆਦਮੀ ਪਾਰਟੀ ਦਾ ਕਾਫਲਾ ਹੋਰ ਵੱਡਾ ਹੋ ਰਿਹਾ ਹੈ ਅਤੇ ਵਿਕਾਸ, ਪਾਰਦਰਸ਼ਤਾ ਤੇ ਲੋਕ ਸੇਵਾ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਇਸ ਪਰਿਵਾਰ ਦਾ ਹਿੱਸਾ ਬਣ ਰਹੇ ਹਨ।

# ਕੈਬਨਿਟ ਮੰਤਰੀ ਅਮਨ ਅਰੋੜਾ ਦੇ ਯਤਨਾਂ ਸਦਕਾ ਪਿੰਡ ਅਕਬਰਪੁਰ ਦੀ 789 ਏਕੜ ਜ਼ਮੀਨ ਨੂੰ ਅਜ਼ਾਦੀ ਤੋਂ ਬਾਅਦ ਪਹਿਲੀ ਵਾਰ ਮਿਲੇਗਾ ਨਹਿਰੀ ਪਾਣੀ

**ਆਜ਼ਾਦ ਸੋਚ, ਸੋਹਨ ਸਿੰਘ ਸੋਢੀ, ਭਵਾਨੀਗੜ੍ਹ, 4 ਜੂਨ :**
================




ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅੱਜ ਹਲਕਾ ਸੁਨਾਮ ਦੇ ਪਿੰਡ ਅਕਬਰਪੁਰ ਵਿਖੇ ਘੱਗਰ ਬ੍ਰਾਂਚ ਨਹਿਰ ਵਿਚੋਂ 02.25 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਮੋਘਾ ਲਗਾਉਣ ਅਤੇ ਪਾਈਪ ਲਾਈਨ ਪਾਉਣ ਦੇ ਮਹੱਤਵਪੂਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਆਜ਼ਾਦੀ ਤੋਂ ਲੈ ਕੇ ਹੁਣ ਤਕ ਪਿੰਡ ਅਕਬਰਪੁਰ ਦੀ 789 ਏਕੜ ਖੇਤੀਯੋਗ ਜ਼ਮੀਨ ਨੂੰ ਪਹਿਲੀ ਵਾਰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ ਅਤੇ ਕਰੀਬ 250 ਪਰਿਵਾਰਾਂ ਨੂੰ ਸਿੱਧਾ ਲਾਭ ਪਹੁੰਚੇਗਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਿਨੇਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਪਾਣੀ ਦੇ ਸਰੋਤਾਂ ਦੀ ਸੰਭਾਲ ਅਤੇ ਕਿਸਾਨਾਂ ਨੂੰ ਲੋੜੀਂਦੀਆਂ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪਾਣੀਆਂ ਦੇ ਮੁੱਦੇ 'ਤੇ ਸਿਰਫ਼ ਰਾਜਨੀਤੀ ਕੀਤੀ ਅਤੇ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਰਾਖੀ ਕਰਨ ਵਿੱਚ ਅਸਫਲ ਰਹੀਆਂ। ਇਸ ਦੇ ਉਲਟ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਪਾਣੀ ਦੇ ਹੱਕਾਂ ਦੀ ਰਾਖੀ ਕਰਨ ਦੇ ਨਾਲ-ਨਾਲ ਨਹਿਰੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਠੋਸ ਕਦਮ ਚੁੱਕ ਰਹੀ ਹੈ।

ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਬਹੁਤ ਹੈਰਾਨੀ ਦੀ ਗੱਲ ਹੈ ਕਿ ਪਿੰਡ ਅਕਬਰਪੁਰ ਘੱਗਰ ਬ੍ਰਾਂਚ ਨਹਿਰ ਦੇ ਬਿਲਕੁਲ ਨੇੜੇ ਸਥਿਤ ਹੋਣ ਦੇ ਬਾਵਜੂਦ ਵੀ ਇੱਥੋਂ ਦੇ ਕਿਸਾਨਾਂ ਨੂੰ ਨਹਿਰ ਦਾ ਪਾਣੀ ਨਹੀਂ ਮਿਲ ਰਿਹਾ ਸੀ। ਪਿੰਡ ਵਾਸੀਆਂ ਨੇ ਇਹ ਮੰਗ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਸੀ, ਜਿਸ ਤੋਂ ਬਾਅਦ ਇਸ ਪ੍ਰੋਜੈਕਟ ਨੂੰ ਮਨਜ਼ੂਰੀ ਦਿਵਾ ਕੇ ਅੱਜ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨਾਂ ਦੀ ਸਿੰਚਾਈ ਲਾਗਤ ਘਟੇਗੀ, ਭੂਮੀਗਤ ਪਾਣੀ 'ਤੇ ਨਿਰਭਰਤਾ ਘਟੇਗੀ ਅਤੇ ਖੇਤੀਬਾੜੀ ਨੂੰ ਵੱਡਾ ਹੁਲਾਰਾ ਮਿਲੇਗਾ। ਪੰਜਾਬ ਸਰਕਾਰ ਵੱਲੋਂ ਨਹਿਰੀ ਪਾਣੀ ਦੀ ਵਰਤੋਂ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਸੂਬੇ ਦੇ ਧਰਤੀ ਹੇਠਲੇ ਪਾਣੀ ਦੀ ਹਾਲਤ ਵਿੱਚ ਸੁਧਾਰ ਹੋਣ ਲੱਗ ਗਿਆ ਹੈ। ਕੈਬਿਨੇਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕਾ ਸੁਨਾਮ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਦੌਰਾਨ ਮੀਡੀਆ ਵੱਲੋਂ ਸੇਵਾ ਕੇਂਦਰਾਂ ਦੇ ਕਰਮਚਾਰੀਆਂ ਦੀ ਹੜਤਾਲ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੂਰੀ ਪਾਰਦਰਸ਼ਤਾ ਅਤੇ ਨਿਯਮਾਂ ਅਨੁਸਾਰ ਟੈਂਡਰ ਪ੍ਰਕਿਰਿਆ ਰਾਹੀਂ ਸਬੰਧਤ ਕੰਪਨੀ ਨੂੰ ਇਹ ਕੰਮ ਸੌਂਪਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰਾਂ ਦੇ ਸੰਚਾਲਨ ਅਤੇ ਕਰਮਚਾਰੀਆਂ ਨਾਲ ਜੁੜੇ ਮਾਮਲਿਆਂ ਦੀ ਜ਼ਿੰਮੇਵਾਰੀ ਸਬੰਧਤ ਕੰਪਨੀ ਦੀ ਬਣਦੀ ਹੈ।ਉਨ੍ਹਾਂ ਕਿਹਾ ਕਿ ਭਾਵੇਂ ਇਸ ਮਸਲੇ ਵਿੱਚ ਸਰਕਾਰ ਦੀ ਸਿੱਧੀ ਭੂਮਿਕਾ ਨਹੀਂ ਹੈ, ਪਰ ਪੰਜਾਬ ਸਰਕਾਰ ਇਹ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਕਿ ਕਿਸੇ ਵੀ ਕਾਰਨ ਕਰਕੇ ਆਮ ਲੋਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਾਪਤ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ। ਸਰਕਾਰ ਦੀ ਪਹਿਲੀ ਤਰਜੀਹ ਲੋਕਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਅਤੇ ਇਸ ਸਬੰਧੀ ਲੋੜੀਂਦੇ ਕਦਮ ਚੁੱਕੇ ਜਾਣਗੇ।ਇਸ ਮੌਕੇ ਇਲਾਕੇ ਦੇ ਪਤਵੰਤੇ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਪੀ.ਏ.ਯੂ.-ਕੇ.ਵੀ.ਕੇ. ਸੰਗਰੂਰ ਵੱਲੋਂ ਮਿੱਟੀ ਦੀ ਸਿਹਤ ਸੁਧਾਰ ਲਈ 'ਖੇਤ ਬਚਾਓ ਅਭਿਆਨ' ਦਾ ਆਗਾਜ਼




**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ, 4 ਜੂਨ :**
============

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਨਿਰਦੇਸ਼ਕ ਪਸਾਰ ਸਿੱਖਿਆ, ਪੀ.ਏ.ਯੂ., ਲੁਧਿਆਣਾ ਅਤੇ ਆਈ.ਸੀ.ਏ.ਆਰ.-ਅਟਾਰੀ, ਜ਼ੋਨ-1, ਲੁਧਿਆਣਾ ਦੇ ਦਿਸ਼ਾ- ਨਿਰਦੇਸ਼ਾਂ ਅਧੀਨ 'ਖੇਤ ਬਚਾਓ ਅਭਿਆਨ' ਦੀ ਸ਼ੁਰੂਆਤ ਕੀਤੀ ਗਈ। ਇਸ ਅਭਿਆਨ ਬਾਰੇ ਜਾਣਕਾਰੀ ਦਿੰਦਿਆਂ ਡਾ.ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਦੱਸਿਆ ਕਿ ਮਹੀਨਾ-ਭਰ ਚੱਲਣ ਵਾਲੇ ਇਸ ਦੇਸ਼ ਵਿਆਪੀ ਅਭਿਆਨ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਿਰਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਮਿੱਟੀ-ਪਰਖ ਅਧਾਰਿਤ ਸੰਤੁਲਿਤ ਖਾਦ ਪ੍ਰਬੰਧ, ਯੂਰੀਆ ਅਤੇ ਫਾਸਫੋਰਸ ਖਾਦ ਦੀ ਬੱਚਤ, ਜੀਵਾਣੂੰ ਖਾਦਾਂ ਅਤੇ ਹਰੀ ਖਾਦ ਦੀ ਵਰਤੋਂ ਦੇ ਫਾਇਦਿਆਂ, ਟਿਕਾਊ ਖੇਤੀਬਾੜੀ ਲਈ ਨਵੀਆਂ ਤਕਨੀਕਾਂ, ਜੈਵਿਕ ਖੇਤੀ ਅਤੇ ਖੇਤੀ ਲਾਗਤ ਘੱਟ ਕਰਨ ਬਾਰੇ ਜਾਗਰੂਕ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਇਸ ਅਭਿਆਨ ਤਹਿਤ ਪਿੰਡ ਸਾਰੋਂ, ਬਲਾਕ ਸੰਗਰੂਰ ਵਿਖੇ ਪਿੰਡ ਪੱਧਰੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਡਾ ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਵੀ ਕਿਸਾਨਾਂ ਨਾਲ ਮਿੱਟੀ ਦੀ ਸਿਹਤ ਸੁਧਾਰਨ ਲਈ ਵਿਚਾਰ-ਚਰਚਾ ਕਰਦੇ ਹੋਏ ਫਸਲੀ ਰਹਿੰਦ-ਖੂੰਹਦ ਨੂੰ ਮਿੱਟੀ ਵਿੱਚ ਮਿਲਾਉਣ, ਦੇਸੀ ਰੂੜੀ, ਹਰੀ ਖਾਦ ਅਤੇ ਜੈਵਿਕ ਖਾਦਾਂ ਦੀ ਵਰਤੋਂ ਉੱਤੇ ਵਿਸ਼ੇਸ਼ ਜ਼ੋਰ ਦਿੱਤਾ। ਉਹਨਾਂ ਨੇ ਕਿਸਾਨਾਂ ਨੂੰ ਮਿੱਟੀ ਪਰਖ ਦੀ ਰਿਪੋਰਟ ਅਨੁਸਾਰ ਹੀ ਖੇਤਾਂ ਵਿੱਚ ਯੂਰੀਆ, ਡੀ ਏ ਪੀ ਅਤੇ ਹੋਰ ਖਾਦਾਂ ਦੀ ਵਰਤੋਂ ਕਰਨਵਲਈ ਪ੍ਰੇਰਿਤ ਕੀਤਾ। ਉਹਨਾਂ ਦੱਸਿਆ ਕਿ ਜੇਕਰ ਪਿੱਛੇ ਬੀਜੀ ਕਣਕ ਨੂੰ ਡੀ ਏ ਪੀ ਖਾਦ ਦੀ ਸਿਫਾਰਿਸ਼ ਕੀਤੀ ਮਾਤਰਾ ਪਾਈ ਗਈ ਹੋਵੇ, ਤਾਂ ਉੱਥੇ ਸਾਉਣੀ ਵਿੱਚ ਝੋਨੇ ਅਤੇ ਬਾਸਮਤੀ ਨੂੰ ਫਾਸਫੋਰਸ ਵਾਲੀ ਖਾਦ ਪਾਉਣ ਦੀ ਲੋੜ ਨਹੀਂ ਹੁੰਦੀ। ਇਸ ਤੋਂ ਇਲਾਵਾ ਉਹਨਾਂ ਕਿਸਾਨਾਂ ਨੂੰ ਝੋਨੇ ਵਿੱਚ ਏਕੀਕ੍ਰਿਤ ਨਦੀਨ ਪ੍ਰਬੰਧ ਬਾਰੇ ਵੀ ਵਿਸਥਾਰਪੂਰਵਕ ਦੱਸਿਆ।ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਨੇ ਕਿਸਾਨਾਂ ਨਾਲ ਝੋਨੇ ਦੀ ਮਸ਼ੀਨੀ ਲੁਆਈ ਲਈ ਮੈਟ ਟਾਈਪ ਪਨੀਰੀ ਤਿਆਰ ਕਰਨ ਦੀ ਵਿਧੀ ਅਤੇ ਲੁਆਈ ਦੇ ਢੰਗ ਬਾਬਤ ਜਾਣਕਾਰੀ ਸਾਂਝੀ ਕੀਤੀ। ਕੈਂਪ ਦੇ ਅਖੀਰ ਵਿੱਚ ਕਿਸਾਨਾਂ ਦੇ ਝੋਨੇ ਦੀ ਕਾਸ਼ਤ ਨਾਲ ਸੰਬੰਧਿਤ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।

# ਸੂਬੇ ਵਿੱਚ ਸਾਰੇ ਯੋਗ ਪਰਿਵਾਰਾਂ ਨੂੰ ਦਿੱਤੀ ਜਾਵੇਗੀ ਰਿਹਾਇਸ਼ੀ ਸਹੂਲਤ : ਮੁੱਖ ਮੰਤਰੀ

**ਆਜ਼ਾਦ ਸੋਚ, ਚੰਡੀਗੜ੍ਹ, 4 ਜੂਨ :**
============

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰੇਕ ਸੂਬਾ ਵਾਸੀ ਨੂੰ ਰਹਿਣ ਲਈ ਛੱਤ ਦੇਣਾ ਸਰਕਾਰ ਦੀਆਂ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ ਅਤੇ ਮੌਜੂਦਾ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਇਹ ਕਾਰਜ ਮਿਸ਼ਨ ਮੋਡ ਵਿੱਚ ਕੀਤਾ ਜਾ ਰਿਹਾ ਹੈ। ਉਹਨਾਂ ਨੇ ਹਾਊਸਿੰਗ ਫਾਰ ਆਲ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਬਾਕੀ ਬਚੇ ਸਾਰੇ ਯੋਗ ਪਰਿਵਾਰਾਂ ਦੀ ਪਛਾਣ ਕਰਕੇ ਉਹਨਾਂ ਨੂੰ ਮਕਾਨ ਮੁਹੱਈਆ ਕਰਵਾਉਣ ਦੀ ਵਿਸਤਾਰ ਕਾਰਜ ਯੋਜਨਾ ਤਿਆਰ ਕਰਨ।ਮੁੱਖ ਮੰਤਰੀ ਨੇ ਇਹ ਨਿਰਦੇਸ਼ ਵੀਰਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਹਰਿਆਣਾ ਵਿਜ਼ਨ-2047 ਤਹਿਤ ਹਾਊਸਿੰਗ ਫਾਰ ਆਲ ਵਿਭਾਗ ਦੇ ਅਗਲੇ 5 ਸਾਲਾਂ ਦੇ ਰੋਡਮੈਪ ਅਤੇ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰਦਿਆਂ ਦਿੱਤੇ। ਉਹਨਾਂ ਕਿਹਾ ਕਿ ਜੇਕਰ ਕਿਸੇ ਅਯੋਗ ਵਿਅਕਤੀ ਜਾਂ ਪਰਿਵਾਰ ਨੂੰ ਯੋਜਨਾ ਦਾ ਲਾਭ ਦਿੱਤਾ ਜਾਂਦਾ ਹੈ ਤਾਂ ਸੰਬੰਧਿਤ ਅਧਿਕਾਰੀ-ਕਰਮਚਾਰੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਹਾਊਸਿੰਗ ਫਾਰ ਆਲ ਦੇ ਡਾਇਰੈਕਟਰ ਜਨਰਲ ਸ੍ਰੀ ਜੇ ਗਣੇਸ਼ਨ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ), ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ), ਮੁੱਖ ਮੰਤਰੀ ਸ਼ਹਿਰੀ ਆਵਾਸ ਯੋਜਨਾ, ਮੁੱਖ ਮੰਤਰੀ ਗ੍ਰਾਮੀਣ ਆਵਾਸ ਯੋਜਨਾ 2.0 ਅਤੇ ਲਾਇਸੈਂਸੀ ਕਾਲੋਨੀਆਂ ਵਿੱਚ ਈਡਬਲਯੂਐਸ ਮਕਾਨਾਂ ਦੀ ਵੰਡ ਦੇ ਸੰਬੰਧ ਵਿੱਚ ਵਿਸਤਾਰ ਨਾਲ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਦੇ ਹੁਕਮਾਂ ਅਨੁਸਾਰ ਵਿਭਾਗ ਵੱਲੋਂ ਆਉਣ ਵਾਲੇ ਸਮੇਂ ਵਿੱਚ ਬਾਕੀ ਬਚੇ ਯੋਗ ਪਰਿਵਾਰਾਂ ਨੂੰ ਰਿਹਾਇਸ਼ੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਕਾਰਜ ਯੋਜਨਾ ਤਿਆਰ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਹੁਣ ਤੱਕ 5 ਯੋਜਨਾਵਾਂ ਤਹਿਤ ਸੂਬੇ ਵਿੱਚ 2,31,215 ਪਰਿਵਾਰਾਂ ਨੂੰ ਮਕਾਨ ਮੁਹੱਈਆ ਕਰਵਾਉਣ ਲਈ ਲਗਭਗ 2375 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਹਨਾਂ ਤੋਂ ਇਲਾਵਾ 10,649 ਪਲਾਟ ਅਤੇ ਫਲੈਟ ਵੰਡਣ ਲਈ ਤਿਆਰ ਹਨ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਇਹਨਾਂ ਪਲਾਟਾਂ ਅਤੇ ਫਲੈਟਾਂ ਦੀ ਅਲਾਟਮੈਂਟ ਦਾ ਕਾਰਜ ਜਲਦੀ ਹੀ ਯੋਗ ਪਰਿਵਾਰਾਂ ਨੂੰ ਕੀਤਾ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦੀ ਕੋਸ਼ਿਸ਼ ਹੈ ਕਿ ਹਰ ਯੋਗ ਪਰਿਵਾਰ ਨੂੰ ਸਰਕਾਰੀ ਮਦਦ ਨਾਲ ਛੱਤ ਮੁਹੱਈਆ ਕਰਵਾਈ ਜਾਵੇ, ਪਰ ਇਹ ਵੀ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਯੋਜਨਾ ਦੀ ਦੁਰਵਰਤੋਂ ਨਾ ਹੋਵੇ। ਉਹਨਾਂ ਕਿਹਾ ਕਿ ਸਾਰੇ ਲਾਭਕਾਰਾਂ ਦੀ ਸੂਚੀ ਪਿੰਡ ਪੰਚਾਇਤਾਂ ਵਿੱਚ ਜਨਤਕ ਕੀਤੀ ਜਾਵੇ ਤਾਂ ਜੋ ਤਸਦੀਕ ਹੋ ਸਕੇ ਕਿ ਲਾਭ ਲੈਣ ਵਾਲੇ ਪਰਿਵਾਰ ਅਸਲ ਵਿੱਚ ਯੋਜਨਾ ਲਈ ਯੋਗ ਸਨ ਜਾਂ ਨਹੀਂ।

# ਹਰਿਆਣਾ ਸਾਰੇ ਵਿਭਾਗਾਂ ਨੂੰ ਆਪਣੇ 5 ਸਾਲਾਂ ਦਾ ਰੋਡਮੈਪ ਏਆਈ ਟੂਲ 'ਤੇ ਅਪਲੋਡ ਕਰਨ ਦੇ ਮੁੱਖ ਮੰਤਰੀ ਨੇ ਦਿੱਤੇ ਨਿਰਦੇਸ਼

**ਆਜ਼ਾਦ ਸੋਚ, ਚੰਡੀਗੜ੍ਹ, 4 ਜੂਨ :**
============

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਰੇ ਵਿਭਾਗ ਹਰਿਆਣਾ ਵਿਜ਼ਨ 2047 ਤਹਿਤ ਅਗਲੇ 5 ਸਾਲਾਂ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਦਾ ਰੋਡਮੈਪ ਅਤੇ ਕਾਰਜ ਯੋਜਨਾ ਨੂੰ ਇਸ ਦੇ ਲਈ ਤਿਆਰ ਕੀਤੇ ਗਏ ਏਆਈ ਟੂਲ 'ਤੇ ਅਪਲੋਡ ਕਰਨਾ ਯਕੀਨੀ ਬਣਾਉਣ ਤਾਂ ਜੋ ਉਹ ਖੁਦ ਇਸ ਦੀ ਵਿਆਪਕ ਸਮੀਖਿਆ ਕਰ ਸਕਣ। ਮੁੱਖ ਮੰਤਰੀ ਨੇ ਇਹ ਨਿਰਦੇਸ਼ ਵੀਰਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਹਰਿਆਣਾ ਵਿਜ਼ਨ-2047 ਤਹਿਤ ਪੁਲਿਸ ਹਾਊਸਿੰਗ ਕਾਰਪੋਰੇਸ਼ਨ ਦੇ ਅਗਲੇ 5 ਸਾਲਾਂ ਦੇ ਰੋਡਮੈਪ ਅਤੇ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰਦਿਆਂ ਦਿੱਤੇ। ਉਹਨਾਂ ਨੇ ਪੁਲਿਸ ਹਾਊਸਿੰਗ ਕਾਰਪੋਰੇਸ਼ਨ ਨੂੰ ਨਿਰਦੇਸ਼ ਦਿੱਤੇ ਕਿ ਪੁਲਿਸ ਮੁਲਾਜ਼ਮਾਂ ਲਈ ਲੋੜੀਂਦੀ ਗਿਣਤੀ ਵਿੱਚ ਉੱਚ ਗੁਣਵੱਤਾ ਵਾਲੇ ਮਕਾਨ ਤਿਆਰ ਕਰਨ ਦੀ ਕਾਰਜ ਯੋਜਨਾ ਤਿਆਰ ਕੀਤੀ ਜਾਵੇ। ਮੁੱਖ ਮੰਤਰੀ ਨੇ ਦੱਸਿਆ ਕਿ ਸਾਰੇ ਵਿਭਾਗਾਂ ਦੀ ਅਗਲੇ 5 ਸਾਲਾਂ ਦੀ ਕਾਰਜ ਯੋਜਨਾ ਨੂੰ ਏਆਈ ਟੂਲ 'ਤੇ ਅਪਲੋਡ ਕਰਕੇ ਉਹਨਾਂ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਵਿਕਸਿਤ ਦੇਸ਼ਾਂ ਦੀ ਤਰਜ਼ 'ਤੇ ਹਰ ਵਿਭਾਗ ਨੂੰ ਵਿਕਸਿਤ ਭਾਰਤ ਲਈ ਤਿਆਰ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸਾਰੇ ਵਿਭਾਗ ਸਾਲਾਨਾ ਕਾਰਜ ਯੋਜਨਾ ਦੇ ਨਾਲ-ਨਾਲ ਟੀਚਿਆਂ ਦੀ ਪ੍ਰਾਪਤੀ ਲਈ ਹਰ ਤਿਮਾਹੀ ਕੀਤੇ ਜਾਣ ਵਾਲੇ ਕਾਰਜਾਂ ਦਾ ਵੀ ਟਾਈਮਲਾਈਨ ਦੇ ਨਾਲ ਵੇਰਵਾ ਪੇਸ਼ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਉਹ ਹਰੇਕ ਵਿਭਾਗ ਦੀ ਪ੍ਰਗਤੀ ਦੀ ਸਮੀਖਿਆ ਤਿਮਾਹੀ ਦੇ ਅਧਾਰ 'ਤੇ ਕਰਨਗੇ ਅਤੇ ਪਿਛਲੀ ਮੀਟਿੰਗ ਵਿੱਚ ਦਿੱਤੇ ਗਏ ਨਿਰਦੇਸ਼ਾਂ ਦੀ ਪਾਲਣਾ ਵਿੱਚ ਵਿਭਾਗ ਵੱਲੋਂ ਕੀਤੇ ਗਏ ਕਾਰਜਾਂ ਨੂੰ ਪਰਖਣਗੇ। ਉਹਨਾਂ ਕਿਹਾ ਕਿ ਸਾਰੇ ਵਿਭਾਗ ਆਪਣੀ ਪ੍ਰਗਤੀ ਰਿਪੋਰਟ ਮੀਟਿੰਗ ਤੋਂ 2 ਦਿਨ ਪਹਿਲਾਂ ਉਹਨਾਂ ਕੋਲ ਪਹੁੰਚਾਉਣੀ ਯਕੀਨੀ ਬਣਾਉਣ ਤਾਂ ਜੋ ਉਹ ਉਹਨਾਂ ਦਾ ਅਧਿਐਨ ਕਰਕੇ ਮੀਟਿੰਗ ਵਿੱਚ ਸਮੀਖਿਆ ਕਰ ਸਕਣ।

# ਮੁੱਖ ਮੰਤਰੀ ਨੇ ਮਾਰਚ 2027 ਤੱਕ 12 ਫੁੱਟ ਦੀ ਹਰ ਸੜਕ ਨੂੰ 18 ਫੁੱਟ ਚੌੜਾ ਕਰਨ ਦੇ ਨਿਰਦੇਸ਼ ਦਿੱਤੇ

**ਆਜ਼ਾਦ ਸੋਚ, ਚੰਡੀਗੜ੍ਹ, 4 ਜੂਨ :**
============

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਹਨ ਕਿ ਪਹਿਲਾਂ ਕੀਤੇ ਗਏ ਐਲਾਨਾਂ ਅਨੁਸਾਰ ਸੂਬੇ ਦੀਆਂ 12 ਫੁੱਟ ਚੌੜਾਈ ਵਾਲੀਆਂ ਸਾਰੀਆਂ ਸੜਕਾਂ ਨੂੰ 18 ਫੁੱਟ ਚੌੜਾ ਕਰਨ ਦਾ ਕਾਰਜ ਮਾਰਚ 2027 ਤੱਕ ਲਾਜ਼ਮੀ ਤੌਰ 'ਤੇ ਪੂਰਾ ਕਰ ਲਿਆ ਜਾਵੇ। ਮੁੱਖ ਮੰਤਰੀ ਨੇ ਇਹ ਨਿਰਦੇਸ਼ ਵੀਰਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਹਰਿਆਣਾ ਵਿਜ਼ਨ-2047 ਤਹਿਤ ਪੀਡਬਲਯੂਡੀ (ਬੀਐਂਡਆਰ) ਵਿਭਾਗ ਦੇ ਅਗਲੇ 5 ਸਾਲਾਂ ਦੇ ਰੋਡਮੈਪ ਅਤੇ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰਦਿਆਂ ਦਿੱਤੇ। ਮੁੱਖ ਮੰਤਰੀ ਨੇ ਕਿਹਾ ਕਿ ਆਮ ਲੋਕਾਂ ਦੀ ਸਹੂਲਤ ਲਈ ਸੜਕਾਂ ਦਾ ਚੰਗੀ ਹਾਲਤ ਵਿੱਚ ਅਤੇ ਯੋਗ ਚੌੜਾਈ ਦਾ ਹੋਣਾ ਜ਼ਰੂਰੀ ਹੈ। ਇਸ ਦੇ ਲਈ ਪਹਿਲਾਂ ਕੀਤੇ ਗਏ ਮੁੱਖ ਮੰਤਰੀ ਐਲਾਨਾਂ ਅਨੁਸਾਰ ਸੂਬੇ ਵਿੱਚ ਸਾਰੀਆਂ 12 ਫੁੱਟ ਦੀਆਂ ਸੜਕਾਂ ਦੀ ਚੌੜਾਈ ਨੂੰ 18 ਫੁੱਟ ਕੀਤਾ ਜਾਵੇ। ਇਹ ਕਾਰਜ ਇਸ ਵਿੱਤੀ ਸਾਲ ਦੇ ਖ਼ਤਮ ਹੋਣ ਤੋਂ ਪਹਿਲਾਂ ਪੂਰਾ ਕੀਤਾ ਜਾਵੇ। ਇਸ ਕਾਰਜ ਦੀ ਸਥਿਤੀ ਪੁੱਛਣ 'ਤੇ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਸਮੇਂ ਸੂਬੇ ਵਿੱਚ 3240 ਕਿਲੋਮੀਟਰ ਲੰਬੀਆਂ ਲਿੰਕ ਸੜਕਾਂ 12 ਫੁੱਟ ਚੌੜਾਈ ਦੀਆਂ ਹਨ, ਜਿਨ੍ਹਾਂ ਨੂੰ 18 ਫੁੱਟ ਚੌੜਾ ਕੀਤਾ ਜਾ ਰਿਹਾ ਹੈ। ਇਹਨਾਂ ਵਿੱਚੋਂ 1696 ਕਿਲੋਮੀਟਰ ਲੰਬੀਆਂ ਸੜਕਾਂ ਨੂੰ ਚੌੜਾ ਕਰਨ ਦਾ ਕਾਰਜ ਪ੍ਰਗਤੀ ਅਧੀਨ ਹੈ ਅਤੇ ਬਾਕੀ 1544 ਕਿਲੋਮੀਟਰ ਸੜਕਾਂ ਨੂੰ ਇਸੇ ਸਾਲ 18 ਫੁੱਟ ਚੌੜਾ ਕਰ ਦਿੱਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਬਣਾਈਆਂ ਜਾ ਰਹੀਆਂ ਸੜਕਾਂ ਦੀ ਗੁਣਵੱਤਾ, ਇਹਨਾਂ 'ਤੇ ਸਾਈਨ ਬੋਰਡ, ਬਰਮ ਅਤੇ ਚਿੱਟੀ ਪੱਟੀ ਲਗਵਾਉਣਾ ਵੀ ਯਕੀਨੀ ਬਣਾਇਆ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹਿਰੀ ਖੇਤਰਾਂ ਵਿੱਚ ਧੂੜ-ਮਿੱਟੀ ਅਤੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਸੜਕਾਂ ਦੇ ਆਲੇ-ਦੁਆਲੇ ਪੇਵਰ-ਬਲਾਕ ਜਾਂ ਘਾਹ ਲਗਵਾਇਆ ਜਾਵੇ। ਅਧਿਕਾਰੀਆਂ ਨੇ ਦੱਸਿਆ ਕਿ ਇਸ ਕਾਰਜ ਲਈ ਪਹਿਲੇ ਪੜਾਅ ਹੇਠ 6 ਸ਼ਹਿਰੀ ਖੇਤਰਾਂ ਦੀਆਂ 368 ਕਿਲੋਮੀਟਰ ਲੰਬਾਈ ਦੀਆਂ 138 ਸੜਕਾਂ ਦੀ ਨਿਸ਼ਾਨਦੇਹੀ ਕੀਤੀ ਗਈ ਹੈ। ਇਸ ਤਹਿਤ ਸੋਨੀਪਤ, ਫਰੀਦਾਬਾਦ, ਗੁਰੂਗ੍ਰਾਮ, ਪਾਣੀਪਤ, ਰੋਹਤਕ ਅਤੇ ਕਰਨਾਲ ਜ਼ਿਲ੍ਹਿਆਂ ਵਿੱਚ ਸੜਕਾਂ ਦੇ ਆਲੇ-ਦੁਆਲੇ ਟਾਈਲਾਂ ਅਤੇ ਗ੍ਰੀਨ ਏਰੀਆ ਵਿਕਸਿਤ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਇਹ ਕਾਰਜ ਨਵੰਬਰ 2027 ਤੱਕ ਪੂਰਾ ਕਰਨ ਦਾ ਟੀਚਾ ਨਿਰਧਾਰਿਤ ਕੀਤਾ।ਸੂਬੇ ਵਿੱਚ ਰੇਲਵੇ ਕਰਾਸਿੰਗ ਦੇ ਫਾਟਕਾਂ ਨੂੰ ਮਾਨਵ ਰਹਿਤ ਕਰਨ ਲਈ ਕੀਤੇ ਜਾ ਰਹੇ ਕਾਰਜਾਂ ਦੀ ਸਮੀਖਿਆ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਇਹ ਕਾਰਜ ਵੱਖ-ਵੱਖ ਵਿਭਾਗਾਂ ਅਤੇ ਰੇਲਵੇ ਰਾਹੀਂ ਕੀਤਾ ਜਾ ਰਿਹਾ ਹੈ, ਕੁਝ ਥਾਵਾਂ 'ਤੇ ਰੇਲਵੇ ਦੀ ਪ੍ਰਵਾਨਗੀ ਨਾ ਮਿਲਣ ਕਾਰਨ ਕਾਰਜ ਪੂਰੇ ਨਹੀਂ ਹੋ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ-ਜਿੱਥੇ ਰੇਲਵੇ ਦੀ ਇਜਾਜ਼ਤ ਕਾਰਨ ਕਾਰਜ ਰੁਕੇ ਹੋਏ ਹਨ, ਉਹਨਾਂ ਦੀ ਸੂਚੀ ਤਿਆਰ ਕਰੋ, ਉਹ ਖੁਦ ਰੇਲ ਮੰਤਰੀ ਨੂੰ ਮਿਲ ਕੇ ਇਹਨਾਂ ਅੜਚਨਾਂ ਨੂੰ ਦੂਰ ਕਰਵਾਉਣਗੇ। ਮੁੱਖ ਮੰਤਰੀ ਨੇ ਕਿਹਾ ਕਿ ਵਿਭਾਗ ਦੇ ਪੱਧਰ 'ਤੇ ਕੀਤੇ ਜਾਣ ਵਾਲੇ ਕਾਰਜ ਪ੍ਰਾਥਮਿਕਤਾ ਅਧਾਰ 'ਤੇ ਜਲਦੀ ਪੂਰੇ ਕਰਵਾਏ ਜਾਣ। ਮੁੱਖ ਮੰਤਰੀ ਨੇ ਆਮ ਲੋਕਾਂ ਦੀ ਸਹੂਲਤ ਲਈ ਸੂਬੇ ਵਿੱਚ ਬਣਾਏ ਜਾ ਰਹੇ ਸਾਰੇ ਬਾਈਪਾਸ ਦੇ ਨਿਰਮਾਣ ਕਾਰਜਾਂ ਦੀ ਵੀ ਸਮੀਖਿਆ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਸੂਬੇ ਵਿੱਚ ਨਿਰਮਾਣ ਅਧੀਨ 17 ਵਿੱਚੋਂ 4 ਬਾਈਪਾਸਾਂ ਦਾ ਨਿਰਮਾਣ ਪੂਰਾ ਹੋ ਚੁੱਕਾ ਹੈ, ਕੁਝ 'ਤੇ ਕਾਰਜ ਚੱਲ ਰਿਹਾ ਹੈ ਅਤੇ ਕੁਝ ਥਾਵਾਂ 'ਤੇ ਜ਼ਮੀਨ ਦੀ ਘਾਟ ਆੜੇ ਆ ਰਹੀ ਹੈ। ਇਸ 'ਤੇ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਮੀਨ ਐਕਵਾਇਰ ਕਰਨ ਦਾ ਕਾਰਜ ਸੰਬੰਧਿਤ ਡਿਪਟੀ ਕਮਿਸ਼ਨਰਾਂ ਰਾਹੀਂ ਪ੍ਰਾਥਮਿਕਤਾ ਨਾਲ ਪੂਰਾ ਕਰਵਾਇਆ ਜਾਵੇ। ਉਹਨਾਂ ਕਿਹਾ ਕਿ ਕੁਰੂਕਸ਼ੇਤਰ ਵਿੱਚ ਬਣੇ ਐਲੀਵੇਟਿਡ ਟ੍ਰੈਕ ਦੇ ਹੇਠਾਂ ਹਲਕੇ ਵਾਹਨਾਂ ਲਈ ਸੜਕ ਬਣਾਉਣ ਦਾ ਪ੍ਰਸਤਾਵ ਤਿਆਰ ਕੀਤਾ ਜਾਵੇ।

ਜ਼ੀਰਕਪੁਰ ਪੁਲਿਸ ਵੱਲੋਂ ਵੱਡੀ ਕਾਰਵਾਈ

# ਵਿਦੇਸ਼ਾਂ ਵਿੱਚ ਬੈਠੇ ਲੋਕਾਂ ਨਾਲ ਠੱਗੀ ਮਾਰਨ ਵਾਲੇ ਫਰਜ਼ੀ ਕਾਲ ਸੈਂਟਰ ਦਾ ਪਰਦਾਫਾਸ਼, 6 ਕਾਬੂ

**ਆਜ਼ਾਦ ਸੋਚ**
**ਅਵਤਾਰ ਸੈਣੀ**
**ਜ਼ੀਰਕਪੁਰ , 4 ਜੂਨ**

ਜ਼ੀਰਕਪੁਰ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਇਲਾਕੇ ਵਿੱਚ ਚੱਲ ਰਹੇ ਇੱਕ ਅਜਿਹੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜੋ ਵਿਦੇਸ਼ਾਂ ਵਿੱਚ ਰਹਿਣ ਵਾਲੇ ਭੋਲੇ-ਭਾਲੇ ਲੋਕਾਂ ਨੂੰ ਆਪਣਾ ਨਿਸ਼ਾਨਾ ਬਣਾ ਕੇ ਮੋਟੀਆਂ ਰਕਮਾਂ ਦੀ ਠੱਗੀ ਮਾਰ ਰਿਹਾ ਸੀ। ਪੁਲਿਸ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ ਕੁੱਲ 6 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਗਿਰੋਹ ਜ਼ੀਰਕਪੁਰ ਦੇ ਇੱਕ ਨਾਮੀ ਬਿਜ਼ਨਸ ਪਾਰਕ ਵਿੱਚੋਂ ਆਪਣਾ ਨੈੱਟਵਰਕ ਚਲਾ ਰਿਹਾ ਸੀ। ਪ੍ਰੈੱਸ ਕਾਨਫਰੰਸ ਦੌਰਾਨ ਮਾਮਲੇ ਦੀ ਜਾਣਕਾਰੀ ਦਿੰਦਿਆਂ ਜ਼ੀਰਕਪੁਰ ਥਾਣਾ ਮੁੱਖੀ ਸਤਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਖਾਸ ਮੁਖ਼ਬਰਾਂ ਰਾਹੀਂ ਇੱਕ ਪੁਖਤਾ ਇਤਲਾਹ ਮਿਲੀ ਸੀ। ਇਤਲਾਹ ਮੁਤਾਬਕ ਜ਼ੀਰਕਪੁਰ ਸਥਿਤ 'ਗਲੋਬਲ ਬਿਜ਼ਨਸ ਪਾਰਕ' ਦੀ ਦੂਜੀ ਫਲੋਰ 'ਤੇ 'ਹੋਮ ਟਾਊਨ ਟਰੈਵਲ' ਨਾਮ ਦੀ ਇੱਕ ਕੰਪਨੀ ਚਲਾਈ ਜਾ ਰਹੀ ਸੀ। ਇਹ ਕੰਪਨੀ ਕੋਈ ਜਾਇਜ਼ ਕਾਰੋਬਾਰ ਨਹੀਂ ਕਰ ਰਹੀ ਸੀ, ਬਲਕਿ ਇਸ ਦੀ ਆੜ ਵਿੱਚ ਵਿਦੇਸ਼ਾਂ (ਅਬਰੌਡ/ਫੌਰਨ) ਵਿੱਚ ਰਹਿਣ ਵਾਲੇ ਪ੍ਰਵਾਸੀਆਂ ਅਤੇ ਉੱਥੋਂ ਦੇ ਨਾਗਰਿਕਾਂ ਨਾਲ ਯੋਜਨਾਬੱਧ ਤਰੀਕੇ ਨਾਲ ਠੱਗੀ ਮਾਰੀ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ ਪੁਲਿਸ ਦੀ ਪੁੱਛਗਿੱਛ ਅਤੇ ਮੁਢਲੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਗਿਰੋਹ ਦੇ ਮੈਂਬਰ ਬਹੁਤ ਹੀ ਸ਼ਾਤਰ ਤਰੀਕੇ ਨਾਲ ਕੰਮ ਕਰਦੇ ਸਨ। ਠੱਗੀ ਮਾਰਨ ਲਈ ਗਿਰੋਹ ਦੇ ਮੈਂਬਰ ਆਪਣੀ ਅਸਲ ਪਛਾਣ ਛੁਪਾ ਕੇ ਫਰਜ਼ੀ ਨਾਮਾਂ ਦੀ ਵਰਤੋਂ ਕਰਦੇ ਸਨ। ਖਾਸ ਕਰਕੇ ਉਹ ਵਿਦੇਸ਼ੀ ਨਾਮ ਰੱਖਦੇ ਸਨ ਤਾਂ ਜੋ ਸਾਹਮਣੇ ਵਾਲੇ ਵਿਅਕਤੀ ਨੂੰ ਕੋਈ ਸ਼ੱਕ ਨਾ ਹੋਵੇ। ਉਨ੍ਹਾਂ ਦੱਸਿਆ ਕਿ ਇਹ ਲੋਕ ਵਿਦੇਸ਼ਾਂ ਵਿੱਚ ਬੈਠੇ ਗਾਹਕਾਂ ਨੂੰ ਫੋਨ ਕਰਕੇ ਕਹਿੰਦੇ ਸਨ ਕਿ ਉਹ 'ਏਅਰ ਇੰਡੀਆ, 'ਲੁਫਥਾਂਸਾ ਏਅਰਲਾਈਨਜ਼ ਜਾਂ 'ਬ੍ਰਿਟਿਸ਼ ਏਅਰਵੇਜ਼' ਵਰਗੀਆਂ ਨਾਮੀ ਕੰਪਨੀਆਂ ਦੇ ਅਧਿਕਾਰਤ ਨੁਮਾਇੰਦੇ ਬੋਲ ਰਹੇ ਹਾਂ। ਉਹ ਲੋਕਾਂ ਨੂੰ ਸਸਤੀਆਂ ਹਵਾਈ ਟਿਕਟਾਂ ਬੁੱਕ ਕਰਨ ਜਾਂ ਹੋਰ ਟਰੈਵਲ ਸੇਵਾਵਾਂ ਦੇਣ ਦਾ ਝਾਂਸਾ ਦਿੰਦੇ ਸਨ। ਜਦੋਂ ਕੋਈ ਵਿਅਕਤੀ ਉਨ੍ਹਾਂ ਦੇ ਜਾਲ ਵਿੱਚ ਫਸ ਕੇ ਟਿਕਟ ਬੁੱਕ ਕਰਵਾਉਣ ਲਈ ਤਿਆਰ ਹੋ ਜਾਂਦਾ, ਤਾਂ ਇਹ ਉਨ੍ਹਾਂ ਦਾ ਵਿਸ਼ਵਾਸ ਜਿੱਤ ਕੇ ਪੈਸੇ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰਵਾ ਲੈਂਦੇ ਸਨ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਕਾਬੂ ਕੀਤੇ ਗਏ 6 ਮੁਲਜ਼ਮ ਕਿਸੇ ਇੱਕ ਇਲਾਕੇ ਦੇ ਨਹੀਂ ਹਨ, ਬਲਕਿ ਇਹ ਵੱਖ-ਵੱਖ ਰਾਜਾਂ ਨਾਲ ਸਬੰਧ ਰੱਖਦੇ ਹਨ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚੋਂ ਕੁਝ ਉੱਤਰਾਖੰਡ, ਕੁਝ ਹਿਮਾਚਲ ਪ੍ਰਦੇਸ਼ ਅਤੇ ਕੁਝ ਜੰਮੂ-ਕਸ਼ਮੀਰ ਦੇ ਰਹਿਣ ਵਾਲੇ ਹਨ। ਇਨ੍ਹਾਂ ਸਾਰਿਆਂ ਨੇ ਮਿਲ ਕੇ ਜ਼ੀਰਕਪੁਰ ਨੂੰ ਆਪਣਾ ਟਿਕਾਣਾ ਬਣਾਇਆ ਹੋਇਆ ਸੀ। ਛਾਪੇਮਾਰੀ ਦੌਰਾਨ ਪੁਲਿਸ ਨੇ ਮੌਕੇ ਤੋਂ ਕਈ ਕੰਪਿਊਟਰ ਸਿਸਟਮ, ਐਲ.ਸੀ.ਡੀ. ਸਕ੍ਰੀਨਾਂ ਅਤੇ ਹੋਰ ਇਲੈਕਟ ?ਰਾਨਿਕ ਉਪਕਰਣ ਵੀ ਬਰਾਮਦ ਕੀਤੇ ਹਨ, ਜਿਨ੍ਹਾਂ ਦੀ ਵਰਤੋਂ ਇਸ ਫਰਜ਼ੀ ਕਾਲ ਸੈਂਟਰ ਨੂੰ ਚਲਾਉਣ ਲਈ ਕੀਤੀ ਜਾ ਰਹੀ ਸੀ। ਉਨ੍ਹਾਂ ਦਸਿਆ ਕਿ ਪੁਲਿਸ ਹੁਣ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਇਨ੍ਹਾਂ ਲੋਕਾਂ ਨੇ ਹੁਣ ਤੱਕ ਕਿੰਨੇ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਇਆ ਹੈ ਅਤੇ ਕਿੰਨੀ ਰਕਮ ਦੀ ਠੱਗੀ ਮਾਰੀ ਹੈ। ਇਸ ਦੇ ਨਾਲ ਹੀ ਇਨ੍ਹਾਂ ਦੇ ਬੈਂਕ ਖਾਤਿਆਂ ਅਤੇ ਵਿਦੇਸ਼ੀ ਕਨੈਕਸ਼ਨਾਂ ਦੀ ਵੀ ਪੜਤਾਲ ਕੀਤੀ ਜਾ ਰਹੀ ਹੈ।




# ਸਿਹਤ ਮੰਤਰੀ ਨੇ ਛੋਟੀ ਮਸਜਿਦ ਨੇੜੇ 20 ਲੱਖ ਦੀ ਲਾਗਤ ਨਾਲ ਕਰਵਾਈ ਪ੍ਰੋਜੈਕਟ ਦੀ ਸ਼ੁਰੂਆਤ





**ਆਜ਼ਾਦ ਸੋਚ**
**ਹਰਵਿੰਦਰ ਲਾਲੀ/ਪਟਿਆਲਾ, 4 ਜੂਨ**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਇਸੇ ਲੜੀ ਤਹਿਤ ਅੱਜ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ .ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਦੇ ਵੱਖ-ਵੱਖ ਇਲਾਕਿਆਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਹਨਾਂ ਦੇ ਨਾਲ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ ਅਤੇ ਡਿਪਟੀ ਮੇਅਰ ਹਰਿੰਦਰ ਕੋਹਲੀ ਵੀ ਮੌਜੂਦ ਸਨ।

ਸਿਹਤ ਮੰਤਰੀ ਨੇ ਐਸ.ਐਸ.ਟੀ. ਨਗਰ ਛੋਟੀ ਮਸਜਿਦ ਨੇੜੇ 20 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਇੱਕ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਕਰਵਾਈ। ਓਹਨਾ ਕਿਹਾ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕਾ ਵਾਸੀਆਂ ਨੂੰ ਸਾਫ਼ ਅਤੇ ਸ਼ੁੱਧ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ, ਜਿਸ ਨਾਲ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੁਸ਼ਕਲਾਂ ਦਾ ਹੱਲ ਹੋਵੇਗਾ।

ਇਸ ਤੋਂ ਇਲਾਵਾ ਡਾ ਬਲਬੀਰ ਸਿੰਘ ਨੇ ਬਾਜਵਾ ਕਲੋਨੀ ਵਿਖੇ 36 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕ ਟਾਇਲਾਂ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਵੀ ਕਰਵਾਈ। ਓਹਨਾ ਕਿਹਾ ਕਿ ਇਸ ਵਿਕਾਸ ਕਾਰਜ ਨਾਲ ਇਲਾਕੇ ਦੀਆਂ ਗਲੀਆਂ ਅਤੇ ਸੜਕਾਂ ਦੀ ਹਾਲਤ ਵਿੱਚ ਸੁਧਾਰ ਆਵੇਗਾ ਅਤੇ ਲੋਕਾਂ ਨੂੰ ਆਵਾਜਾਈ ਲਈ ਸੁਵਿਧਾਜਨਕ ਅਤੇ ਸਾਫ਼-ਸੁਥਰਾ ਵਾਤਾਵਰਣ ਮਿਲੇਗਾ। ਸਥਾਨਕ ਨਿਵਾਸੀਆਂ ਨੇ ਇਸ ਪ੍ਰੋਜੈਕਟ ਲਈ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੰਮ ਇਲਾਕੇ ਦੀ ਦਿੱਖ ਅਤੇ ਸਹੂਲਤਾਂ ਵਿੱਚ ਵੱਡਾ ਬਦਲਾਅ ਲਿਆਏਗਾ।

ਸਿਹਤ ਮੰਤਰੀ ਨੇ ਵਾਰਡ ਨੰਬਰ 11 ਦੇ ਲੇਬਰ ਚੌਂਕ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਵੀ ਕਰਵਾਈ। ਓਹਨਾ ਕਿਹਾ ਕਿ ਇਹ ਸੜਕ ਬਣਨ ਨਾਲ ਇਲਾਕੇ ਵਿੱਚ ਆਵਾਜਾਈ ਨੂੰ ਹੋਰ ਸੁਗਮ ਬਣਾਇਆ ਜਾਵੇਗਾ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਹਜ਼ਾਰਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਸੜਕ ਨਿਰਮਾਣ ਨਾਲ ਇਲਾਕੇ ਦੀ ਬੁਨਿਆਦੀ ਢਾਂਚਾਗਤ ਸਥਿਤੀ ਹੋਰ ਮਜ਼ਬੂਤ ਹੋਵੇਗੀ ਅਤੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।

**• ਬਾਜਵਾ ਕਲੋਨੀ 'ਚ 36 ਲੱਖ ਤੇ ਲੇਬਰ ਚੌਂਕ ਵਿੱਚ ਇੱਕ ਕਰੋੜ ਦੇ ਨਿਰਮਾਣ ਕਾਰਜ ਸ਼ੁਰੂ - ਡਾ ਬਲਬੀਰ ਸਿੰਘ • ਸਿਹਤ ਮੰਤਰੀ ਵੱਲੋਂ ਪਟਿਆਲਾ 'ਚ ਪੀਣ ਵਾਲੇ ਪਾਣੀ, ਸੜਕਾਂ, ਸੀਵਰੇਜ ਤੇ ਗਲੀਆਂ ਦੇ ਵਿਕਾਸ ਕਾਰਜ ਲਗਾਤਾਰ ਜਾਰੀ**

ਇਸ ਮੌਕੇ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਵਾਰਡ ਅਤੇ ਹਰ ਮੁਹੱਲੇ ਵਿੱਚ ਵਿਕਾਸ ਦੀ ਰਫ਼ਤਾਰ ਨੂੰ ਤੇਜ਼ ਕਰਨ ਲਈ ਵਚਨਬੱਧ ਹੈ। ਲੋਕਾਂ ਦੀਆਂ ਜ਼ਰੂਰਤਾਂ ਅਤੇ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ, ਤਾਂ ਜੋ ਕਿਸੇ ਖੇਤਰ ਨੂੰ ਵਿਕਾਸ ਤੋਂ ਵਾਂਝਾ ਨਾ ਰਹਿਣਾ ਪਵੇ ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਹਰ ਇਲਾਕੇ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਹੈ। ਇਸੇ ਲਈ ਪੀਣ ਵਾਲੇ ਪਾਣੀ, ਸੜਕਾਂ, ਸੀਵਰੇਜ, ਗਲੀਆਂ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਤ ਕੰਮ ਲਗਾਤਾਰ ਜਾਰੀ ਹਨ।

ਸਥਾਨਕ ਵਸਨੀਕਾਂ ਨੇ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਦੁਆਰਾ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਦਾ ਸਵਾਗਤ ਕਰਦਿਆਂ ਪੰਜਾਬ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕ ਭਲਾਈ ਦੇ ਕੰਮ ਜਾਰੀ ਰਹਿਣਗੇ।

# ਕਿਸਾਨ ਝੋਨੇ ਵਿੱਚ ਬੂਟਿਆ ਦੇ ਮਧਰੇਪਣ ਦੇ ਰੋਗ ਪ੍ਰਤੀ ਪਹਿਲਾਂ ਹੀ ਸੁਚੇਤ ਰਹਿਣ :ਮੁੱਖ ਖੇਤੀਬਾੜੀ ਅਫਸਰ

**ਆਜ਼ਾਦ ਸੋਚ**
**ਸੁਨੀਲ ਵਰਮਾ**
**ਫ਼ਤਹਿਗੜ੍ਹ ਸਾਹਿਬ, 4 ਜੂਨ**

ਬੂਟਿਆਂ ਦਾ ਮਧਰਾ ਰਹਿ ਜਾਣਾ ਝੋਨੇ ਦਾ ਇੱਕ ਨਵਾਂ ਰੋਗ ਹੈ ਜੋ ਕਿ ਪਹਿਲੀ ਵਾਰ ਸੰਨ 2022 ਵਿੱਚ ਵੇਖਿਆ ਗਿਆ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆ ਮੁੱਖ ਖੇਤੀਬਾੜੀ ਅਫਸਰ ਡਾ. ਜਗਦੇਵ ਸਿੰਘ ਨੇ ਦੱਸਿਆ ਕਿ ਇਸ ਰੋਗ ਦਾ ਹਮਲਾ ਅੱਧ ਜੁਲਾਈ ਤੋਂ ਬਾਅਦ ਸ਼ੁਰੂ ਹੋ ਜਾਂਦਾ ਹੈ ਅਤੇ ਝੋਨੇ ਦੀਆਂ ਲਗਭਗ ਸਾਰੀਆਂ ਕਿਸਮਾਂ ਵਿੱਚ ਇਸ ਰੋਗ ਦੀ ਸਮੱਸਿਆ ਵੇਖੀ ਜਾਂਦੀ ਹੈ। ਖੇਤੀਬਾੜੀ ਮਾਹਿਰਾਂ ਵੱਲੋਂ ਇਸ ਰੋਗ ਦੇ ਕਾਰਨ ਦੀ ਪਹਿਚਾਨ ਸਦਰਨ ਰਾਈਸ ਬਲੈਕ ਸਟਰੀਕਡ ਡਵਾਰਫ ਵਾਇਰਸ ਵਜੋਂ ਕੀਤੀ ਗਈ ਜੋ ਕਿ ਇਕ ਵਿਸ਼ਾ ?ਣੂ ਹੈ। ਇਸ ਰੋਗ ਨਾਲ ਪ੍ਰਭਾਵਿਤ ਬੂਟੇ ਮਧਰੇ, ਪੱਤੇ ਨੋਕਦਾਰ ਅਤੇ ਜੜ੍ਹਾਂ ਘੱਟ ਡੂੰਘੀਆਂ ਰਹਿ ਜਾਂਦੀਆਂ ਹਨ। ਇਹ ਰੋਗ ਵੱਧਣ ਨਾਲ ਬੂਟੇ ਮੁਰਝਾ ਕੇ ਸੁੱਕ ਜਾਂਦੇ ਹਨ ਅਤੇ ਫਸਲ ਦਾ ਭਾਰੀ ਨੁਕਸਾਨ ਹੁੰਦਾ ਹੈ। ਇਹ ਵਿਸ਼ਾਣੂੰ ਰੋਗ ਚਿੱਟੀ ਅਤੇ ਭੂਰੀ ਪਿੱਠ ਵਾਲੇ ਟਿੱਡੇ ਕਾਰਨ ਫੈਲਦਾ ਹੈ।

ਓਹਨਾ ਦੱਸਿਆ ਕਿ ਇਸਦੀ ਰੋਕਥਾਮ ਕਰਨ ਲਈ ਜਰੂਰੀ ਹੋ ਜਾਂਦਾ ਹੈ ਕਿ ਪਨੀਰੀ ਦੀ ਬਿਜਾਈ ਤੋਂ ਹੀ ਇਸ ਰੋਗ ਨੂੰ ਫੈਲਾਉਣ ਵਾਲੇ ਚਿੱਟੀ ਅਤੇ ਭੂਰੀ ਪਿੱਠ ਵਾਲੇ ਟਿੱਡਿਆਂ ਦੀ ਸੁਚੱਜੀ ਰੋਕਥਾਮ ਯਕੀਨੀ ਬਣਾਈ ਜਾਵੇ। ਇਸ ਲਈ ਵੱਟਾਂ ਬੰਨਿਆਂ ਅਤੇ ਪਾਣੀ ਵਾਲੀਆਂ ਖਾਲਾਂ ਨੂੰ ਨਦੀਨ ਮੁਕਤ ਰੱਖਿਆ ਜਾਵੇ ਅਤੇ ਝੋਨੇ ਦੀ ਫਸਲ ਦਾ ਸਮੇਂ ਸਮੇਂ ਸਿਰ ਨਿਰੀਖਣ ਕੀਤਾ ਜਾਵੇ ਅਤੇ ਜੇਕਰ ਟਿੱਡੇ ਦਾ ਹਮਲਾ ਨਜਰ ਆਵੇ ਤਾਂ ਹੇਠ ਲਿਖੇ ਅਨੁਸਾਰ ਕੀਟਨਾਸ਼ਕ ਦਵਾਈਆਂ ਦਾ ਛਿੜਕਾਅ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਰੋਗ ਮੁਕਤ ਝੋਨੇ ਦੀ ਫਸਲ ਪੈਦਾ ਕੀਤੀ ਜਾ ਸਕੇ ਅਤੇ ਹੋਣ ਵਾਲੇ ਭਾਰੀ ਵਿੱਤੀ ਨੁਕਸਾਨ ਤੋਂ ਬਚਿਆ ਜਾ ਸਕੇ। ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਜੇਕਰ ਟਿੱਡੇ ਦਾ ਆਮਦ ਨਜਰ ਆਉਂਦੀ ਹੈ ਤਾਂ ਕੋਈ ਵੀ ਕੀਟਨਾਸ਼ਕ ਜਿਵੇਂ ਕਿ 94 ਮਿਲੀਲੀਟਰ ਪੈਕਸਾਲੋਨ 10ਫ਼ੀਸਦੀ ਐਸ.ਸੀ (ਟਰਾਈਫਲੂਮੀਜੋਪਾਈਰਮ) ਜਾਂ 80 ਗ੍ਰਾਮ ਓਸ਼ੀਨ/ਟੋਕਨ/ਡੋਮਿਨੇਂਟ 20ਫ਼ੀਸਦੀ ਐਸ.ਸੀ (ਡਾਈਨੋਟੈਫਰੋਨ) ਜਾਂ 120 ਗ੍ਰਾਮ ਚੈਸ 50ਫ਼ੀਸਦੀ ਡਬਲਯੂ.ਜੀ (ਪਾਈਮੈਟਰੋਜੀਨ) ਜਾਂ 400 ਮਿਲੀਲੀਟਰ ਆਰਕੈਸਟਰਾ 10ਫ਼ੀਸਦੀ ਐਸ.ਸੀ (ਬੈਨਜ਼ਪਾਈਰੀਮੋਕਸਨ) ਜਾਂ 300 ਮਿਲੀਲੀਟਰ ਇਮੇਜਨ 10ਫ਼ੀਸਦੀ ਐਸ.ਸੀ (ਫਲੂਪਾਈਰੀਮੀਨ) ਜਾਂ 80 ਮਿਲੀਲੀਟਰ ਨਿੰਮ ਅਧਾਰਿਤ ਇਕੋਟਿਨ (ਅਜ਼ੈਡੀਰੈਕਟਿਨ 5ਫ਼ੀਸਦੀ) ਜਾਂ 4 ਲੀਟਰ ਪੀ.ਏ.ਯੂ ਨਿੰਮ ਦੇ ਘੋਲ ਪ੍ਰਤੀ ਏਕੜ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕਰੋ ਪ੍ਰਤੀ ਏਕੜ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਬੂਟਿਆਂ ਦੇ ਮੁੱਢਾਂ ਤੇ ਛਿੜਕਾਅ ਕੀਤਾ ਜਾਵੇ।



# ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿੱਖੇ ਹਥਿਆਰਾਂ 'ਤੇ ਪਾਬੰਦੀ ਲਗਾਉਣ ਦੀਆਂ ਖ਼ਬਰਾਂ ਚਿੰਤਾਜਨਕ: ਪੀਰ ਮੁਹੰਮਦ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 4 ਜੂਨ**

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਆਪਣੇ ਪ੍ਰੈਸ ਬਿਆਨ ਵਿੱਚ ਆਖਿਆ ਕਿ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿੱਖੇ ਹਥਿਆਰਾਂ/ਸ਼ਸਤਰਾਂ 'ਤੇ ਪਾਬੰਦੀ ਲਗਾਉਣ ਸਬੰਧੀ ਆ ਰਹੀਆਂ ਖ਼ਬਰਾਂ ਬੇਹੱਦ ਚਿੰਤਾਜਨਕ ਅਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਹਨ। ਸ. ਪੀਰ ਮੁਹੰਮਦ ਨੇ ਕਿਹਾ ਕਿ

ਸਾਡੇ ਗੁਰੂ ਸਾਹਿਬਾਨ ਨੇ ਸਾਨੂੰ ਜੋ ਪਵਿੱਤਰ 'ਕਕਾਰ' ਬਖਸ਼ੇ ਹਨ, ਉਨ੍ਹਾਂ ਦੇ ਵਿੱਚ ਇਹ ਬੇਹੱਦ ਜ਼ਰੂਰੀ ਤੇ ਲਾਜ਼ਮੀ ਹੈ ਕਿ ਅੰਮ੍ਰਿਤਧਾਰੀ ਖ਼ਾਲਸਾ ਹਮੇਸ਼ਾ ਸ਼ਸਤਰਧਾਰੀ ਹੋਵੇ। ਸ਼ਸਤਰ ਖਾਲਸੇ ਦਾ ਗਹਿਣਾ ਹਨ ਅਤੇ ਇਸ ਨੂੰ ਖਾਲਸੇ ਤੋਂ ਵੱਖ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਖਾਲਸਾ ਪੰਥ ਦੇਸ਼ ਅਤੇ ਦੁਨੀਆ ਦੇ ਕਿਸੇ ਵੀ ਕੋਨੇ ਅੰਦਰ ਆਪਣੇ ਧਾਰਮਿਕ ਸ਼ਸਤਰ ਲੈ ਕੇ ਚੱਲ ਸਕਦਾ ਹੈ। ਭਾਰਤ ਦਾ ਸੰਵਿਧਾਨ ਅਤੇ ਦੇਸ਼ ਦਾ ਕਾਨੂੰਨ ਵੀ ਸਿੱਖਾਂ ਨੂੰ ਆਪਣੇ ਧਾਰਮਿਕ ਚਿੰਨ੍ਹ ਕਿਰਪਾਨ/ਸ਼ਸਤਰ ਧਾਰਨ ਕਰਨ ਦੀ ਪੂਰਨ ਇਜਾਜ਼ਤ ਦਿੰਦਾ ਹੈ। ਅਜਿਹੇ ਵਿੱਚ ਤਖਤ ਸ੍ਰੀ ਹਜ਼ੂਰ ਸਾਹਿਬ ਵਰਗੇ ਪਵਿੱਤਰ ਅਤੇ ਇਤਿਹਾਸਕ ਅਸਥਾਨ, ਜੋ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ, ਵਿੱਖੇ ਸ਼ਸਤਰਾਂ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਪਾਬੰਦੀ ਜਾਂ ਸਖ਼ਤੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।

ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਪ੍ਰਸ਼ਾਸਨ ਅਤੇ ਸਬੰਧਤ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸਿੱਖ ਇਤਿਹਾਸ, ਮਰਯਾਦਾ ਅਤੇ ਸੰਵਿਧਾਨਕ ਹੱਕਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਜਿਹੀਆਂ ਚਿੰਤਾਜਨਕ ਖ਼ਬਰਾਂ ਜਾਂ ਫੈਸਲਿਆਂ 'ਤੇ ਤੁਰੰਤ ਰੋਕ ਲਗਾਉਣ ਤਾਂ ਜੋ ਸੰਗਤਾਂ ਅੰਦਰ ਪੈਦਾ ਹੋ ਰਹੀ ਨਿਰਾਸ਼ਾ ਅਤੇ ਰੋਸ ਨੂੰ ਠੱਲ੍ਹ ਪਾਈ ਜਾ ਸਕੇ।



# ਜ਼ੀਰਕਪੁਰ-ਪਟਿਆਲਾ ਰੋਡ 'ਤੇ ਭਿਆਨਕ ਸੜਕ ਹਾਦਸਾ: ਦੂਜੇ ਵਾਹਨ ਨੂੰ ਬਚਾਉਂਦਿਆਂ ਪੇਪਰ ਨਾਲ ਲੱਦਿਆ ਟਰੱਕ ਪਲਟਿਆ, ਜਾਨੀ ਨੁਕਸਾਨ ਤੋਂ ਰਿਹਾ ਬਚਾਅ

**ਆਜ਼ਾਦ ਸੋਚ**
**ਅਵਤਾਰ ਸੈਣੀ**
**ਜ਼ੀਰਕਪੁਰ, 4 ਜੂਨ**

ਇੱਥੋਂ ਦੇ ਜ਼ੀਰਕਪੁਰ ਤੋਂ ਪਟਿਆਲਾ ਮੁੱਖ ਮਾਰਗ ਨੇੜੇ ਛੱਤ ਲਾਈਟ ਪੁਆਇੰਟ 'ਤੇ ਬੀਤੀ ਅੱਧੀ ਰਾਤ ਨੂੰ ਇੱਕ ਵੱਡਾ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ, ਜਿੱਥੇ ਇੱਕ ਤੇਜ਼ ਰਫ਼ਤਾਰ ਵਾਹਨ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਕਾਗਜ਼ਾਂ (ਪੇਪਰ) ਨਾਲ ਲੱਦਿਆ ਇੱਕ ਵੱਡਾ ਕੰਟੇਨਰ ਟਰੱਕ ਬੇਕਾਬੂ ਹੋ ਕੇ ਸੜਕ ਵਿਚਕਾਰ ਪਲਟ ਗਿਆ। ਰਾਹਤ ਦੀ ਗੱਲ ਇਹ ਰਹੀ ਕਿ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਟਰੱਕ ਵਿੱਚ ਸਵਾਰ ਦੋਵੇਂ ਵਿਅਕਤੀ ਪੂਰੀ ਤਰ੍ਹਾਂ ਸੁਰੱਖਿਅਤ ਹਨ।

?ਪ੍ਰਾਪਤ ਜਾਣਕਾਰੀ ਅਨੁਸਾਰ ਇਹ ਹਾਦਸਾ ਰਾਤ ਕਰੀਬ 12:30 ਤੋਂ 12:35 ਵਜੇ ਦੇ ਵਿਚਕਾਰ ਵਾਪਰਿਆ। ਹਾਦਸੇ ਦਾ ਸ਼ਿਕਾਰ ਹੋਏ ਟਰੱਕ ਰਜਿਸਟ ?ਰੇਸ਼ਨ ਨੰਬਰ ਐੱਨ ਐੱਲ 01ਏਡੀ 7708 ਦੇ ਚਾਲਕ ਮੁਹੰਮਦ ਸਲਮਾਨ ਨੇ ਦੱਸਿਆ ਕਿ ਉਹ ਨਵਾਂਸ਼ਹਿਰ ਦੇ ਨਜ਼ਦੀਕ ਪੈਂਦੇ ਇਲਾਕੇ ਸੈਲਾ ਖੁਰਦ ਤੋਂ ਕਾਗਜ਼ ਲੋਡ ਕਰਕੇ ਕੋਲਕਾਤਾ ਵੱਲ ਜਾ ਰਿਹਾ ਸੀ। ਜਦੋਂ ਉਹ ਮੋਹਾਲੀ ਵਾਲੀ ਸਾਈਡ ਤੋਂ ਆ ਰਿਹਾ ਸੀ, ਤਾਂ ਛੱਤ ਲਾਈਟ ਦੇ ਆਉਂਦੇ ਹੀ ਅਚਾਨਕ ਇੱਕ ਦੂਜਾ ਵਾਹਨ ਬਿਨਾਂ ਬ੍ਰੇਕ ਲਗਾਏ ਉਸ ਦੇ ਬਿਲਕੁਲ ਸਾਹਮਣੇ ਆ ਗਿਆ। ਟਰੱਕ ਡਰਾਈਵਰ ਮੁਹੰਮਦ ਸਲਮਾਨ ਨੇ ਦੱਸਿਆ, ਕਿ ÷ਸਾਹਮਣੇ ਆਏ ਵਾਹਨ ਅਤੇ ਆਪਣੀ ਜਾਨ ਬਚਾਉਣ ਲਈ ਮੈਂ ਤੁਰੰਤ ਗੱਡੀ ਨੂੰ ਪੂਰਾ ਸੱਜੇ ਪਾਸੇ ਮੋੜ ਦਿੱਤਾ। ਇਸ ਦੌਰਾਨ ਟਰੱਕ ਨੇ ਸੰਤੁਲਨ ਖੋਹ ਦਿੱਤਾ ਅਤੇ ਝੋਲ ਖਾ ਕੇ ਸੜਕ 'ਤੇ ਹੀ ਪਲਟ ਗਿਆ।÷ ਟਰੱਕ ਵਿੱਚ ਦੋ ਵਿਅਕਤੀ ਸਵਾਰ ਸਨ ਅਤੇ ਦੋਵਾਂ ਨੂੰ ਕੋਈ ਗੰਭੀਰ ਸੱਟ ਨਹੀਂ ਲੱਗੀ। ਟਰੱਕ ਡਰਾਈਵਰ ਨੇ ਪ੍ਰਸ਼ਾਸਨ 'ਤੇ ਵੱਡੇ ਸਵਾਲ ਚੁੱਕਦਿਆਂ ਦੱਸਿਆ ਕਿ ਹਾਦਸੇ ਦੇ ਸਮੇਂ ਹਾਈਵੇਅ 'ਤੇ ਸਟ ?ਰੀਟ ਲਾਈਟਾਂ ਬੰਦ ਸਨ, ਜਿਸ ਕਾਰਨ ਹਨੇਰੇ ਵਿੱਚ ਸਾਹਮਣੇ ਤੋਂ ਆਉਣ ਵਾਲਾ ਵਾਹਨ ਦੇਖਣ ਵਿੱਚ ਕਾਫੀ ਮੁਸ਼ਕਲ ਆਈ। ਲਾਈਟਾਂ ਨਾ ਹੋਣ ਕਾਰਨ ਇਹ ਹਾਦਸਾ ਵਾਪਰਿਆ। ਦੱਸਿਆ ਜਾ ਰਿਹਾ ਹੈ ਕਿ ਸਾਹਮਣੇ ਤੋਂ ਆਉਣ ਵਾਲੀ ਗੱਡੀ ਖਾਲੀ ਸੀ, ਜੋ ਹਾਦਸੇ ਤੋਂ ਬਾਅਦ ਉੱਥੇ ਹੀ ਖੜ੍ਹੀ ਰਹੀ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਪੰਜਾਬ ਪੁਲਿਸ ਦੇ ਮੁਲਾਜ਼ਮ ਤੁਰੰਤ ਮੌਕੇ 'ਤੇ ਪਹੁੰਚ ਗਏ। ਪੁਲਿਸ ਨੇ ਘਟਨਾ ਸਥਾਨ ਦਾ ਜਾਇਜ਼ਾ ਲਿਆ ਅਤੇ ਸੜਕ ਦੇ ਵਿਚਕਾਰ ਪਲਟੇ ਟਰੱਕ ਕਾਰਨ ਪ੍ਰਭਾਵਿਤ ਹੋਈ ਆਵਾਜਾਈ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਕਾਰਵਾਈ ਸ਼ੁਰੂ ਕਰ ਦਿੱਤੀ। ਪੁਲਿਸ ਵੱਲੋਂ ਕਰੇਨ ਦੀ ਮਦਦ ਨਾਲ ਟਰੱਕ ਨੂੰ ਸੜਕ ਤੋਂ ਹਟਾਉਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਹਾਈਵੇਅ 'ਤੇ ਜਾਮ ਦੀ ਸਥਿਤੀ ਪੈਦਾ ਨਾ ਹੋਵੇ ਅਤੇ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।



# ਵਿਧਾਨ ਸਭਾ ਹਲਕਾ ਬਠਿੰਡਾ ਦਿਹਾਤੀ ਵਿਖੇ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਵਿਸ਼ੇਸ਼ ਕੈਂਪ 7 ਜੂਨ ਨੂੰ

ਮੌੜ ਮੰਡੀ, 4 ਜੂਨ (ਪਰਮਜੀਤ ਸਿੰਘ ਪੰਮਾ):ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਸ੍ਰੀ ਰਾਜੇਸ਼ ਧੀਮਾਨ ਦੀ ਰਹਿਨੁਮਾਈ ਹੇਠ ਪ੍ਰੀ-ਸਪੈਸ਼ਲ ਇੰਟੈਂਸਿਵ ਰਿਵਿਜ਼ਨ ਪ੍ਰੀ-ਐਸਆਈਆਰ ਅਧਾਰਿਤ ਵਿਸ਼ੇਸ਼ ਕੈਂਪ 7 ਜੂਨ ਐਤਵਾਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਵਿਧਾਨ ਸਭਾ ਹਲਕਾ 093-ਬਠਿੰਡਾ ਦਿਹਾਤੀ ਵਿਖੇ ਪੋਲਿੰਗ ਬੂਥਾਂ 'ਤੇ ਲਗਾਏ ਜਾਣਗੇ। ਇਹ ਜਾਣਕਾਰੀ ਚੋਣਕਾਰ ਰਜਿਸਟਰੇਸ਼ਨ ਅਫਸਰ 093-ਬਠਿੰਡਾ ਦਿਹਾਤੀ ਸ੍ਰੀ ਪਰਮਦੀਪ ਸਿੰਘ ਪੀਸੀਐਸ ਨੇ ਸਾਂਝੀ ਕੀਤੀ।ਓਹਨਾਂ ਅੱਗੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਵਿਸ਼ੇਸ਼ ਗਹਿਰਾਈ ਸੁਧਾਈ ਤਹਿਤ ਇਸ ਵਿਸ਼ੇਸ਼ ਮੁਹਿੰਮ ਰਾਹੀਂ ਵੋਟਰ ਸੂਚੀਆਂ ਨੂੰ ਸਹੀ ਅਤੇ ਅਪਡੇਟ ਕਰਨ ਲਈ 7 ਜੂਨ ਨੂੰ ਸਾਰੇ ਬੂਥ ਲੈਵਲ ਅਫ਼ਸਰ ਬੀਐਲਓਜ਼ ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ। ਜਿਸ ਦਾ ਮੁੱਖ ਮੰਤਵ ਵੋਟਰ ਸੂਚੀ ਨੂੰ 100 ਫੀਸਦੀ ਤਰੁਟੀ-ਰਹਿਤ, ਸੁੱਧ ਅਤੇ ਅਪਡੇਟ ਕਰਨਾ ਹੈ।

# ਨਾਰਾਇਣਾ ਦੇ ਵਿਦਿਆਰਥੀ ਅਰਨਵ ਜੈਨ ਨੇ ਜੇਈਈ ਐਡਵਾਂਸਡ 2026 ਵਿੱਚ ਆਲ ਇੰਡੀਆ ਰੈਂਕ 84 ਹਾਸਲ ਕਰਕੇ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਆਜ਼ਾਦ ਸੋਚ**
**ਅਮਰਪਾਲ ਨੂਰਪੁਰੀ**
**ਚੰਡੀਗੜ੍ਹ, 4 ਜੂਨ**

ਨਾਰਾਇਣਾ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਨੇ ਇੱਕ ਵਾਰ ਫਿਰ ਆਪਣੀ ਅਕਾਦਮਿਕ ਉਤਕ੍ਰਿਸ਼ਟਤਾ ਦਾ ਪ੍ਰਮਾਣ ਦਿੰਦਿਆਂ ਜੇਈਈ ਐਡਵਾਂਸਡ 2026 ਵਿੱਚ ਸ਼ਾਨਦਾਰ ਨਤੀਜੇ ਪ੍ਰਾਪਤ ਕੀਤੇ ਹਨ ਅਤੇ ਰਾਸ਼ਟਰੀ ਪੱਧਰ 'ਤੇ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਹੈ।

ਨਾਰਾਇਣਾ ਐਜੂਕੇਸ਼ਨਲ ਇੰਸਟੀਚਿਊਸ਼ਨਜ਼, ਮੋਹਾਲੀ ਕੈਂਪਸ ਦੇ ਕਲਾਸਰੂਮ ਵਿਦਿਆਰਥੀ ਅਰਨਵ ਜੈਨ ਨੇ ਜੇਈਈ ਐਡਵਾਂਸਡ 2026 ਦੀ ਓਪਨ ਕੈਟੇਗਰੀ ਵਿੱਚ ਆਲ ਇੰਡੀਆ ਰੈਂਕ (ਏਆਈਆਰ) 84 ਪ੍ਰਾਪਤ ਕਰਕੇ ਟਰਾਈਸਿਟੀ ਖੇਤਰ ਦਾ ਨਾਮ ਰੋਸ਼ਨ ਕੀਤਾ ਹੈ।

ਅਰਨਵ ਦੇ ਪਿਤਾ ਇੱਕ ਨਿੱਜੀ ਸੰਸਥਾ ਵਿੱਚ ਕਾਰਜਰਤ ਹਨ। ਆਈਆਈਟੀ ਦਿੱਲੀ ਤੋਂ ਕੰਪਿਊਟਰ ਸਾਇੰਸ ਇੰਜੀਨੀਅਰਿੰਗ ਕਰਨ ਦਾ ਲਕਸ਼ ਰੱਖਣ ਵਾਲੇ ਅਰਨਵ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਤਾ-ਪਿਤਾ ਦੇ ਅਟੁੱਟ ਸਹਿਯੋਗ, ਅਧਿਆਪਕਾਂ ਦੀ ਸਮਰਪਿਤ ਮਿਹਨਤ ਅਤੇ ਨਾਰਾਇਣਾ ਵੱਲੋਂ ਪ੍ਰਦਾਨ ਕੀਤੇ ਗਏ ਅਕਾਦਮਿਕ ਮਾਰਗਦਰਸ਼ਨ ਨੂੰ ਦਿੱਤਾ।

ਨਾਰਾਇਣਾ ਨੇ ਟਰਾਈਸਿਟੀ ਖੇਤਰ (ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ) ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿੱਥੇ ਸਭ ਤੋਂ ਵਧੀਆ ਰੈਂਕ ਏਆਈਆਰ 84 ਰਹੀ, ਜੋ ਖੇਤਰ ਦੇ ਪ੍ਰਮੁੱਖ ਨਤੀਜਿਆਂ ਵਿੱਚੋਂ ਇੱਕ ਹੈ। ਇਸ ਤੋਂ ਇਲਾਵਾ, ਨਾਰਾਇਣਾ ਟ ?ਰਾਈਸਿਟੀ ਦੇ 12 ਵਿਦਿਆਰਥੀਆਂ ਨੇ ਆਲ ਇੰਡੀਆ ਟਾਪ 1000 ਰੈਂਕਾਂ ਵਿੱਚ ਆਪਣਾ ਸਥਾਨ ਬਣਾਇਆ।ਇਸ ਮੌਕੇ ਨਾਰਾਇਣਾ ਦੇ ਵਾਈਸ ਪ੍ਰੈਜ਼ੀਡੈਂਟ ਰਾਕੇਸ਼ ਯਾਦਵ ਅਤੇ ਡਾਇਰੈਕਟਰ ਆਸ਼ੀਸ਼ ਮਿਸ਼ਰਾ ਨੇ ਸਾਰੇ ਸਫਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ, "ਰਾਸ਼ਟਰੀ ਪੱਧਰ 'ਤੇ ਏਆਈਆਰ 5 ਪ੍ਰਾਪਤ ਕਰਨਾ ਅਤੇ ਟ ?ਰਾਈਸਿਟੀ ਦੇ 12 ਵਿਦਿਆਰਥੀਆਂ ਦਾ ਜੇਈਈ ਐਡਵਾਂਸਡ ਵਰਗੀ ਦੇਸ਼ ਦੀ ਸਭ ਤੋਂ ਮੁਕਾਬਲਾਤਮਕ ਪ੍ਰੀਖਿਆਵਾਂ ਵਿੱਚੋਂ ਇੱਕ ਵਿੱਚ ਟਾਪ 1000 ਰੈਂਕਾਂ ਵਿੱਚ ਸ਼ਾਮਲ ਹੋਣਾ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ। ਇਹ ਸਫਲਤਾ ਸਾਡੇ ਵਿਦਿਆਰਥੀਆਂ ਦੀ ਅਥਕ ਮਿਹਨਤ, ਅਧਿਆਪਕਾਂ ਦੇ ਸਮਰਪਣ ਅਤੇ ਮਾਪਿਆਂ ਦੇ ਭਰੋਸੇ ਅਤੇ ਸਹਿਯੋਗ ਦਾ ਨਤੀਜਾ ਹੈ।




# ਕੱਲਰ ਵਾਲੀਆਂ ਜ਼ਮੀਨਾਂ ਦੇ ਸੁਧਾਰ ਲਈ ਕਿਸਾਨਾਂ ਨੂੰ ਜਿਪਸਮ ਦੀ ਵਰਤੋਂ ਕਰਨ ਦੀ ਅਪੀਲ

**ਆਜ਼ਾਦ ਸੋਚ**
**ਪਰਮਜੀਤ ਸਿੰਘ ਪੰਮਾ**
**ਬਠਿੰਡਾ/ਮੌੜ ਮੰਡੀ , 4 ਜੂਨ**

ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤਪਾਲ ਕੌਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀਆਂ ਖੇਤੀਯੋਗ ਜ਼ਮੀਨਾਂ ਦੀ ਮਿੱਟੀ ਦੀ ਜਾਂਚ ਜ਼ਰੂਰ ਕਰਵਾਉਣ ਅਤੇ ਜੇਕਰ ਮਿੱਟੀ ਵਿੱਚ ਸੋਡੀਅਮ ਬਾਈਕਾਰਬੋਨੇਟ ਜਾਂ ਖਾਰਾਪਣ ਦੀ ਸਮੱਸਿਆ ਪਾਈ ਜਾਂਦੀ ਹੈ ਤਾਂ ਉਸ ਦੇ ਸੁਧਾਰ ਲਈ ਜਿਪਸਮ ਦੀ ਵਰਤੋਂ ਕਰਨ।ਉਨ੍ਹਾਂ ਦੱਸਿਆ ਕਿ ਮਿੱਟੀ ਵਿੱਚ ਸੋਡੀਅਮ ਦੀ ਵੱਧ ਮਾਤਰਾ ਹੋਣ ਕਾਰਨ ਮਿੱਟੀ ਦੀ ਬਣਤਰ ਖਰਾਬ ਹੋ ਜਾਂਦੀ ਹੈ, ਪਾਣੀ ਦੇ ਰਿਸਾਅ ਵਿੱਚ ਰੁਕਾਵਟ ਪੈਂਦੀ ਹੈ ਅਤੇ ਫ਼ਸਲਾਂ ਦੀ ਪੈਦਾਵਾਰ ਉੱਤੇ ਮਾੜਾ ਅਸਰ ਪੈਂਦਾ ਹੈ।ਅਜਿਹੀ ਮਿੱਟੀ ਦੇ ਸੁਧਾਰ ਲਈ ਜਿਪਸਮ ਇੱਕ ਪ੍ਰਭਾਵਸ਼ਾਲੀ ਸਾਧਨ ਹੈ, ਜੋ ਮਿੱਟੀ ਵਿੱਚ ਮੌਜੂਦ ਵਾਧੂ ਸੋਡੀਅਮ ਨੂੰ ਘਟਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਿਹਤਰ ਬਣਾਉਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਜਿਪਸਮ 50 ਫ਼ੀਸਦੀ ਸਬਸਿਡੀ 'ਤੇ ਮੁਹੱਈਆ ਕਰਵਾਇਆ ਜਾ ਰਿਹਾ ਹੈ। ਜਿਪਸਮ ਜ਼ਿਲ੍ਹਾ ਬਠਿੰਡਾ ਦੇ ਸਾਰੇ ਬਲਾਕ ਖੇਤੀਬਾੜੀ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਉਪਲਬਧ ਹੈ। ਯੋਗ ਕਿਸਾਨ ਨਿਰਧਾਰਿਤ ਪ੍ਰਕਿਰਿਆ ਅਨੁਸਾਰ ਅਰਜ਼ੀ ਦੇ ਕੇ ਇਸ ਸਹੂਲਤ ਦਾ ਲਾਭ ਲੈ ਸਕਦੇ ਹਨ।

ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਜਿਪਸਮ ਦੀ ਵਰਤੋਂ ਮਿੱਟੀ ਦੀ ਜਾਂਚ ਰਿਪੋਰਟ ਅਤੇ ਖੇਤੀਬਾੜੀ ਮਾਹਿਰਾਂ ਦੀ ਸਿਫ਼ਾਰਸ਼ ਅਨੁਸਾਰ ਹੀ ਕੀਤੀ ਜਾਵੇ ਤਾਂ ਜੋ ਵੱਧ ਤੋਂ ਵੱਧ ਲਾਭ ਪ੍ਰਾਪਤ ਹੋ ਸਕੇ। ਉਨ੍ਹਾਂ ਕਿਹਾ ਕਿ ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਕੇ ਹੀ ਲੰਬੇ ਸਮੇਂ ਤੱਕ ਖੇਤੀ ਨੂੰ ਲਾਭਕਾਰੀ ਅਤੇ ਟਿਕਾਊ ਬਣਾਇਆ ਜਾ ਸਕਦਾ ਹੈ।ਕਿਸੇ ਵੀ ਹੋਰ ਜਾਣਕਾਰੀ ਲਈ ਕਿਸਾਨ ਆਪਣੇ ਨਜ਼ਦੀਕੀ ਬਲਾਕ ਖੇਤੀਬਾੜੀ ਅਫ਼ਸਰ ਦੇ ਦਫ਼ਤਰ ਜਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦੇ ਹਨ।



# ਅੱਗ ਨਾਲ ਨੁਕਸਾਨੀ ਦੁਕਾਨ ਦਾ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਅਤੇ ਐਸਡੀਐਮ ਨੇ ਲਿਆ ਜਾਇਜ਼ਾ

**• ਪੀੜਤ ਦੁਕਾਨਦਾਰ ਨੂੰ ਮੁਆਵਜ਼ਾ ਦਿਵਾਉਣ ਲਈ ਸਰਕਾਰ ਕੋਲ ਕੀਤੀ ਜਾਵੇਗੀ ਸਿਫ਼ਾਰਸ਼ • ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਸਰਕਾਰ ਵਚਨਬੱਧ : ਧਮੋਲੀ**

ਰਾਜਪੁਰਾ, 4 ਜੂਨ (ਆਜ਼ਾਦ ਸੋਚ ਬਿਊਰੋ):ਪੰਜਾਬ ਟਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਅਤੇ ਐਸਡੀਐਮ ਰਾਜਪੁਰਾ ਸੁਖਜਿੰਦਰ ਸਿੰਘ ਟਿਵਾਣਾ ਨੇ ਪੀਐਮਐਨ ਕਾਲਜ ਰੋਡ ਸਥਿਤ ਉਸ ਦੁਕਾਨ ਦਾ ਦੌਰਾ ਕਰਕੇ ਨੁਕਸਾਨ ਦਾ ਜਾਇਜ਼ਾ ਲਿਆ, ਜੋ ਹਾਲ ਹੀ ਵਿੱਚ ਅੱਗ ਲੱਗਣ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਸੀ। ਇਸ ਮੌਕੇ ਉਨ੍ਹਾਂ ਨੇ ਦੁਕਾਨ ਦੇ ਮਾਲਕ ਪਲਵਿੰਦਰ ਸਿੰਘ ਗੋਲੂ ਨਾਲ ਮੁਲਾਕਾਤ ਕਰਕੇ ਘਟਨਾ ਸਬੰਧੀ ਜਾਣਕਾਰੀ ਹਾਸਲ ਕੀਤੀ।

ਦੁਕਾਨਦਾਰ ਪਲਵਿੰਦਰ ਸਿੰਘ ਨੇ ਦੱਸਿਆ ਕਿ ਘਟਨਾ ਵੇਲੇ ਉਹ ਆਪਣੇ ਘਰ ਵਿੱਚ ਮੌਜੂਦ ਸਨ। ਗੁਆਂਢੀਆਂ ਵੱਲੋਂ ਫੋਨ ਰਾਹੀਂ ਅੱਗ ਲੱਗਣ ਦੀ ਸੂਚਨਾ ਦਿੱਤੀ ਗਈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਤਿੰਨ ਮੰਜ਼ਿਲਾ ਦੁਕਾਨ ਵਿੱਚ ਅੱਗ ਤੇਜ਼ੀ ਨਾਲ ਫੈਲ ਗਈ ਸੀ ਅਤੇ ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਨੇ ਕਾਫੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਉਨ੍ਹਾਂ ਅਨੁਸਾਰ ਇਸ ਘਟਨਾ ਵਿੱਚ ਕਰੀਬ 15 ਤੋਂ 20 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।

ਐਸਡੀਐਮ ਸੁਖਜਿੰਦਰ ਸਿੰਘ ਟਿਵਾਣਾ ਨੇ ਕਿਹਾ ਕਿ ਪੀੜਤ ਦੁਕਾਨਦਾਰ ਨੂੰ ਨਿਯਮਾਂ ਅਨੁਸਾਰ ਬਣਦਾ ਮੁਆਵਜ਼ਾ ਦਿਵਾਉਣ ਲਈ ਸਰਕਾਰ ਕੋਲ ਸਿਫ਼ਾਰਸ਼ ਭੇਜੀ ਜਾਵੇਗੀ। ਇਸ ਮੌਕੇ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਟਰੇਡ ਕਮਿਸ਼ਨ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਆਪ ਆਗੂ ਕੀਰਤ ਸਿੰਘ ਸਿਹਰਾ, ਹਰਦੀਪ ਸਿੰਘ ਟਿੰਕੂ, ਜਗਮੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।



# ਬੁਲੰਦ ਪ੍ਰੈਸ ਕਲੱਬ ਸ੍ਰੀ ਚਮਕੌਰ ਸਾਹਿਬ ਵੱਲੋਂ ਪੱਤਰਕਾਰ ,ਸਮਾਜ ਸੇਵੀ, ਤਰਕਸ਼ੀਲ, ਲੇਖਕ ਤੇ ਵਿਦਿਅਕ ਚਿੰਤਕ ਸਵਰਨ ਸਿੰਘ ਭੰਗੂ ਦੇ ਚਲਾਣੇ 'ਤੇ ਦੁੱਖ ਪ੍ਰਗਟ

**ਆਜ਼ਾਦ ਸੋਚ**
**ਰਜਿੰਦਰ/ਸ੍ਰੀ ਚਮਕੌਰ ਸਾਹਿਬ , 4 ਜੂਨ**

ਬੁਲੰਦ ਪ੍ਰੈਸ ਕਲੱਬ ਰਜਿਸਟਰ ਸ਼੍ਰੀ ਚਮਕੌਰ ਸਾਹਿਬ ਅਤੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਪੱਤਰਕਾਰ, ਸਮਾਜ ਸੇਵੀ, ਤਰਕਸ਼ੀਲ, ਲੇਖਕ ਅਤੇ ਵਿਦਿਅਕ ਚਿੰਤਕ ਸਵਰਨ ਸਿੰਘ ਭੰਗੂ ਦੇ ਬੇਵਕਤ ਵਿਛੋੜੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਸਬੰਧੀ ਪ੍ਰੈਸ ਕਲੱਬ ਦੇ ਪ੍ਰਧਾਨ ਅਮਰਜੀਤ ਸਿੰਘ ਕਲਸੀ ਨੇ ਬਿਆਨ ਜਾਰੀ ਕਰਦਿਆਂ ਪ੍ਰੈਸ ਨੂੰ ਦੱਸਿਆ ਕਿ ਸਮਾਜ ਸੇਵਾ, ਪੱਤਰਕਾਰਤਾ ਅਤੇ ਵਿਦਿਆ ਦੇ ਖੇਤਰ ਵਿੱਚ ਬਹੁਤ ਵੱਡਾ ਯੋਗਦਾਨ ਪਾਉਣ ਵਾਲੇ ਸਵਰਨ ਸਿੰਘ ਭੰਗੂ ਜੋ ਅੱਜ ਤੜਕੇ ਇੱਕ ਹਾਦਸੇ ਦਾ ਸ਼ਿਕਾਰ ਹੋ ਗਏ, ਦੇ ਵਿਛੋੜੇ ਨੂੰ ਸਮਾਜ, ਬੌਧਿਕ ਅਤੇ ਵਿਦਿਅਕ ਹਲਕਿਆਂ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਦਿਆਂ ਅਧਿਆਪਕ ਆਗੂਆਂ ਨੇ ਸ਼੍ਰੀਮਤੀ ਗੁਰਪ੍ਰੀਤ ਕੌਰ ਭੰਗੂ ਅਤੇ ਸਮੁੱਚੇ ਭੰਗੂ ਪਰਿਵਾਰ ਨਾਲ ਦਿਲੀ ਹਮਦਰਦੀ ਦਾ ਇਜ਼ਹਾਰ ਕੀਤਾ ਹੈ। ਸਵਰਗੀ ਭੰਗੂ ਦੀ ਦੇਹ 6 ਜੂਨ ਨੂੰ ਉਹਨਾਂ ਦੀ ਸੰਸਥਾ ਰੂਰਲ ਇੰਸਟੀਚਿਊਟ ਆਫ ਕੈਰੀਅਰ ਕੋਰਸ ਬੱਸੀ ਵਿਖੇ ਸਵੇਰੇ 8 ਤੋਂ 10 ਵਜੇ ਤੱਕ ਅੰਤਿਮ ਦਰਸ਼ਨਾਂ ਲਈ ਰੱਖੀ ਜਾਵੇਗੀ ਤੇ ਇਸ ਉਪਰੰਤ ਉਹਨਾਂ ਦੀ ਮ੍ਰਿਤਕ ਦੇਹ ਪੀਜੀਆਈ ਨੂੰ ਖੋਜ ਕਾਰਜਾਂ ਲਈ ਭੇਜ ਦਿੱਤੀ ਜਾਵੇਗੀ। ਇਸ ਮੌਕੇ ਰਾਜਿੰਦਰ ਕੈਸ਼ੀਅਰ, ਐਡ. ਤੇਜਿੰਦਰ ਸਿੰਘ ਧੀਮਾਨ ਕਾਨੂੰਨੀ ਸਲਾਹਕਾਰ, ਜਤਿੰਦਰ ਕੁਮਾਰ ਸ਼ਰਮਾ ਚੇਅਰਮੈਨ,ਅਰੁਣ ਕੁਮਾਰ ਮੀਡੀਆ ਸਲਾਹਕਾਰ,ਗੁਰਵਿੰਦਰ ਪਾਲ ਸਿੰਘ ਬੇਬੀ, ਵਿਸ਼ਾਲ ,ਰਾਜਵੀਰ ਸਿੰਘ ਚੌਂਤਾ ਪ੍ਰੈਸ ਕਲੱਬ ਦੇ ਮੈਂਬਰ ,ਮੋਹਿੰਦਰ ਕੁਮਾਰ ,ਹਰਿੰਦਰ ਸਿੰਘ ਰਹੀਲ, ਨਰਿੰਦਰ ਸ਼ਰਮਾ ਮੈਂਬਰ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ।



# ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦੇ ਨਵੇ ਕੌਂਸਲਰਾਂ ਨੂੰ ਮੁਬਾਰਕਬਾਦ

**ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਵੱਲੋਂ ਪੱਤਰ ਰਾਹੀਂ ਨਵੇਂ ਕੌਂਸਲਰਾਂ ਨੂੰ ਲੋਕ-ਹਿਤ ਅਤੇ ਸ਼ਹਿਰ ਦੇ ਵਿਕਾਸ ਲਈ ਸਮਰਪਿਤ ਹੋ ਕੇ ਕੰਮ ਕਰਨ ਦਾ ਸੁਨੇਹਾ**

**ਆਜ਼ਾਦ ਸੋਚ**
**ਸੰਜੇ ਬਾਂਸਲ/ਰਜਿੰਦਰ ਫ਼ਤਿਹਪੁਰ**
**ਸਮਾਣਾ, 4 ਜੂਨ**

ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਮਿਊਂਸਿਪਲ ਕੌਂਸਲ, ਸਮਾਣਾ ਦੇ ਨਵੇਂ ਚੁਣੇ ਕੌਂਸਲਰਾਂ ਨੂੰ ਉਹਨਾਂ ਦੀ ਜਿੱਤ 'ਤੇ ਮੁਬਾਰਕਬਾਦ ਦਿੱਤੀ ਗਈ ਹੈ। ਸ. ਬਰਸਟ ਨੇ ਵਿਸ਼ੇਸ਼ ਵਧਾਈ ਪੱਤਰ ਰਾਹੀਂ ਨਵੇਂ ਕੌਂਸਲਰਾਂ ਨੂੰ ਸ਼ੁਭਕਾਮਨਾਵਾਂ ਭੇਜਦਿਆਂ ਕਿਹਾ ਕਿ ਸ਼ਹਿਰ ਨਿਵਾਸੀਆਂ ਨੇ ਬਹੁਤ ਵੱਡੀਆਂ ਆਸਾਂ ਅਤੇ ਉਮੀਦਾਂ ਨਾਲ ਉਹਨਾਂ ਨੂੰ ਜਿੱਤਾਇਆ ਹੈ।ਸ. ਹਰਚੰਦ ਸਿੰਘ ਬਰਸਟ ਨੇ ਆਪਣੇ ਸੰਦੇਸ਼ ਵਿੱਚ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਸਾਰੇ ਨਵੇਂ ਕੌਂਸਲਰ ਇਸ ਅਹੁਦੇ ਦੇ ਮਾਣ-ਸਤਿਕਾਰ ਅਤੇ ਮਰਿਆਦਾ ਨੂੰ ਹਮੇਸ਼ਾ ਕਾਇਮ ਰੱਖਣ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਦੀ ਨੀਂਹ ਵਾਰਡਾਂ ਦੇ ਸੁਧਾਰ ਤੋਂ ਸ਼ੁਰੂ ਹੁੰਦੀ ਹੈ, ਇਸ ਲਈ ਸਾਰੇ ਕੌਂਸਲਰਾਂ ਨੂੰ ਆਪਣੇ-ਆਪਣੇ ਵਾਰਡ ਅਤੇ ਸਮੁੱਚੇ ਸ਼ਹਿਰ ਦੇ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ।

ਸ਼ਹਿਰੀ ਵਿਕਾਸ ਦੇ ਮੁੱਖ ਏਜੰਡਿਆਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਸਮਾਣਾ ਸ਼ਹਿਰ ਦੇ ਵਿਕਾਸ ਅਤੇ ਤਰੱਕੀ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਦੀ ਸਖ਼ਤ ਲੋੜ ਹੈ। ਉਨ੍ਹਾਂ ਕੌਂਸਲਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਵਿਕਾਸ ਕਾਰਜਾਂ ਨੂੰ ਗਤੀ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਮਾਣਾ ਸ਼ਹਿਰ ਵਿੱਚ ਸਫਾਈ, ਪੀਣ ਵਾਲਾ ਸਾਫ ਪਾਣੀ, ਸੀਵਰੇਜ, ਸਟਰੀਟ ਲਾਇਟਾਂ, ਪਾਰਕਾਂ ਦੀ ਸੰਭਾਲ, ਬਜੁਰਗਾਂ ਦੇ ਬੈਠਣ ਲਈ ਪ੍ਰਬੰਧ, ਰੇਹੜੀ-ਟੈਂਪੂ ਮਜਦੂਰਾਂ ਲਈ ਸ਼ੈਡਾਂ ਦੀ ਉਸਾਰੀ, ਪਬਲਿਕ ਟਾਇਲਟ ?ਸ, ਦੁਕਾਨਦਾਰਾਂ ਅਤੇ ਵਪਾਰੀ ਵਰਗ ਦੇ ਕਾਰੋਬਾਰ ਕਰਨ ਲਈ ਸਾਫ਼ ਸੁਥਰਾ ਮਾਹੌਲ ਪੈਦਾ ਕਰਨ, ਸਾਰੇ ਸ਼ਹਿਰ ਨਿਵਾਸੀਆਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰੇ ਲਗਵਾਉਣਾ, ਸ਼ਹਿਰ ਦੇ ਵਿਕਾਸ ਅਤੇ ਭਾਈਚਾਰਕ ਸਾਂਝ ਰੱਖਣ ਲਈ ਸਾਰਿਆਂ ਨੂੰ ਨਾਲ ਲੈ ਕੇ ਕੰਮ ਕਰਨ ਦਾ ਸੁਨੇਹਾ ਦਿੱਤਾ।

ਉਨ੍ਹਾਂ ਸਮੁੱਚੇ ਸ਼ਹਿਰ ਦੇ ਵਿਕਾਸ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਰੱਖਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਰਿਆਂ ਨੂੰ ਨਾਲ ਲੈ ਕੇ ਕੰਮ ਕਰਨ ਵਿੱਚ ਹੀ ਅਸਲ ਸਫ਼ਲਤਾ ਹੈ। ਉਨ੍ਹਾਂ ਨਵੇਂ ਚੁਣੇ ਕੌਂਸਲਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਮੈਨੂੰ ਪੂਰਨ ਵਿਸ਼ਵਾਸ ਹੈ ਕਿ ਤੁਸੀਂ ਸਾਰੇ ਹਰ ਤਰ੍ਹਾਂ ਦੀ ਧੜੇਬੰਦੀ, ਪੱਖਪਾਤ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸ਼ਹਿਰ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰੋਗੇ। ਸਾਰਿਆਂ ਦਾ ਮਕਸਦ ਸਮਾਣਾ ਸ਼ਹਿਰ ਨੂੰ ਇੱਕ ਮਾਡਲ ਅਤੇ ਸੁੰਦਰ ਸ਼ਹਿਰ ਵਜੋਂ ਵਿਕਸਤ ਕਰਨਾ ਹੋਣਾ ਚਾਹੀਦਾ ਹੈ, ਜਿਸ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਸ. ਬਰਸਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਹਰ ਤਰ੍ਹਾਂ ਦਾ ਸਾਥ ਅਤੇ ਸਹਿਯੋਗ ਦਿੱਤਾ ਜਾਵੇਗਾ।

